'ਜ਼ਿਕਰ ਪੰਜਾਬ' ਨੂੰ
ਲੋੜ ਹੈ
ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਅਤੇ ਕਸਬਿਆਂ ਤੋਂ ਤਜ਼ਰਬੇਕਾਰ ਪੜ੍ਹੇ-ਲਿਖੇ ਪੱਤਰਕਾਰਾਂ ਦੀ
ਸੰਪਰਕ:-
9815024577
E-mail:
zikarpunjab44@gmail.com

ਸੱਚ ਦੀ ਆਵਾਜ਼ ਹੱਕ ਦੀ ਆਵਾਜ਼

# ਜ਼ਿਕਰ ਪੰਜਾਬ

WEEKLY ZIKAR PUNJAB

ਹਫਤਾਵਾਰੀ ਅਖ਼ਬਾਰ

ਕੁਲ ਪੰਨੇ : 8 ਮੁੱਲ : 3/- ਰੁਪਏ
ਲੁਧਿਆਣਾ : ਸੋਮਵਾਰ, 9 ਫਰਵਰੀ ਤੋਂ ਐਤਵਾਰ, 15 ਫਰਵਰੀ, 2026
ਮੁੱਖ ਸੰਪਾਦਕ : ਅਸ਼ਵਨੀ ਜੇਤਲੀ/ਸਹਿ-ਸੰਪਾਦਕ : ਬਲਵਿੰਦਰ ਕੁਮਾਰ
Ludhiana : Monday, 9 February to Sunday, 15 February 2026

ਪੰਜਾਬੀ ਭਾਸ਼ਾ ਵਿੱਚ ਅਖ਼ਬਾਰਾਂ, ਮੈਗਜ਼ੀਨ ਅਤੇ ਕਿਤਾਬਾਂ ਤਿਆਰ ਕਰਵਾਉਣ ਲਈ ਸੰਪਰਕ ਕਰੋ:
89685-44271
E-mail:
vicksam125@gmail.com

E-mail : zikarpunjab44@gmail.com | RNI-PUNPUN/2017/75418 | ਮੋਬਾਈਲ ਨੰ. : 9815024577 | ਸਾਲ : 10 ਅੰਕ : 06 | Website : www.zikarpunjab.com

ਭਾਰਤ ਅਤੇ ਮਲੇਸ਼ੀਆ ਵਿਚਾਲੇ ਇਤਿਹਾਸਕ ਸਮਝੌਤੇ

## ਸੈਮੀ-ਕੰਡਕਟਰ ਅਤੇ ਡਿਜੀਟਲ ਪੇਮੈਂਟ ਖੇਤਰ 'ਚ ਵਧੇਗਾ ਸਹਿਯੋਗ

ਜ਼ਿਕਰ ਪੰਜਾਬ

**ਨਵੀਂ ਦਿੱਲੀ/ਬਿਊਰੋ**

ਭਾਰਤ ਅਤੇ ਮਲੇਸ਼ੀਆ ਨੇ ਸੈਮੀ-ਕੰਡਕਟਰ ਬਣਾਉਣ ਅਤੇ ਡਿਜੀਟਲ ਭੁਗਤਾਨ ਪ੍ਰਣਾਲੀ ਨੂੰ ਸੁਖਾਲਾ ਬਣਾਉਣ ਲਈ ਅਹਿਮ ਸਮਝੌਤਿਆਂ

- **ਪ੍ਰਧਾਨ ਮੰਤਰੀ ਮੋਦੀ ਦੀ ਮਲੇਸ਼ੀਆ ਫੇਰੀ: ਨਵਾਂ ਕੌਂਸਲੇਟ ਜਨਰਲ ਖੋਲ੍ਹਣ ਅਤੇ ਸਥਾਨਕ ਕਰੰਸੀ ਵਿੱਚ ਵਪਾਰ ਦਾ ਐਲਾਨ**




'ਤੇ ਦਸਤਖਤ ਕੀਤੇ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਮਲੇਸ਼ੀਆ ਦੇ ਪ੍ਰਧਾਨ ਮੰਤਰੀ ਦਾਤੋ ਸੇਰੀ ਅਨਵਰ ਇਬਰਾਹਿਮ ਵਿਚਾਲੇ ਹੋਈ ਦੁਵੱਲੀ ਬੈਠਕ ਦੌਰਾਨ ਦੋਵਾਂ ਦੇਸ਼ਾਂ ਨੇ ਅਤਿਵਾਦ ਦੇ ਹਰ ਰੂਪ ਦੀ ਸਖ਼ਤ ਨਿਖੇਧੀ ਕੀਤੀ। ਇਸ ਮੌਕੇ ਮੋਦੀ ਨੇ ਕਿਹਾ ਕਿ ਭਾਰਤ ਮਲੇਸ਼ੀਆ ਨਾਲ ਆਪਣੇ ਸਬੰਧਾਂ ਨੂੰ ਇੱਕ ਨਵੀਂ ਉਚਾਈ 'ਤੇ ਲਿਜਾਣਾ ਚਾਹੁੰਦਾ ਹੈ। ਭਾਰਤ ਨੇ ਮਲੇਸ਼ੀਆ ਵਿੱਚ ਇੱਕ ਨਵਾਂ 'ਕੌਂਸਲੇਟ ਜਨਰਲ' ਖੋਲ੍ਹਣ ਅਤੇ ਕੁਆਲਾਲੰਪੁਰ ਦੀ ਯੂਨੀਵਰਸਿਟੀ • ਬਾਕੀ ਸਫ਼ਾ 2 'ਤੇ

ਪੰਜਾਬ ਸਿੱਖਿਆ ਕ੍ਰਾਂਤੀ: ਰਾਜਵਿਆਪੀ ਮਾਪੇ ਵਰਕਸ਼ਾਪ ਵਿੱਚ 17.5 ਲੱਖ ਤੋਂ ਵੱਧ ਮਾਪਿਆਂ ਦੀ ਸ਼ਿਰਕਤ ਨਾਲ

## ਭਗਵੰਤ ਮਾਨ ਸਰਕਾਰ ਨੇ ਰਾਸ਼ਟਰੀ ਪੱਧਰ 'ਤੇ ਨਵਾਂ ਮਾਪਦੰਡ ਸਥਾਪਤ ਕੀਤਾ

- **ਵਰਕਸ਼ਾਪ ਦੌਰਾਨ ਤਣਾਅ-ਮੁਕਤ ਪ੍ਰੀਖਿਆਵਾਂ ਦੀ ਤਿਆਰੀ ਅਤੇ ਨਸ਼ਿਆਂ ਵਿਰੁੱਧ ਜਾਗਰੂਕਤਾ 'ਤੇ ਕੀਤਾ ਗਿਆ ਧਿਆਨ ਕੇਂਦਰਿਤ**
- **ਹਰਜੋਤ ਸਿੰਘ ਬੈਂਸ ਨੇ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਸਰਕਾਰੀ ਹਾਈ ਸਕੂਲ ਮਾਣਕਪੁਰ ਵਿਖੇ ਵਰਕਸ਼ਾਪ ਦੀ ਕੀਤੀ ਅਗਵਾਈ**

ਜ਼ਿਕਰ ਪੰਜਾਬ

**ਚੰਡੀਗੜ੍ਹ** : ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਭਾਈਚਾਰਕ ਸ਼ਮੂਲੀਅਤ ਨੂੰ ਉਤਸ਼ਾਹਿਤ ਕਰਨ ਦੀ ਮਹੱਤਵਪੂਰਨ ਪਹਿਲ ਤਹਿਤ ਪੰਜਾਬ ਸਕੂਲ ਸਿੱਖਿਆ ਵਿਭਾਗ ਨੇ ਅੱਜ ਦੂਜੀ ਰਾਜਵਿਆਪੀ ਸਕੂਲ-ਪੱਧਰੀ ਪੇਰੈਂਟਸ (ਮਾਪੇ) ਵਰਕਸ਼ਾਪ ਕਰਵਾਈ, ਜਿਸ ਵਿੱਚ 17.50 ਲੱਖ ਤੋਂ ਵੱਧ ਮਾਪੇ ਸ਼ਾਮਲ ਹੋਏ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸ. ਬੈਂਸ ਨੇ ਕਿਹਾ ਕਿ ਸਟੇਟ ਕੌਂਸਲ ਆਫ਼ ਐਜੂਕੇਸ਼ਨਲ ਰਿਸਰਚ ਐਂਡ ਟ੍ਰੇਨਿੰਗ (ਐਸ. ਸੀ. ਈ. ਆਰ. ਟੀ.) ਦੀ ਅਗਵਾਈ ਹੇਠ ਸ਼ੁਰੂ ਕੀਤੀ ਗਈ ਇਸ ਮੈਗਾ ਪਹਿਲਕਦਮੀ ਨੇ ਸੂਬੇ ਦੀ ਸਿੱਖਿਆ ਪ੍ਰਣਾਲੀ ਵਿੱਚ ਮਾਪਿਆਂ ਦੀ ਸ਼ਮੂਲੀਅਤ ਲਈ ਇੱਕ ਨਵਾਂ ਮਾਪਦੰਡ ਸਥਾਪਤ ਕੀਤਾ ਹੈ, ਜੋ ਪੰਜਾਬ ਸਿੱਖਿਆ ਕ੍ਰਾਂਤੀ ਅਧੀਨ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੀ ਸਹਿਯੋਗੀ ਸਿੱਖਿਆ ਪ੍ਰਤੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦੀ ਹੈ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਵਿਦਿਆਰਥੀਆਂ ਦੇ ਵਿਦਿਅਕ ਸਫ਼ਰ ਵਿੱਚ ਮਾਪਿਆਂ ਨੂੰ ਸਰਗਰਮ ਭਾਈਵਾਲ ਬਣਾਉਣਾ ਹੈ। ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਸਰਕਾਰੀ ਹਾਈ ਸਕੂਲ, ਮਾਣਕਪੁਰ (ਨੰਗਲ) ਵਿਖੇ ਇਸ ਵਰਕਸ਼ਾਪ ਵਿੱਚ ਸ਼ਮੂਲੀਅਤ ਕਰਦਿਆਂ ਮਾਪਿਆਂ ਤੇ ਸਕੂਲ ਦਰਮਿਆਨ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨ ਅਤੇ ਵਿਦਿਆਰਥੀਆਂ ਦੇ ਸੰਪੂਰਨ ਵਿਕਾਸ ਨੂੰ ਉਤਸ਼ਾਹਿਤ ਕਰਨ ਦੇ ਇਰਾਦੇ ਨਾਲ ਮਾਪਿਆਂ ਅਤੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ। ਉਨ੍ਹਾਂ ਅੱਗੇ ਦੱਸਿਆ ਕਿ ਇਸ ਵਰਕਸ਼ਾਪ ਦਾ ਉਦੇਸ਼ ਮਾਪਿਆਂ ਨੂੰ ਤਣਾਅ-ਮੁਕਤ ਪ੍ਰੀਖਿਆ ਤਿਆਰੀਆਂ ਸਬੰਧੀ ਰਣਨੀਤੀਆਂ ਨਾਲ ਸਸ਼ਕਤ ਬਣਾਉਣਾ, ਸਕਾਰਾਤਮਕ ਰਵੱਈਏ ਰਾਹੀਂ ਬੱਚਿਆਂ ਦਾ ਵਿਸ਼ਵਾਸ ਵਧਾਉਣਾ ਅਤੇ ਪੰਜਾਬ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ, ਜਿਸ ਵਿੱਚ ਜਲਦ ਪਤਾ ਲਗਾਉਣਾ, ਰੋਕਥਾਮ ਅਤੇ ਸਹਾਇਤਾ 'ਤੇ ਧਿਆਨ ਕੇਂਦਰਿਤ ਕਰਨਾ ਸ਼ਾਮਲ ਹੈ, ਤਹਿਤ ਨਸ਼ਿਆਂ ਦੀ ਰੋਕਥਾਮ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ। ਉਨ੍ਹਾਂ ਅੱਗੇ ਕਿਹਾ ਕਿ



ਕੈਬਨਿਟ ਮੰਤਰੀਆਂ ਡਾ. ਬਲਜੀਤ ਕੌਰ, ਸ੍ਰੀ ਲਾਲਚੰਦ ਕਟਾਰੂਚੱਕ, ਸ. ਤਰੁਨਪ੍ਰੀਤ ਸਿੰਘ ਸੌਂਦ ਅਤੇ ਸ. ਹਰਦੀਪ ਸਿੰਘ ਮੁੰਡੀਆਂ ਅਤੇ 40 ਤੋਂ ਵੱਧ ਵਿਧਾਇਕਾਂ ਨੇ ਆਪਣੇ-ਆਪਣੇ ਹਲਕਿਆਂ ਵਿੱਚ ਇਨ੍ਹਾਂ ਵਰਕਸ਼ਾਪਾਂ 'ਚ ਸ਼ਮੂਲੀਅਤ ਕਰਦਿਆਂ ਸਿੱਖਿਆ ਪ੍ਰਣਾਲੀ ਦੀ ਮਜ਼ਬੂਤੀ ਅਤੇ ਸਮਰਥਨ ਪ੍ਰਤੀ ਭਾਈਚਾਰਕ ਸ਼ਮੂਲੀਅਤ ਨੂੰ ਉਤਸ਼ਾਹਿਤ ਕਰਨ ਲਈ ਸੂਬਾ ਸਰਕਾਰ ਦੀ ਦ੍ਰਿੜ ਵਚਨਬੱਧਤਾ ਦਾ ਪ੍ਰਗਟਾਵਾ ਕੀਤਾ। ਸ.ਬੈਂਸ ਨੇ ਕਿਹਾ ਕਿ ਦਸੰਬਰ 2025 ਵਿੱਚ ਕਰਵਾਈ ਗਈ ਪਹਿਲੀ ਵਰਕਸ਼ਾਪ ਦੀ ਸ਼ਾਨਦਾਰ ਸਫ਼ਲਤਾ ਦੇ ਆਧਾਰ 'ਤੇ ਅੱਜ ਕਰਵਾਈ ਗਈ ਇਸ ਦੂਜੀ ਵਰਕਸ਼ਾਪ ਨੇ ਸਕੂਲਾਂ ਅਤੇ ਵਿਦਿਆਰਥੀਆਂ ਦੇ ਮਾਪਿਆਂ ਦਰਮਿਆਨ ਇੱਕ ਮਜ਼ਬੂਤ ਭਾਈਵਾਲੀ ਨੂੰ ਉਤਸ਼ਾਹਿਤ ਕੀਤਾ, ਜਿਸ ਦੌਰਾਨ ਮਾਪਿਆਂ ਨੂੰ ਆਪਣੇ ਬੱਚੇ ਦੀ ਅਕਾਦਮਿਕ ਪ੍ਰਗਤੀ ਬਾਰੇ ਜਾਣਨ ਦੀ ਇੱਛਾ ਰੱਖਣ ਅਤੇ ਹੋਮ ਲਰਨਿੰਗ ਦੇ ਸਮਰਥਨ ਬਾਰੇ ਜਾਗਰੂਕ ਕੀਤਾ ਗਿਆ। ਸ. ਬੈਂਸ ਨੇ ਦੱਸਿਆ ਕਿ ਵਰਕਸ਼ਾਪ ਦੀ ਸਫ਼ਲਤਾ ਨੂੰ ਯਕੀਨੀ ਬਣਾਉਣ ਲਈ ਸਕੂਲ ਸਿੱਖਿਆ ਵਿਭਾਗ ਨੇ ਇਸ ਸਮਾਗਮ ਦੀ ਨਿਗਰਾਨੀ ਅਤੇ ਸੁਚੱਜੇ ਸੰਚਾਲਨ ਲਈ ਡਾਇਰੈਕਟਰਾਂ ਅਤੇ ਡੀ.ਈ.ਓ. ਸਮੇਤ 3,000 ਤੋਂ ਵੱਧ ਸੀਨੀਅਰ ਅਧਿਕਾਰੀਆਂ ਨੂੰ ਤਾਇਨਾਤ ਕੀਤਾ ਸੀ। ਦੱਸਣਯੋਗ ਹੈ ਕਿ ਇਨ੍ਹਾਂ ਵਰਕਸ਼ਾਪਾਂ ਲਈ ਪਹਿਲਾਂ ਹੀ ਲਗਭਗ 40,000 ਅਧਿਆਪਕਾਂ ਨੂੰ ਇਸ ਵਰਕਸ਼ਾਪ • ਬਾਕੀ ਸਫ਼ਾ 2 'ਤੇ

## ਭਾਰਤ ਵੱਲੋਂ ਰੂਸੀ ਕੱਚੇ ਤੇਲ ਦੀ ਖਰੀਦ ਬੰਦ ਕਰਨ ਬਾਰੇ ਕੋਈ ਸਪੱਸ਼ਟਤਾ ਨਹੀਂ

ਜ਼ਿਕਰ ਪੰਜਾਬ

**ਨਵੀਂ ਦਿੱਲੀ** : ਭਾਰਤ ਨੇ ਸ਼ਨਿੱਚਰਵਾਰ ਨੂੰ ਨਾ ਤਾਂ ਇਸ ਗੱਲ ਦੀ ਪੁਸ਼ਟੀ ਕੀਤੀ ਅਤੇ ਨਾ ਹੀ ਇਨਕਾਰ ਕੀਤਾ ਕਿ ਉਸ ਨੇ ਰੂਸੀ ਕੱਚੇ ਤੇਲ ਦੀ ਖਰੀਦ ਬੰਦ ਕਰਨ ਦਾ ਫੈਸਲਾ ਕੀਤਾ ਹੈ। ਗ਼ੌਰਤਲਬ ਹੈ ਕਿ ਅਮਰੀਕਾ ਨੇ ਭਾਰਤੀ ਵਸਤਾਂ 'ਤੇ ਲਗਾਏ ਗਏ 25 ਫੀਸਦੀ ਦੰਡਕਾਰੀ ਟੈਕਸ ਨੂੰ ਵਾਪਸ ਲੈ ਲਿਆ ਹੈ, ਜੋ ਕਿ ਨਵੀਂ ਦਿੱਲੀ ਦੁਆਰਾ ਰੂਸ ਤੋਂ ਪੈਟਰੋਲੀਅਮ ਉਤਪਾਦਾਂ ਦੀ ਖਰੀਦ ਕਾਰਨ ਲਗਾਇਆ ਗਿਆ ਸੀ।ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ 25 ਫੀਸਦੀ ਵਾਧੂ ਟੈਕਸ ਨੂੰ ਹਟਾਉਣ ਦੇ ਇੱਕ ਕਾਰਜਕਾਰੀ ਆਦੇਸ਼ 'ਤੇ ਦਸਤਖਤ ਕੀਤੇ ਹਨ। ਇਹ ਕਦਮ ਅਮਰੀਕੀ ਰਾਸ਼ਟਰਪਤੀ ਵੱਲੋਂ ਭਾਰਤ ਨਾਲ ਇੱਕ ਵਪਾਰਕ ਸਮਝੌਤੇ ਦੇ ਐਲਾਨ ਤੋਂ ਕੁਝ ਦਿਨ ਬਾਅਦ ਆਇਆ ਹੈ, ਜਿਸ ਵਿੱਚ




ਕਿਹਾ ਗਿਆ ਸੀ ਕਿ ਵਾਸ਼ਿੰਗਟਨ ਭਾਰਤੀ ਵਸਤਾਂ 'ਤੇ ਟੈਕਸ 50 ਫੀਸਦੀ ਤੋਂ ਘਟਾ ਕੇ 18 ਫੀਸਦੀ ਕਰ ਦੇਵੇਗਾ, ਬਦਲੇ ਵਿੱਚ ਭਾਰਤ ਰੂਸੀ ਤੇਲ ਦੀ ਖਰੀਦ ਬੰਦ ਕਰੇਗਾ ਅਤੇ ਵਪਾਰਕ ਰੁਕਾਵਟਾਂ ਨੂੰ • ਬਾਕੀ ਸਫ਼ਾ 2 'ਤੇ

## ਪਿੰਡ ਘੋਗਾ ਤੋਂ 25 ਕਿੱਲੋ ਹੈਰੋਇਨ ਬਰਾਮਦ, ਪਿਸਟਲ ਅਤੇ ਕਾਰਤੂਸ ਵੀ ਜ਼ਬਤ

ਜ਼ਿਕਰ ਪੰਜਾਬ

**ਅੰਮ੍ਰਿਤਸਰ:** ਦਿਹਾਤੀ ਪੁਲਿਸ ਅੰਮ੍ਰਿਤਸਰ ਅਤੇ ਬਾਰਡਰ ਸਿਕਿਓਰਿਟੀ ਫੋਰਸ ਨੇ ਇੱਕ ਸਾਂਝੇ ਓਪਰੇਸ਼ਨ ਦੌਰਾਨ 25 ਕਿੱਲੋ ਹੈਰੋਇਨ ਦੇ ਨਾਲ-ਨਾਲ 2 ਪਿਸਟਲ ਅਤੇ 60 ਕਾਰਤੂਸ ਬਰਾਮਦ ਕੀਤੇ ਹਨ। ਡਾਇਰੈਕਟਰ ਜਨਰਲ ਆਫ ਪੰਜਾਬ ਪੁਲਿਸ ਗੌਰਵ ਯਾਦਵ ਨੇ ਵੀ ਇਸ ਮਾਮਲੇ ਸਬੰਧੀ ਐਕਸ ਰਾਹੀਂ ਪੋਸਟ ਪਾਕੇ ਜਾਣਕਾਰੀ ਸਾਂਝੀ ਕੀਤੀ ਹੈ। ਐਕਸ ਉੱਤੇ ਪੋਸਟ ਕਰਦਿਆਂ ਡੀਜੀਪੀ ਪੰਜਾਬ ਗੌਰਵ ਯਾਦਵ ਨੇ ਲਿਖਿਆ ਕਿ,'ਬਾਰਡਰ ਪਾਰੋਂ ਹੋ ਰਹੀ ਡਰੱਗ ਤਸਕਰੀ ਖਿਲਾਫ ਵੱਡਾ ਐਕਸ਼ਨ ਦਿਹਾਤੀ ਪੁਲਿਸ ਅੰਮ੍ਰਿਤਸਰ ਅਤੇ ਬਾਰਡਰ ਸਿਕਿਓਰਿਟੀ ਫੋਰਸ ਨੇ ਕੀਤਾ ਹੈ। ਡਰੋਨ ਦੀ ਵਰਤੋਂ ਰਾਹੀਂ ਪੰਜਾਬ ਵਿੱਚ ਹਥਿਆਰ ਅਤੇ ਹੈਰੋਇਨ ਦੀ ਤਸਕਰੀ ਕਰਨ ਦੀਆਂ ਨਾਪਾਕ ਕੋਸ਼ਿਸ਼ਾਂ ਹੋ ਰਹੀਆਂ ਹਨ ਪਰ ਪੁਲਿਸ





ਟੀਮਾਂ ਅਤੇ ਬਾਰਡਰ ਸਿਕਿਓਰਿਟੀ ਫੋਰਸ ਦੀ ਚੌਕਸੀ ਨੇ ਇਨ੍ਹਾਂ ਕੋਸ਼ਿਸ਼ਾਂ ਨੂੰ ਬੂਰ ਨਹੀਂ ਪੈਣ ਦਿੱਤਾ। ਸਾਂਝੇ ਓਪਰੇਸ਼ਨ ਦੌਰਾਨ 25 ਕਿੱਲੋ ਹੈਰੋਇਨ ਅਤੇ ਪਿਸਤੌਲਾਂ ਤੋਂ ਇਲਾਵਾ ਕਾਰਤੂਸ ਵੀ ਬਰਾਮਦ ਕੀਤੇ ਗਏ ਹਨ।' ਰਿਕਵਰੀ ਡਰੋਨ ਦੀ ਵਰਤੋਂ ਕਰਕੇ ਇੱਕ ਸੰਗਠਿਤ ਸਰਹੱਦ ਪਾਰ ਤਸਕਰੀ ਮਾਡਿਊਲ ਵੱਲ ਇਸ਼ਾਰਾ ਕਰਦੀ ਹੈ। ਅੱਗੇ ਅਤੇ ਪਿੱਛੇ ਸਬੰਧਾਂ ਦਾ ਪਤਾ ਲਗਾਉਣ ਲਈ ਯਤਨ ਜਾਰੀ ਹਨ। ਇੱਕ ਐਫਆਈਆਰ ਦਰਜ ਕੀਤੀ ਗਈ ਹੈ ਅਤੇ ਹੋਰ ਜਾਂਚ ਜਾਰੀ ਹੈ। ਪੰਜਾਬ ਪੁਲਿਸ ਸਰਹੱਦ ਪਾਰ ਨਾਰਕੋ-ਅੱਤਵਾਦ ਨੈੱਟਵਰਕਾਂ ਨੂੰ ਖਤਮ ਕਰਨ ਅਤੇ ਨਸ਼ਾ ਮੁਕਤ ਪੰਜਾਬ ਨੂੰ ਯਕੀਨੀ ਬਣਾਉਣ ਲਈ ਆਪਣੀ ਵਚਨਬੱਧਤਾ 'ਤੇ ਅਡੋਲ ਹੈ। ਦੂਜੇ ਪਾਸੇ ਗੁਰਦਾਸਪੁਰ ਪੁਲਿਸ ਨੇ ਵੀ ਬੀਤੇ ਦਿਨ ਯਾਨੀ 7 ਫਰਵਰੀ ਨੂੰ ਸੰਗਠਿਤ ਨਸ਼ਾ ਨੈੱਟਵਰਕਾਂ ਦੇ 2 ਕਾਰਕੁੰਨਾਂ ਨੂੰ 11 ਕਿੱਲੋ ਹੈਰੋਇਨ ਅਤੇ 5.75 ਲੱਖ ਰੁਪਏ ਦੀ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕੀਤਾ ਸੀ। ਗ੍ਰਿਫ਼ਤਾਰ ਕੀਤੇ ਗਏ ਤਸਕਰਾਂ ਦੀ ਪਛਾਣ ਉੱਤਰ ਪ੍ਰਦੇਸ਼ ਵਿੱਚ ਮੁਜ਼ੱਫ਼ਰਨਗਰ ਦੇ ਕਾਸਿਮਪੁਰ ਦੇ ਰਹਿਣ ਵਾਲੇ ਮੁਹੰਮਦ ਵਸੀਮ ਅਤੇ ਅੰਮ੍ਰਿਤਸਰ ਦੇ ਵਸਨੀਕ ਹਰਸ਼ਦੀਪ ਸਿੰਘ ਉਰਫ਼ ਹਰਸ਼ ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਹੈਰੋਇਨ ਅਤੇ ਡਰੱਗ ਮਨੀ ਬਰਾਮਦ ਕਰਨ ਤੋਂ ਇਲਾਵਾ ਮੁਲਜ਼ਮਾਂ ਦੀ ਚਿੱਟੇ ਰੰਗ ਦੀ ਹੌਂਡਾ ਸਿਟੀ ਅਤੇ ਹੁੰਡਈ ਵਰਨਾ ਕਾਰ ਵੀ ਜ਼ਬਤ ਕੀਤੀ ਹੈ, ਜਿਸ ਦੀ ਵਰਤੋਂ ਉਹ ਨਸ਼ੀਲੇ ਪਦਾਰਥਾਂ ਦੀ ਤਸਕਰੀ ਲਈ ਕਰਦੇ ਸਨ।

## ਸੂਰਜਕੁੰਡ ਮੇਲਾ ਹਾਦਸਾ : ਮੁੱਖ ਮੁਲਜ਼ਮ ਸਣੇ ਦੋ ਗ੍ਰਿਫ਼ਤਾਰ



ਜ਼ਿਕਰ ਪੰਜਾਬ

**ਫਰੀਦਾਬਾਦ** : ਸੂਰਜਕੁੰਡ ਕੌਮਾਂਤਰੀ ਸ਼ਿਲਪ ਮੇਲੇ ਵਿੱਚ ਹੋਏ ਦਰਦਨਾਕ ਝੂਲਾ ਹਾਦਸੇ ਵਿੱਚ ਫਰੀਦਾਬਾਦ ਪੁਲੀਸ ਨੇ ਵੱਡੀ ਕਾਰਵਾਈ ਕਰਦਿਆਂ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਵਿੱਚ ਹਿਮਾਚਲ ਫਨ ਕੇਅਰ ਦੇ ਮਾਲਕ ਮੁਹੰਮਦ ਸ਼ਾਕਿਰ (ਹਿਮਾਚਲ ਪ੍ਰਦੇਸ਼) ਅਤੇ ਨਿਤੇਸ਼ (ਮੇਰਠ, ਯੂ.ਪੀ.) ਸ਼ਾਮਲ ਹਨ। ਹਾਦਸੇ ਵਿੱਚ ਆਪਣੀ ਜਾਨ ਵਾਰਨ ਵਾਲੇ ਇੰਸਪੈਕਟਰ ਜਗਦੀਸ਼ ਪ੍ਰਸਾਦ ਦੀ ਮ੍ਰਿਤਕ ਦੇਹ ਪੋਸਟਮਾਰਟਮ ਤੋਂ ਬਾਅਦ ਪਰਿਵਾਰ ਨੂੰ ਸੌਂਪ ਦਿੱਤੀ ਗਈ ਹੈ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਇਸ ਘਟਨਾ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਗੰਭੀਰ ਜ਼ਖ਼ਮੀਆਂ ਲਈ 1-1 ਲੱਖ ਰੁਪਏ ਦੀ ਵਿੱਤੀ ਸਹਾਇਤਾ ਦਾ ਐਲਾਨ ਕੀਤਾ ਹੈ। ਹਰਿਆਣਾ ਦੇ ਡੀਜੀਪੀ ਅਜੈ ਸਿੰਘਲ ਨੇ ਸ਼ਹੀਦ ਇੰਸਪੈਕਟਰ ਦੀ ਬਹਾਦਰੀ ਦੀ • ਬਾਕੀ ਸਫ਼ਾ 2 'ਤੇ

## ਸਿੰਧੂ ਸੰਧੀ ਮੁਅੱਤਲ ਹੋਣ ਤੋਂ ਬਾਅਦ ਮੋਦੀ ਸਰਕਾਰ ਵੱਲੋਂ ਚਨਾਬ 'ਤੇ ਮੈਗਾ ਪ੍ਰੋਜੈਕਟ ਨੂੰ ਹਰੀ ਝੰਡੀ

### 5129 ਕਰੋੜ ਰੁਪਏ ਦੇ ਸਾਵਲਕੋਟ ਹਾਈਡਰੋ ਪ੍ਰੋਜੈਕਟ ਲਈ ਟੈਂਡਰ ਜਾਰੀ ਕੀਤਾ

ਜ਼ਿਕਰ ਪੰਜਾਬ

**ਹੈਦਰਾਬਾਦ** : ਪਾਕਿਸਤਾਨ ਨਾਲ ਸਿੰਧੂ ਜਲ ਸੰਧੀ ਨੂੰ ਮੁਅੱਤਲ ਕਰਨ ਤੋਂ ਬਾਅਦ, ਮੋਦੀ ਸਰਕਾਰ ਨੇ ਚਨਾਬ ਨਦੀ 'ਤੇ ਵੱਡੇ ਬੁਨਿਆਦੀ ਢਾਂਚੇ ਅਤੇ ਊਰਜਾ ਪ੍ਰੋਜੈਕਟਾਂ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਿਆ ਹੈ। ਸਰਕਾਰੀ ਮਾਲਕੀ ਵਾਲੀ ਐੱਨ ਐੱਚ ਪੀ ਸੀ ਨੇ ਜੰਮੂ ਅਤੇ ਕਸ਼ਮੀਰ ਦੇ ਰਾਮਬਨ ਜ਼ਿਲ੍ਹੇ ਵਿੱਚ ਸਾਵਲਕੋਟ ਪਣਬਿਜਲੀ ਪ੍ਰੋਜੈਕਟ ਦੇ ਨਿਰਮਾਣ ਲਈ ਇੱਕ ਟੈਂਡਰ ਜਾਰੀ ਕੀਤਾ ਹੈ। ਐੱਨ ਐੱਚ ਪੀ ਸੀ ਨੇ 5,129 ਕਰੋੜ ਦੀ ਲਾਗਤ ਨਾਲ ਚਨਾਬ ਨਦੀ 'ਤੇ ਸਾਵਲਕੋਟ ਹਾਈਡ੍ਰੋ ਪ੍ਰੋਜੈਕਟ ਲਈ ਇੱਕ ਟੈਂਡਰ ਜਾਰੀ ਕੀਤਾ ਹੈ। ਟੈਂਡਰ ਦਸਤਾਵੇਜ਼ ਦੇ ਅਨੁਸਾਰ ਪੂਰਾ ਪ੍ਰੋਜੈਕਟ ਇੱਕ ਪੈਕੇਜ ਵਿੱਚ ਪੂਰਾ ਕੀਤਾ ਜਾਵੇਗਾ, ਜਿਸ ਵਿੱਚ ਇੱਕ ਡਾਇਵਰਜੈਂਟ ਸੁਰੰਗ, ਇੱਕ ਡੀਟੀ, ਅਤੇ ਇੱਕ ਕੋਫਰ ਡੈਮ ਦਾ ਨਿਰਮਾਣ ਸ਼ਾਮਲ ਹੈ। ਮੰਡੀਆ ਨਾਲਾ ਡੀਟੀ ਤੋਂ ਇਲਾਵਾ ਇਸ ਪੈਕੇਜ ਦੇ ਤਹਿਤ ਸਾਰੇ ਸੰਬੰਧਿਤ ਸੜਕ ਨਿਰਮਾਣ, ਸੱਜੇ ਕੰਢੇ ਸਪਾਈਰਲ ਸੁਰੰਗ ਅਤੇ ਪਹੁੰਚ ਸੁਰੰਗ, ਅਤੇ ਡੈਮ ਨਾਲ ਸਬੰਧਿਤ ਸਾਰੇ ਸਹਾਇਕ ਕੰਮ ਵੀ ਪੂਰੇ ਕੀਤੇ



ਜਾਣਗੇ। ਐਨਐਚਪੀਸੀ ਟੈਂਡਰ ਦੇ ਅਨੁਸਾਰ ਇਸ ਪ੍ਰੋਜੈਕਟ ਲਈ ਬੋਲੀ 12 ਮਾਰਚ ਨੂੰ ਸ਼ੁਰੂ ਹੋਵੇਗੀ ਅਤੇ 20 ਮਾਰਚ ਤੱਕ ਜਾਰੀ ਰਹੇਗੀ। ਬੋਲੀ ਦੀ ਵੈਧਤਾ ਦੀ ਮਿਆਦ 180 ਦਿਨ ਹੈ। ਨਿਰਮਾਣ ਕਾਰਜ ਨੂੰ ਪੂਰਾ ਕਰਨ ਲਈ 3,285 ਦਿਨ ਨਿਰਧਾਰਿਤ ਕੀਤੇ ਗਏ ਹਨ। ਸਾਵਲਕੋਟ ਪਣਬਿਜਲੀ ਪ੍ਰੋਜੈਕਟ ਦਾ ਕੁੱਲ 1856 ਮੈਗਾਵਾਟ ਬਿਜਲੀ ਉਤਪਾਦਨ ਦਾ ਟੀਚਾ ਹੈ। ਇਹ ਪ੍ਰੋਜੈਕਟ ਨਾ ਸਿਰਫ਼ ਜੰਮੂ ਅਤੇ ਕਸ਼ਮੀਰ ਦੀਆਂ ਊਰਜਾ ਜ਼ਰੂਰਤਾਂ ਨੂੰ ਪੂਰਾ ਕਰੇਗਾ ਬਲਕਿ ਦੇਸ਼ ਦੇ ਪਾਵਰ ਗਰਿੱਡ ਨੂੰ ਵੀ ਮਜ਼ਬੂਤ ਕਰੇਗਾ। ਸਿੰਧੂ ਜਲ ਸੰਧੀ ਨੂੰ ਲੈ ਕੇ ਪਾਕਿਸਤਾਨ ਨਾਲ ਵਧ ਰਹੇ ਤਣਾਅ ਦੇ ਵਿਚਕਾਰ, ਇਸ ਪ੍ਰੋਜੈਕਟ ਨੂੰ ਭਾਰਤ ਲਈ ਇੱਕ ਰਣਨੀਤਕ ਅਤੇ ਆਰਥਿਕ ਹੁਲਾਰਾ ਵਜੋਂ ਦੇਖਿਆ ਜਾ ਰਿਹਾ ਹੈ। ਇਸ ਤੋਂ ਇਲਾਵਾ, ਚਨਾਬ ਨਦੀ 'ਤੇ ਇਸ ਪ੍ਰੋਜੈਕਟ ਨੂੰ ਭਾਰਤ ਦੇ ਜਲ ਸਰੋਤਾਂ ਦੀ ਬਿਹਤਰ ਵਰਤੋਂ ਵੱਲ ਇੱਕ ਮਹੱਤਵਪੂਰਨ ਕਦਮ ਮੰਨਿਆ ਜਾ ਰਿਹਾ ਹੈ। ਭਾਰਤ ਨੇ ਅਪ੍ਰੈਲ 2025 ਵਿੱਚ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਸਿੰਧੂ ਜਲ ਸੰਧੀ ਨੂੰ ਮੁਅੱਤਲ ਕਰ • ਬਾਕੀ ਸਫ਼ਾ 2 'ਤੇ

## ਰਾਜਪੁਰਾ 'ਚ ਲੱਗੀ ਭਿਆਨਕ ਅੱਗ, ਇਲਾਕੇ 'ਚ ਫੈਲੀ ਦਹਿਸ਼ਤ



ਜ਼ਿਕਰ ਪੰਜਾਬ

**ਰਾਜਪੁਰਾ** : ਪਟਿਆਲਾ-ਰਾਜਪੁਰਾ ਮਾਰਗ 'ਤੇ ਸ਼ਹਿਰ ਦੀ ਐਂਟਰੀ ਤੋਂ ਪਹਿਲਾਂ ਹੀਰੋ ਏਜੰਸੀ ਦੇ ਨੇੜੇ ਸਥਿਤ ਇੱਕ ਗੋਦਾਮ ਵਿੱਚ ਅੱਜ ਭਿਆਨਕ ਅੱਗ ਲੱਗਣ ਦੀ ਖ਼ਬਰ ਸਾਹਮਣੇ ਆਈ ਹੈ। ਅੱਗ ਇੰਨੀ ਭਿਆਨਕ ਹੈ ਕਿ ਇਸ ਦੀਆਂ ਲਪਟਾਂ ਅਤੇ ਕਾਲਾ ਧੂੰਆਂ ਦੂਰ-ਦੂਰ ਤੱਕ ਦੇਖਿਆ ਜਾ ਸਕਦਾ ਹੈ। ਘਟਨਾ ਤੋਂ ਬਾਅਦ ਪੂਰੇ ਇਲਾਕੇ ਵਿੱਚ ਅਫਰਾ-ਤਫਰੀ ਦਾ ਮਾਹੌਲ ਬਣ ਗਿਆ ਹੈ। ਮਿਲੀ ਜਾਣਕਾਰੀ ਅਨੁਸਾਰ, ਅੱਗ ਦੀ ਇਹ ਘਟਨਾ ਜਿਸ ਸਥਾਨ 'ਤੇ ਵਾਪਰੀ ਹੈ, ਉਸ ਦੇ ਨਜ਼ਦੀਕ ਹੀ Torentz ਗੈਸ ਦੀ ਪਾਈਪਲਾਈਨ/ਸਿਸਟਮ ਹੋਣ ਕਾਰਨ ਵੱਡਾ ਖ਼ਤਰਾ ਬਣਿਆ ਹੋਇਆ ਹੈ। ਫਾਇਰ ਬ੍ਰਿਗੇਡ ਦੀਆਂ ਟੀਮਾਂ ਵੱਲੋਂ ਅੱਗ 'ਤੇ ਕਾਬੂ ਪਾਉਣ ਦੀਆਂ ਲਗਾਤਾਰ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਇਸ ਨੂੰ ਫੈਲਣ ਤੋਂ ਰੋਕਿਆ ਜਾ ਸਕੇ। ਅੱਗ ਲੱਗਣ ਦੀ ਸੂਚਨਾ ਮਿਲਦੇ ਹੀ • ਬਾਕੀ ਸਫ਼ਾ 2 'ਤੇ

## ਡਾ. ਗਿੱਲ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ ਪਟਿਆਲਾ ਦੇ ਵਾਈਸ-ਚਾਂਸਲਰ ਨਿਯੁਕਤ

ਜ਼ਿਕਰ ਪੰਜਾਬ

**ਚੰਡੀਗੜ੍ਹ** : ਪੰਜਾਬ ਸਰਕਾਰ ਨੇ ਡਾ. ਪੁਸ਼ਪਿੰਦਰ ਸਿੰਘ ਗਿੱਲ ਨੂੰ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ (ਐਮ. ਬੀ. ਐਸ. ਪੀ. ਐਸ. ਯੂ.), ਪਟਿਆਲਾ ਦਾ ਵਾਈਸ-ਚਾਂਸਲਰ ਨਿਯੁਕਤ ਕੀਤਾ ਹੈ, ਜਿਸਦਾ ਕਾਰਜਕਾਲ ਉਨ੍ਹਾਂ ਦੇ ਅਹੁਦਾ ਸੰਭਾਲਣ ਦੀ ਮਿਤੀ ਤੋਂ ਤਿੰਨ ਸਾਲ ਦਾ ਹੋਵੇਗਾ। ਦੱਸਣਯੋਗ ਹੈ ਕਿ ਡਾ. ਪੁਸ਼ਪਿੰਦਰ ਸਿੰਘ ਗਿੱਲ ਕੋਲ ਅਕਾਦਮਿਕ, ਖੋਜ, ਪ੍ਰਸ਼ਾਸਨ ਅਤੇ ਅੰਤਰਰਾਸ਼ਟਰੀ ਸਲਾਹ-ਮਸ਼ਵਰੇ ਵਿੱਚ 36 ਸਾਲ ਤੋਂ ਵੱਧ ਦਾ ਤਜਰਬਾ ਹੈ। ਸਰਕਾਰੀ ਬੁਲਾਰੇ ਨੇ ਦੱਸਿਆ ਕਿ ਪੰਜਾਬੀ ਯੂਨੀਵਰਸਿਟੀ, ਪਟਿਆਲਾ ਤੋਂ ਸੇਵਾਮੁਕਤ ਪ੍ਰੋਫੈਸਰ ਡਾ. ਗਿੱਲ ਨੇ ਵੱਖ-ਵੱਖ ਖੇਤਰਾਂ ਵਿੱਚ ਸੇਵਾ ਨਿਭਾਈ ਹੈ ਅਤੇ ਉਨ੍ਹਾਂ ਦੀਆਂ ਲੀਡਰਸ਼ਿਪ ਸਮਰੱਥਾਵਾਂ ਪੰਜਾਬ ਦੀ ਪ੍ਰਮੁੱਖ ਖੇਡ ਯੂਨੀਵਰਸਿਟੀ ਨੂੰ ਉੱਤਮਤਾ ਵੱਲ ਲਿਜਾਣ ਲਈ ਵਧੇਰੇ ਕਾਰਗਰ ਸਾਬਤ ਹੋਣਗੀਆਂ। ਦੱਸਣਯੋਗ ਹੈ ਕਿ ਡਾ. ਗਿੱਲ ਪੰਜਾਬੀ ਯੂਨੀਵਰਸਿਟੀ, ਪਟਿਆਲਾ (1993) ਤੋਂ ਡਾਕਟਰੇਟ



ਹਨ। ਪੰਜਾਬੀ ਯੂਨੀਵਰਸਿਟੀ, ਪਟਿਆਲਾ ਵਿਖੇ ਆਪਣੇ ਸ਼ਾਨਦਾਰ ਅਕਾਦਮਿਕ ਕਰੀਅਰ ਦੌਰਾਨ ਡਾ. ਗਿੱਲ ਨੇ ਸਕੂਲ ਆਫ਼ ਮੈਨੇਜਮੈਂਟ ਸਟੱਡੀਜ਼ ਵਿੱਚ ਵਿਸ਼ੇਸ਼ ਤੌਰ 'ਤੇ ਸੇਵਾ ਨਿਭਾਈ। ਆਪਣੇ ਅਕਾਦਮਿਕ ਕਰੀਅਰ ਵਿੱਚ ਨਵਾਂ ਮਾਪਦੰਡ ਸਥਾਪਤ ਕਰਦਿਆਂ ਡਾ. ਗਿੱਲ ਨੇ 1999 ਤੋਂ 2001 ਤੱਕ ਅਫ਼ਰੀਕਾ (ਯੂਗਾਂਡਾ, ਕੀਨੀਆ, ਇਥੋਪੀਆ ਅਤੇ ਨਾਈਜੀਰੀਆ) ਵਿੱਚ ਕੋਕਾ-ਕੋਲਾ ਕੰਪਨੀ ਲਈ ਮੁੱਖ ਕਾਰਜਕਾਰੀ ਅਧਿਕਾਰੀ ਵਜੋਂ ਵਿਲੱਖਣ ਸੇਵਾਵਾਂ ਨਿਭਾਈਆਂ ਅਤੇ ਉਚੇਰੀ ਸਿੱਖਿਆ ਪ੍ਰਸ਼ਾਸਨ ਵਿੱਚ ਕੁਸ਼ਲ ਕਾਰਪੋਰੇਟ ਗਵਰਨੈਂਸ ਤੇ ਰਣਨੀਤਕ ਪ੍ਰਬੰਧਨ ਮੁਹਾਰਤ ਲਿਆਂਦੀ।

## 'ਗੈਂਗਸਟਰਾਂ ਤੇ ਵਾਰ' - ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਲੋੜੀਂਦੇ ਅਪਰਾਧੀਆਂ ਨੂੰ ਕਾਬੂ ਕਰਨ ਲਈ 'ਆਪਰੇਸ਼ਨ ਪ੍ਰਹਾਰ-2' ਕੀਤਾ ਲਾਂਚ

### ਪਿਛਲੇ 20 ਦਿਨਾਂ ਵਿੱਚ ਪੰਜਾਬ ਪੁਲਿਸ ਨੇ 5290 ਵਿਅਕਤੀਆਂ ਨੂੰ ਕੀਤਾ ਗ੍ਰਿਫ਼ਤਾਰ, 2973 ਵਿਰੁੱਧ ਕੀਤੀ ਇਹਤਿਆਤੀ ਕਾਰਵਾਈ

ਜ਼ਿਕਰ ਪੰਜਾਬ

**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਚੱਲ ਰਹੀ 'ਗੈਂਗਸਟਰਾਂ ਤੇ ਵਾਰ' ਮੁਹਿੰਮ ਵਿੱਚ ਹੋਰ ਤੇਜ਼ੀ ਲਿਆਉਂਦਿਆਂ ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਗੌਰਵ ਯਾਦਵ ਨੇ ਅੱਜ ਲੋੜੀਂਦੇ ਅਪਰਾਧੀਆਂ ਨੂੰ ਕਾਬੂ ਕਰਨ ਲਈ 72 ਘੰਟੇ ਵਾਲੇ 'ਆਪ੍ਰੇਸ਼ਨ ਪ੍ਰਹਾਰ-2' ਦੀ ਸ਼ੁਰੂਆਤ ਦਾ ਐਲਾਨ ਕੀਤਾ। ਡੀਜੀਪੀ ਗੌਰਵ ਯਾਦਵ , ਜਿਨ੍ਹਾਂ ਦੇ ਨਾਲ ਵਿਸ਼ੇਸ਼ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ, ਏਡੀਜੀਪੀ ਐਂਟੀ-ਨਾਰਕੋਟਿਕਸ ਟਾਸਕ ਫੋਰਸ (ਏ.ਐਨ.ਟੀ.ਐਫ.) ਨੀਲਾਭ ਕਿਸ਼ੋਰ ਅਤੇ ਇੰਟੈਲੀਜੈਂਸ ਮੁਖੀ ਡਾ. ਸੁਖਚੈਨ ਸਿੰਘ ਗਿੱਲ ਵੀ ਮੌਜੂਦ ਸਨ, 'ਯੁੱਧ ਨਸ਼ਿਆਂ ਵਿਰੁੱਧ' ਅਤੇ 'ਗੈਂਗਸਟਰਾਂ 'ਤੇ ਵਾਰ' ਮੁਹਿੰਮਾਂ ਦੀ ਪ੍ਰਗਤੀ ਦੀ ਸਮੀਖਿਆ ਕਰਨ



ਲਈ ਸਾਰੇ ਸੀਪੀ/ਐਸਐਸਪੀਜ਼ ਅਤੇ ਰੇਂਜ ਆਈਜੀਪੀਜ਼/ਡੀਆਈਜੀਜ਼ ਨਾਲ ਉੱਚ-ਪੱਧਰੀ ਮੀਟਿੰਗ ਤੋਂ ਬਾਅਦ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ। ਇਹ ਕਾਰਵਾਈ 'ਆਪ੍ਰੇਸ਼ਨ ਪ੍ਰਹਾਰ' , ਜਿਸ ਤਹਿਤ ਮਹਿਜ਼ 72 ਘੰਟਿਆਂ ਵਿੱਚ 3256 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 69 ਹਥਿਆਰ ਬਰਾਮਦ ਕੀਤੇ ਗਏ ਸਨ, ਦੀ ਵੱਡੀ ਸਫਲਤਾ ਤੋਂ ਕੁਝ ਦਿਨ ਬਾਅਦ ਅਮਲ ਵਿਚ ਲਿਆਂਦੀ ਗਈ ਹੈ । ਡੀਜੀਪੀ ਨੇ ਕਿਹਾ ਕਿ ' ਆਪ੍ਰੇਸ਼ਨ ਪ੍ਰਹਾਰ-2' ਸੋਮਵਾਰ ਤੋਂ ਬੁੱਧਵਾਰ ਤੱਕ ਚਲਾਇਆ ਜਾਵੇਗਾ ਅਤੇ ਆਪ੍ਰੇਸ਼ਨ ਦੀ ਪ੍ਰਭਾਵੀ ਨਿਗਰਾਨੀ ਲਈ ਪੰਜਾਬ ਪੁਲਿਸ ਹੈੱਡਕੁਆਰਟਰ ਦੇ ਸੀਨੀਅਰ ਅਧਿਕਾਰੀਆਂ ਨੂੰ ਤਾਇਨਾਤ ਕੀਤਾ ਗਿਆ ਹੈ। 'ਗੈਂਗਸਟਰਾਂ ਤੇ ਵਾਰ' ਮੁਹਿੰਮ ਦੇ 20 ਦਿਨਾਂ ਦੇ ਨਤੀਜੇ ਸਾਂਝੇ ਕਰਦਿਆਂ ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਪੁਲਿਸ ਟੀਮਾਂ ਨੇ ਸੂਬੇ ਭਰ ਵਿੱਚ 17,603 ਛਾਪੇਮਾਰੀਆਂ ਕਰ ਕੇ 5,290 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ, ਜਿਨ੍ਹਾਂ ਵਿੱਚ ਗੈਂਗਸਟਰ ਅਤੇ ਉਨ੍ਹਾਂ ਨਾਲ ਜੁੜੇ ਅਪਰਾਧੀ ਸ਼ਾਮਲ • ਬਾਕੀ ਸਫ਼ਾ 2 'ਤੇ

## ਲੁਧਿਆਣਾ ਦੇ 19-ਸਾਲਾਂ ਨੌਜਵਾਨ ਹਰਵਿਰਾਜ ਸਿੰਘ ਦੀ ਭਾਰਤੀ ਸ਼ੂਟਿੰਗ ਟੀਮ ਵਿੱਚ ਹੋਈ ਚੋਣ

### ਦੋ ਅੰਤਰਰਾਸ਼ਟਰੀ ਮੁਕਾਬਲਿਆਂ ਵਿੱਚ ਲੈਣਗੇ ਹਿੱਸਾ

ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲੀ**

ਲੁਧਿਆਣਾ ਦੇ 19 ਸਾਲਾ ਨੌਜਵਾਨ ਹਰਵਿਰਾਜ ਸਿੰਘ ਦੀ ਭਾਰਤੀ ਜੂਨੀਅਰ ਸਕੀਟ ਸ਼ੂਟਿੰਗ ਟੀਮ ਵਿੱਚ ਚੋਣ ਹੋਈ ਅਤੇ ਆਉਣ ਵਾਲੇ ਦਿਨਾਂ ਵਿੱਚ ਹਰਵਿਰਾਜ ਦੋ ਅੰਤਰਰਾਸ਼ਟਰੀ ਮੁਕਾਬਲਿਆਂ ਵਿੱਚ ਹਿੱਸਾ ਲਏਗਾ। ਉਹ ਅਪ੍ਰੈਲ ਵਿੱਚ ਕਾਇਰੋ ਆਈ ਐੱਸ ਐੱਸ ਐੱਫ ਜੂਨੀਅਰ ਵਿਸ਼ਵ ਕੱਪ ਵਿੱਚ ਭਾਰਤ ਦੀ ਨੁਮਾਇੰਦਗੀ ਕਰੇਗਾ ਜਿਸ ਤੋਂ ਬਾਅਦ ਇਸ ਸਾਲ ਜੂਨ ਵਿੱਚ ਜਰਮਨੀ ਵਿੱਚ ਹੋਣ ਵਾਲੀ ਆਈ ਐੱਸ ਐੱਸ ਐੱਫ ਜੂਨੀਅਰ ਵਿਸ਼ਵ ਚੈਂਪੀਅਨਸ਼ਿਪ ਵਿੱਚ ਵੀ ਭਾਗ ਲਿਆ ਜਾਵੇਗਾ। ਹਰਵਿਰਾਜ ਦੀ ਚੋਣ ਰਾਸ਼ਟਰੀ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨਾਂ ਦੀ ਇੱਕ ਲੜੀ ਤੋਂ ਬਾਅਦ ਹੋਈ ਹੈ। ਉਸਨੇ ਦਸੰਬਰ 2025 ਵਿੱਚ ਨਵੀਂ ਦਿੱਲੀ ਵਿਖੇ ਹੋਈ 68ਵੀਂ



ਰਾਸ਼ਟਰੀ ਸ਼ੂਟਿੰਗ ਚੈਂਪੀਅਨਸ਼ਿਪ ਵਿੱਚ ਯੂਥ ਨੈਸ਼ਨਲ ਚੈਂਪੀਅਨ ਦਾ ਖਿਤਾਬ ਜਿੱਤਿਆ। ਆਪਣੀ ਮਜ਼ਬੂਤ ਫਾਰਮ ਨੂੰ ਜਾਰੀ ਰੱਖਦੇ ਹੋਏ, ਉਸਨੇ ਜਨਵਰੀ 2026 ਵਿੱਚ ਭੋਪਾਲ ਵਿੱਚ ਹੋਈ ਚੌਥੀ ਦਿਗਵਿਜੈ ਸ਼ੂਟਿੰਗ ਪ੍ਰਤੀਯੋਗਿਤਾ ਵਿੱਚ ਜੂਨੀਅਰ ਸ਼੍ਰੇਣੀ ਵਿੱਚ ਕਾਂਸੀ ਦਾ ਤਗਮਾ ਜਿੱਤਿਆ। ਉਸਨੇ ਜਨਵਰੀ ਵਿੱਚ ਨਵੀਂ ਦਿੱਲੀ ਵਿੱਚ ਕਰਵਾਏ ਗਏ ਭਾਰਤੀ ਟੀਮ ਟ੍ਰਾਇਲ-2 ਵਿੱਚ ਜੂਨੀਅਰ ਸ਼੍ਰੇਣੀ ਦੇ ਫਾਈਨਲ ਵਿੱਚ • ਬਾਕੀ ਸਫ਼ਾ 2 'ਤੇ

# ਵਿਕਸਿਤ ਭਾਰਤ 2047 ਵੱਲ ਸਮਾਰਟ ਰਸਤਾ- ਹੜਤਾਲ ਨਹੀਂ, ਸਗੋਂ ਲੇਬਰ ਕੋਡ

ਜ਼ਿਕਰ ਪੰਜਾਬ

ਪੀੜ੍ਹੀਆਂ ਤੋਂ, ਭਾਰਤ ਦੇ ਮਜ਼ਦੂਰਾਂ ਨੇ ਇੱਕ ਪੁਰਾਣੀ ਅਤੇ ਟੁਕੜਿਆਂ ਵਿੱਚ ਵੰਡੇ ਹੋਏ ਲੇਬਰ ਸਿਸਟਮ ਦਾ ਬੋਝ ਚੁੱਕਿਆ ਹੈ, ਜੋ ਕਿ ਅਕਸਰ ਉਨ੍ਹਾਂ ਦੀ ਤਨਖਾਹ, ਸੁਰੱਖਿਆ ਅਤੇ ਕੰਮ ਵਾਲੀ ਥਾਂ 'ਤੇ ਮਾਣ ਦੀ ਰਾਖੀ ਕਰਨ ਵਿੱਚ ਅਸਫਲ ਰਿਹਾ ਹੈ। ਅਸੰਗਠਿਤ, ਠੇਕਾ ਅਧਾਰਿਤ ਅਤੇ ਉੱਭਰ ਰਹੇ ਗਿਗ ਸੈਕਟਰਾਂ ਦੇ ਲੱਖਾਂ ਕਾਮੇ ਨੀਤੀਗਤ ਦ੍ਰਿਸ਼ ਵਿੱਚ ਅਦਿੱਖ ਰਹੇ ਹਨ ਅਤੇ ਬੁਨਿਆਦੀ ਸਮਾਜਿਕ ਸੁਰੱਖਿਆ ਤੋਂ ਵਾਂਝੇ ਰਹੇ ਹਨ। ਚਾਰ ਲੇਬਰ ਕੋਡਸ ਇਨ੍ਹਾਂ ਇਤਿਹਾਸਕ ਬੇਇਨਸਾਫ਼ੀਆਂ ਦਾ ਸੁਧਾਰ ਕਰਨ ਲਈ ਲੰਬੇ ਸਮੇਂ ਤੋਂ ਉਡੀਕੇ ਜਾ ਰਹੇ ਯਤਨਾਂ ਦੀ ਪ੍ਰਤੀਨਿਧਤਾ ਕਰਦੇ ਹਨ। ਲਗਭਗ ਤਿੰਨ ਦਰਜਨ ਵੱਖ-ਵੱਖ ਕਾਨੂੰਨਾਂ ਨੂੰ ਇੱਕ ਸੁਮੇਲ, ਸਿੰਗਲ ਢਾਂਚੇ ਵਿੱਚ ਲਿਆ ਕੇ, ਇਹ ਕੋਡਸ ਨਿਆਂਸੰਗਤ ਵੇਤਨ, ਸੁਰੱਖਿਅਤ ਕਾਰਜ ਸਥਾਨਾਂ ਅਤੇ ਉਨ੍ਹਾਂ ਲੋਕਾਂ ਲਈ ਸਮਾਜਿਕ ਸੁਰੱਖਿਆ ਨੂੰ ਯਕੀਨੀ ਬਣਾਉਣ ਦੀ ਕੋਸ਼ਿਸ਼ ਕਰਦੇ ਹਨ, ਜੋ ਲੰਬੇ ਸਮੇਂ ਤੋਂ ਵਾਂਝੇ ਹਨ। ਵਰ੍ਹਿਆਂ ਦੇ ਸਲਾਹ-ਮਸ਼ਵਰੇ ਅਤੇ ਬਹਿਸ ਤੋਂ ਬਾਅਦ, ਇਨ੍ਹਾਂ ਦਾ ਲਾਗੂਕਰਨ, ਕਾਮਿਆਂ ਦੇ ਅਧਿਕਾਰਾਂ ਨੂੰ ਮਜ਼ਬੂਤ ਕਰਨ ਅਤੇ ਵਧੇਰੇ ਸਥਿਰ ਅਤੇ ਮਨੁੱਖੀ ਰੁਜ਼ਗਾਰ ਵਾਤਾਵਰਣ ਬਣਾਉਣ ਵਿੱਚ ਇੱਕ ਨਿਰਣਾਇਕ ਪਲ ਦਾ ਪ੍ਰਤੀਕ ਹੈ। ਇੱਕ ਜ਼ਿੰਮੇਵਾਰ ਟ੍ਰੇਡ ਯੂਨੀਅਨ ਸੰਗਠਨ ਵਜੋਂ, ਭਾਰਤੀ ਟ੍ਰੇਡ ਯੂਨੀਅਨਾਂ ਦਾ ਰਾਸ਼ਟਰੀ ਮੋਰਚਾ (ਐੱਨ ਐੱਫ ਆਈ ਟੀ ਯੂ), ਕਾਮਿਆਂ ਦੀ ਲੰਬੇ ਸਮੇਂ ਤੱਕ ਭਲਾਈ, ਮਾਣ ਅਤੇ ਸਮਾਜਿਕ ਸੁਰੱਖਿਆ ਲਈ ਪ੍ਰਤੀਬੱਧ ਹੈ। ਮੋਰਚਾ ਦ੍ਰਿੜ੍ਹਤਾ ਨਾਲ ਮੰਨਦਾ ਹੈ ਕਿ 12 ਫਰਵਰੀ ਨੂੰ ਲੇਬਰ ਕੋਡਸ ਦੇ ਵਿਰੁੱਧ ਹੜਤਾਲ ਵਿੱਚ ਹਿੱਸਾ ਲੈਣਾ ਨਾ ਤਾਂ ਲਾਜ਼ਮੀ ਹੈ ਅਤੇ ਨਾ ਹੀ ਮੌਜੂਦਾ ਸਮੇਂ ਵਿੱਚ ਲੇਬਰ ਵਰਗ ਦੇ ਸਰਬੋਤਮ ਹਿਤਾਂ ਵਿੱਚ ਹੈ। ਲੇਬਰ ਕੋਡਸ ਕੋਈ ਅਚਾਨਕ ਜਾਂ ਇੱਕਪਾਸੜ ਦਖਲਅੰਦਾਜ਼ੀ ਨਹੀਂ ਹਨ। ਇਹ ਦੋ ਦਹਾਕਿਆਂ ਤੋਂ ਵੱਧ ਸਮੇਂ ਤੱਕ ਚਲੀ ਸੁਧਾਰ ਪ੍ਰਕਿਰਿਆ ਦਾ ਨਤੀਜਾ ਹੈ। 29 ਵੱਖ-ਵੱਖ ਕਿਰਤ ਕਾਨੂੰਨਾਂ ਨੂੰ ਚਾਰ ਵਿਆਪਕ ਕੋਡਸ ਵਿੱਚ ਸ਼ਾਮਲ ਕਰਨ ਦੀ ਜ਼ਰੂਰਤ ਲੰਬੇ ਸਮੇਂ ਤੋਂ ਮਹਿਸੂਸ ਕੀਤੀ ਜਾ ਰਹੀ ਸੀ, ਤਾਂ ਜੋ ਪਾਲਣਾ ਨੂੰ ਸਰਲ ਬਣਾਇਆ ਜਾ ਸਕੇ, ਅਸਪਸ਼ਟਤਾ ਨੂੰ ਘਟਾਇਆ ਜਾ ਸਕੇ ਅਤੇ ਕੰਮ ਅਤੇ ਰੁਜ਼ਗਾਰ ਦੀਆਂ ਬਦਲਦੀਆਂ ਵਾਸਤਵਿਕਤਾਵਾਂ ਦੇ ਅਨੁਸਾਰ ਭਾਰਤ ਦੀ ਕਿਰਤ ਰੂਪ-ਰੇਖਾ ਨੂੰ ਆਧੁਨਿਕ ਬਣਾਇਆ ਜਾ ਸਕੇ। ਲੇਬਰ ਕੋਡਸ ਨੂੰ ਪੂਰੀ ਤਰ੍ਹਾਂ ਨਾਲ ਰੱਦ ਕਰਨਾ ਉਨ੍ਹਾਂ ਬੁਨਿਆਦੀ ਲਾਭਾਂ ਦੀ ਅਣਦੇਖੀ ਕਰਦਾ ਹੈ, ਜੋ ਉਹ ਕਾਮਿਆਂ ਨੂੰ ਪ੍ਰਦਾਨ ਕਰਨ ਦਾ ਯਤਨ ਕਰਦੇ ਹਨ। ਵੇਜ ਕੋਡ ਵਿਸ਼ਵਵਿਆਪੀ ਘੱਟੋ-ਘੱਟ ਵੇਤਨ ਕਵਰੇਜ ਅਤੇ ਸਮੇਂ ਸਿਰ ਵੇਤਨ ਦੇ ਭੁਗਤਾਨ ਨੂੰ ਯਕੀਨੀ ਬਣਾਉਂਦਾ ਹੈ, ਜਿਸ ਨਾਲ ਵੱਖ-ਵੱਖ ਖੇਤਰਾਂ ਵਿੱਚ ਲੰਬੇ ਸਮੇਂ ਤੋਂ ਚੱਲ ਰਹੇ ਵੇਤਨ ਸੁਰੱਖਿਆ ਪਾੜੇ ਨੂੰ ਦੂਰ ਕੀਤਾ ਜਾ ਸਕਦਾ ਹੈ। ਸਮਾਜਿਕ ਸੁਰੱਖਿਆ ਕੋਡ, ਪਹਿਲੀ ਵਾਰ, ਅਸੰਗਠਿਤ, ਠੇਕੇ, ਗਿਗ ਅਤੇ ਪਲੇਟਫਾਰਮ ਵਰਕਰਾਂ ਲਈ ਸਮਾਜਿਕ ਸੁਰੱਖਿਆ ਲਈ ਇੱਕ ਵਿਧਾਨਕ ਢਾਂਚਾ ਤਿਆਰ ਕਰਦਾ ਹੈ। ਇਨ੍ਹਾਂ ਕਾਮਿਆਂ ਦੀ ਗਿਣਤੀ ਲਗਭਗ 40 ਕਰੋੜ ਹੈ ਅਤੇ ਪਹਿਲਾਂ ਇਹ ਰਸਮੀ ਸੁਰੱਖਿਆ ਪ੍ਰਣਾਲੀ ਤੋਂ ਬਾਹਰ ਸਨ। ਇਹ ਪ੍ਰਬੰਧ ਭਾਰਤ ਵਿੱਚ ਕਾਮਿਆਂ ਦੇ ਅਧਿਕਾਰਾਂ ਅਤੇ ਸਮਾਜਿਕ ਸੁਰੱਖਿਆ ਕਵਰੇਜ ਦੇ ਇਤਿਹਾਸਕ ਵਿਸਥਾਰ ਨੂੰ ਪੇਸ਼ ਕਰਦੇ ਹਨ। ਉਦਯੋਗਿਕ ਸਬੰਧ ਕੋਡ ਅਤੇ ਕਿੱਤਾਮੁਖੀ ਸੁਰੱਖਿਆ, ਸਿਹਤ ਅਤੇ ਕੰਮਕਾਜੀ-ਸਥਿਤੀ ਕੋਡ ਦਾ ਉਦੇਸ਼ ਉਦਯੋਗਿਕ ਸਦਭਾਵਨਾ, ਤੇਜ਼ ਵਿਵਾਦ ਨਿਪਟਾਰਾ ਅਤੇ ਸੁਰੱਖਿਅਤ, ਸਿਹਤਮੰਦ ਅਤੇ ਵਧੇਰੇ ਸਨਮਾਨਜਨਕ ਕਾਰਜ ਸਥਾਨਾਂ ਨੂੰ ਉਤਸ਼ਾਹਿਤ ਕਰਨਾ ਹੈ। ਕੁਝ ਪ੍ਰਬੰਧਾਂ ਨੂੰ ਲੈ ਕੇ ਚਿੰਤਾਵਾਂ ਹੋ ਸਕਦੀਆਂ ਹਨ, ਤਜ਼ਰਬੇ ਦੱਸਦੇ ਹਨ ਕਿ ਵਿਆਪਕ ਵਿਰੋਧ ਪ੍ਰਦਰਸ਼ਨ ਅਤੇ ਹੜਤਾਲਾਂ ਨਾਲ ਸ਼ਾਇਦ ਹੀ ਰਚਨਾਤਮਕ ਨਤੀਜੇ ਮਿਲਦੇ ਹਨ। ਗੱਲਬਾਤ, ਨਿਯਮ-ਅਧਾਰਿਤ ਸੁਧਾਰ ਅਤੇ ਮੁੱਦਾ-ਵਿਸ਼ੇਸ਼ 'ਤੇ ਚਰਚਾ ਰਾਹੀਂ ਮਜ਼ਦੂਰਾਂ ਦੇ ਹਿਤ ਬਿਹਤਰ ਢੰਗ ਨਾਲ ਪੂਰੇ ਕੀਤਾ ਜਾ ਸਕਦੇ ਹਨ, ਬਜਾਏ ਇਸ ਦੇ ਕਿ ਆਪਸ ਵਿੱਚ ਟਕਰਾਅ ਹੋਵੇ, ਜਿਸ ਨਾਲ ਤਨਖਾਹ ਦਾ ਨੁਕਸਾਨ, ਉਤਪਾਦਨ ਵਿੱਚ ਰੁਕਾਵਟ ਅਤੇ ਰੁਜ਼ਗਾਰ ਦੀ ਅਸੁਰੱਖਿਆ ਦਾ ਜੋਖਮ ਪੈਦਾ ਹੁੰਦਾ ਹੈ - ਖਾਸ ਕਰਕੇ ਕਰਮਚਾਰੀਆਂ ਦੇ ਸਭ ਤੋਂ ਕਮਜ਼ੋਰ ਵਰਗਾਂ ਲਈ। ਇਹ ਦਾਅਵਾ ਕਰਨਾ ਵੀ ਗਲਤ ਹੈ ਕਿ ਲੇਬਰ ਕੋਡਸ ਬਿਨਾ ਮਸ਼ਵਰੇ ਦੇ ਲਾਗੂ ਕੀਤੇ ਗਏ ਹਨ। ਸੁਧਾਰ ਪ੍ਰਕਿਰਿਆ ਵਿੱਚ ਤਿੰਨ ਪੱਖੀ ਚਰਚਾਵਾਂ ਦੇ ਕਈ ਦੌਰ, ਸੰਸਦੀ ਦੀਆਂ ਸਥਾਈ ਕਮੇਟੀਆਂ ਵਿੱਚ ਵਿਚਾਰ-ਵਟਾਂਦਰੇ ਅਤੇ ਵੱਖ-ਵੱਖ ਹਿਤਧਾਰਕਾਂ ਨਾਲ ਗੱਲਬਾਤ ਸ਼ਾਮਲ ਸਨ। ਇੱਕ ਲੋਕਤੰਤਰੀ ਪ੍ਰਣਾਲੀ ਵਿੱਚ, ਮਤਭੇਦ ਸੁਭਾਵਿਕ ਹਨ, ਪਰ ਉਨ੍ਹਾਂ ਨੂੰ ਗੱਲਬਾਤ ਅਤੇ ਸੰਸਥਾਗਤ ਗੱਲਬਾਤ ਰਾਹੀਂ ਹੱਲ ਕੀਤਾ ਜਾਣਾ ਚਾਹੀਦਾ ਹੈ, ਨਾ ਕਿ ਉਨ੍ਹਾਂ ਰੁਕਾਵਟਾਂ ਨਾਲ ਜੋ ਕਿ ਅੰਤ ਵਿੱਚ ਖੁਦ ਮਜ਼ਦੂਰਾਂ ਨੂੰ ਹੀ ਨੁਕਸਾਨ ਪਹੁੰਚਾਉਂਦੀਆਂ ਹਨ। ਜਦੋਂ ਭਾਰਤੀ ਅਰਥਵਿਵਸਥਾ ਢਾਂਚਾਗਤ ਤਬਦੀਲੀ ਦੇ ਦੌਰ ਵਿੱਚੋਂ ਗੁਜ਼ਰ ਰਹੀ ਹੈ ਅਤੇ ਰਾਸ਼ਟਰ ਇੱਕ ਵਿਕਸਿਤ ਭਾਰਤ ਦੇ ਟੀਚੇ ਦੀ ਦਿਸ਼ਾ ਵੱਲ ਅੱਗੇ ਵਧ ਰਿਹਾ ਹੈ, ਟ੍ਰੇਡ ਯੂਨੀਅਨਾਂ ਨੂੰ ਟੁੱਟਣ ਦੀ ਬਜਾਏ ਜ਼ਿੰਮੇਵਾਰ ਕਾਰਵਾਈ ਦੀ ਚੋਣ ਕਰਨੀ ਚਾਹੀਦੀ ਹੈ। ਸਾਡੀ ਭੂਮਿਕਾ ਸਿਰਫ਼ ਸੁਧਾਰਾਂ ਦਾ ਵਿਰੋਧ ਕਰਨਾ ਨਹੀਂ ਹੈ, ਸਗੋਂ ਉਨ੍ਹਾਂ ਨੂੰ ਇਸ ਢੰਗ ਨਾਲ ਆਕਾਰ ਦੇਣਾ ਹੈ ਕਿ ਕਾਮਿਆਂ ਦੇ ਅਧਿਕਾਰ, ਸਮਾਜਿਕ ਸੁਰੱਖਿਆ ਅਤੇ ਕੰਮ ਵਾਲੀ ਥਾਂ 'ਤੇ ਮਾਣ ਨੂੰ ਪ੍ਰਭਾਵਸ਼ਾਲੀ ਲਾਗੂਕਰਨ ਅਤੇ ਟਿਕਾਊ ਸੁਧਾਰ ਰਾਹੀਂ ਵਿਵਹਾਰਕ ਤੌਰ 'ਤੇ ਮਜ਼ਬੂਤ ਕੀਤਾ ਜਾ ਸਕੇ। ਟ੍ਰੇਡ ਯੂਨੀਅਨਾਂ ਦੀ ਅਸਲ ਜ਼ਿੰਮੇਵਾਰੀ ਸਿਰਫ਼ ਵਿਰੋਧ ਕਰਨਾ ਨਹੀਂ ਹੈ, ਸਗੋਂ ਇਹ ਯਕੀਨੀ ਬਣਾਉਣਾ ਹੈ ਕਿ ਮਜ਼ਦੂਰਾਂ ਨੂੰ ਅਸਲ ਵਿੱਚ ਜ਼ਮੀਨੀ ਪੱਧਰ 'ਤੇ ਲਾਭ ਮਿਲੇ। ਹੁਣ ਧਿਆਨ ਇਸ ਗੱਲ 'ਤੇ ਹੋਣਾ ਚਾਹੀਦਾ ਹੈ ਕਿ ਲੇਬਰ ਕੋਡਸ ਨੂੰ ਨਿਆਂਪੂਰਨ ਢੰਗ ਨਾਲ ਲਾਗੂ ਕੀਤਾ ਜਾਵੇ ਅਤੇ ਇਨ੍ਹਾਂ ਨੂੰ ਹਰ ਮਜ਼ਦੂਰ ਤੱਕ ਪਹੁੰਚਾਇਆ ਜਾਵੇ, ਜਿਸ ਨੂੰ ਸੁਰੱਖਿਆ ਦੀ ਜ਼ਰੂਰਤ ਹੈ। ਹੜਤਾਲ ਦੀ ਬਜਾਏ ਗੱਲਬਾਤ, ਸਹਿਯੋਗ ਅਤੇ ਨਿਰੰਤਰ ਸੁਧਾਰ ਦੀ ਚੋਣ ਕਰਕੇ, ਟ੍ਰੇਡ ਯੂਨੀਅਨਾਂ ਇੱਕ ਅਜਿਹੀ ਪ੍ਰਣਾਲੀ ਬਣਾਉਣ ਵਿੱਚ ਮਦਦ ਕਰ ਸਕਦੀਆਂ ਹਨ ਜੋ ਮਜ਼ਦੂਰਾਂ ਲਈ ਨੌਕਰੀ ਦੀ ਸੁਰੱਖਿਆ, ਸਮਾਜਿਕ ਸੁਰੱਖਿਆ ਅਤੇ ਸਨਮਾਨ ਪ੍ਰਦਾਨ ਕਰਦੀ ਹੋਵੇ, ਅਤੇ ਨਾਲ ਹੀ 2047 ਤੱਕ ਵਿਕਸਿਤ ਭਾਰਤ ਵੱਲ ਦੇਸ਼ ਦੀ ਯਾਤਰਾ ਦਾ ਸਮਰਥਨ ਵੀ ਕਰਦੀ ਹੋਵੇ।





ਡਾ. ਦੀਪਕ ਜੈਸਵਾਲ

**(ਲੇਖਕ ਭਾਰਤੀ ਟ੍ਰੇਡ ਯੂਨੀਅਨਾਂ ਦੇ ਰਾਸ਼ਟਰੀ ਮੋਰਚਾ (ਐੱਨ ਐੱਫ ਆਈ ਟੀ ਯੂ) ਦੇ ਪ੍ਰਧਾਨ ਹਨ)**

# ਕਰਮਚਾਰੀ ਭਵਿੱਖ ਨਿਧੀ ਸੰਗਠਨ ਚੰਡੀਗੜ੍ਹ ਨੇ ਸਮਾਜਿਕ ਸੁਰੱਖਿਆ ਨਿਯਮਾਂ 2020 'ਤੇ ਇੱਕ ਸੈਮੀਨਾਰ ਦਾ ਆਯੋਜਨ ਕੀਤਾ

ਜ਼ਿਕਰ ਪੰਜਾਬ

**ਚੰਡੀਗੜ੍ਹ/ਬਿਊਰੋ**

ਕਰਮਚਾਰੀ ਭਵਿੱਖ ਨਿਧੀ ਸੰਗਠਨ, ਚੰਡੀਗੜ੍ਹ ਨੇ ਅੱਜ ਪੰਜਾਬ ਸਰਕਾਰ ਦੇ ਕਿਰਤ ਵਿਭਾਗ ਦੇ ਸਹਿਯੋਗ ਨਾਲ, ਮੋਹਾਲੀ ਦੇ ਸ਼੍ਰਮ ਭਵਨ ਵਿਖੇ ਪੰਜਾਬ ਰਾਜ ਸਰਕਾਰ ਦੇ ਵੱਖ-ਵੱਖ ਵਿਭਾਗਾਂ ਲਈ ਕਰਮਚਾਰੀ ਨਾਮਾਂਕਣ ਮੁਹਿੰਮ , ਪ੍ਰਧਾਨ ਮੰਤਰੀ ਵਿਕਾਸ ਭਾਰਤ ਰੁਜ਼ਗਾਰ ਯੋਜਨਾ, ਅਤੇ ਸਮਾਜਿਕ ਸੁਰੱਖਿਆ ਨਿਯਮਾਂ 'ਤੇ ਕੋਡ, 2020 'ਤੇ ਇੱਕ ਸੈਮੀਨਾਰ ਦਾ ਆਯੋਜਨ ਕੀਤਾ। ਸੈਮੀਨਾਰ ਵਿੱਚ ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਸ਼ਿਰਕਤ ਕੀਤੀ। ਭਾਰਤ ਸਰਕਾਰ ਦੇ ਕਿਰਤ ਸਕੱਤਰ ਦੁਆਰਾ ਜਾਰੀ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ, ਰਾਜ ਸਰਕਾਰਾਂ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਹੈ ਕਿ ਉਨ੍ਹਾਂ ਦੇ ਵਿਭਾਗਾਂ ਦੁਆਰਾ ਨਿਯੁਕਤ ਠੇਕੇਦਾਰਾਂ ਅਤੇ ਠੇਕੇ 'ਤੇ ਕੰਮ ਕਰਨ ਵਾਲੇ ਕਰਮਚਾਰੀਆਂ ਨੂੰ ਕਰਮਚਾਰੀ ਭਵਿੱਖ ਨਿਧੀ ਸੰਗਠਨ ਦੀ ਕਰਮਚਾਰੀ ਨਾਮਾਂਕਣ ਮੁਹਿੰਮ ਬਾਰੇ ਢੁਕਵੀਂ ਜਾਣਕਾਰੀ ਦਿੱਤੀ ਜਾਵੇ ਤਾਂ ਜੋ ਮੁਹਿੰਮ ਦਾ ਵਿਆਪਕ ਪ੍ਰਸਾਰ ਯਕੀਨੀ ਬਣਾਇਆ ਜਾ ਸਕੇ। ਇਸ ਪਹਿਲਕਦਮੀ ਦਾ ਉਦੇਸ਼ ਯੋਗ ਆਊਟਸੋਰਸਡ ਅਤੇ ਕੰਟਰੈਕਟ ਵਰਕਰਾਂ ਨੂੰ ਸਮਾਜਿਕ ਸੁਰੱਖਿਆ ਦੇ ਦਾਇਰੇ ਵਿੱਚ ਲਿਆਉਣਾ ਹੈ। ਈਪੀਐੱਫਓ ਵੱਲੋਂ, ਸ਼੍ਰੀ ਰਿਤੇਸ਼ ਸੈਣੀ, ਖੇਤਰੀ ਭਵਿੱਖ ਨਿਧੀ ਕਮਿਸ਼ਨਰ-1, ਜ਼ੋਨਲ ਦਫ਼ਤਰ, ਚੰਡੀਗੜ੍ਹ, ਅਤੇ ਸ਼੍ਰੀ ਦੀਪਕ ਪਾਲ, ਖੇਤਰੀ ਭਵਿੱਖ ਨਿਧੀ ਕਮਿਸ਼ਨਰ-2, ਖੇਤਰੀ ਦਫ਼ਤਰ, ਚੰਡੀਗੜ੍ਹ, ਹੋਰ ਅਧਿਕਾਰੀਆਂ ਦੇ ਨਾਲ, ਇਸ ਸਮਾਗਮ ਵਿੱਚ ਮੌਜੂਦ ਸਨ। ਕਿਰਤ ਵਿਭਾਗ, ਪੰਜਾਬ ਸਰਕਾਰ ਵੱਲੋਂ, ਸ਼੍ਰੀ ਬਲਜੀਤ ਸਿੰਘ, ਡਿਪਟੀ ਲੇਬਰ ਕਮਿਸ਼ਨਰ, ਹੋਰ ਵਿਭਾਗੀ ਅਧਿਕਾਰੀਆਂ ਦੇ ਨਾਲ, ਮੌਜੂਦ ਸਨ। ਸੈਮੀਨਾਰ ਵਿੱਚ ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਦੀ ਨੁਮਾਇੰਦਗੀ ਕਰਨ ਵਾਲੇ ਕੁੱਲ 62 ਅਧਿਕਾਰੀਆਂ ਨੇ ਹਿੱਸਾ ਲਿਆ। ਸੈਮੀਨਾਰ ਦੌਰਾਨ, ਸ਼੍ਰੀ ਦੀਪਕ ਪਾਲ, ਖੇਤਰੀ ਭਵਿੱਖ ਨਿਧੀ ਕਮਿਸ਼ਨਰ-2, ਨੇ ਕਰਮਚਾਰੀ ਨਾਮਾਂਕਣ ਮੁਹਿੰਮ (ਈਈਸੀ-2025) ਬਾਰੇ ਵਿਸਤ੍ਰਿਤ ਪੇਸ਼ਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਇਹ ਮੁਹਿੰਮ ਪਹਿਲਾਂ ਤੋਂ ਗੈਰ-ਰਜਿਸਟਰਡ ਯੋਗ ਕਰਮਚਾਰੀਆਂ, ਖਾਸ ਕਰਕੇ ਆਊਟਸੋਰਸਡ ਅਤੇ ਕੰਟਰੈਕਟ ਵਰਕਰਾਂ ਨੂੰ ਸੁਵਿਧਾ-ਅਧਾਰਿਤ ਅਤੇ ਸਵੈ-ਇੱਛਤ ਪਾਲਣਾ ਪਹੁੰਚ ਰਾਹੀਂ ਕਰਮਚਾਰੀ ਭਵਿੱਖ ਨਿਧੀ ਅਧੀਨ ਲਿਆਉਣ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਸੀ। ਮੁਹਿੰਮ ਦੇ ਤਹਿਤ ਲਾਭ, ਜਿਵੇਂ ਕਿ ਮੁਆਵਜ਼ਾ ਛੋਟ ਅਤੇ ਨਾਮਾਂਕਣ ਪ੍ਰਕਿਰਿਆ ਨੂੰ ਸਰਲ ਬਣਾਉਣ ਬਾਰੇ ਵੀ ਦੱਸਿਆ ਗਿਆ। ਭਾਗੀਦਾਰਾਂ ਨੂੰ ਪ੍ਰਧਾਨ ਮੰਤਰੀ ਵਿਕਾਸ ਭਾਰਤ ਰੁਜ਼ਗਾਰ ਯੋਜਨਾ ਦੀਆਂ ਮੁੱਖ ਵਿਸ਼ੇਸ਼ਤਾਵਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ, ਸਮਾਜਿਕ ਸੁਰੱਖਿਆ ਕੋਡ ਨਿਯਮਾਂ, 2020 ਦੇ ਮੁੱਖ ਉਪਬੰਧਾਂ ਦੀ ਵਿਆਖਿਆ ਕੀਤੀ ਗਈ, ਜਿਸ ਵਿੱਚ ਮਾਲਕਾਂ ਦੀਆਂ ਕਾਨੂੰਨੀ ਜ਼ਿੰਮੇਵਾਰੀਆਂ ਅਤੇ ਠੇਕੇਦਾਰਾਂ ਰਾਹੀਂ ਨਿਯੁਕਤ ਯੋਗ ਕਰਮਚਾਰੀਆਂ ਨੂੰ ਸਮਾਜਿਕ ਸੁਰੱਖਿਆ ਲਾਭ ਯਕੀਨੀ ਬਣਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਸੈਮੀਨਾਰ ਇੱਕ ਇੰਟਰਐਕਟਿਵ ਸੈਸ਼ਨ ਨਾਲ ਸਮਾਪਤ ਹੋਇਆ ਜਿਸ ਵਿੱਚ ਭਾਗੀਦਾਰਾਂ ਨੇ ਕੰਟਰੈਕਟ ਵਰਕਰਾਂ ਦੀ ਕਵਰੇਜ, ਪਾਲਣਾ ਦੀਆਂ ਜ਼ਰੂਰਤਾਂ ਅਤੇ ਸਮਾਜਿਕ ਸੁਰੱਖਿਆ ਉਪਬੰਧਾਂ ਦੇ ਪ੍ਰਭਾਵਸ਼ਾਲੀ ਲਾਗੂਕਰਨ ਨਾਲ ਸਬੰਧਤ ਵਿਹਾਰਕ ਅਤੇ ਕੇਸ-ਅਧਾਰਿਤ ਪ੍ਰਸ਼ਨਾਂ 'ਤੇ ਚਰਚਾ ਕੀਤੀ। ਪ੍ਰੋਗਰਾਮ ਧੰਨਵਾਦ ਦੇ ਮਤੇ ਨਾਲ ਸਮਾਪਤ ਹੋਇਆ।




# ਗੰਨਾ ਕਾਸ਼ਤਕਾਰਾਂ ਲਈ ਦੋ ਰੋਜ਼ਾ ਸਿਖ਼ਲਾਈ

## ਕਿਸਾਨਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਵੱਖ-ਵੱਖ ਸਰਕਾਰੀ ਸਕੀਮਾਂ ਬਾਰੇ ਵੀ ਜਾਣੂ ਕਰਵਾਇਆ

ਜ਼ਿਕਰ ਪੰਜਾਬ

**ਜਲੰਧਰ/ਬਲਵਿੰਦਰ ਕੁਮਾਰ**

ਉੱਨਤ ਕ੍ਰਿਸ਼ੀ ਯੋਜਨਾ ਤਹਿਤ ਪਿੰਡ ਮੰਡੀਆਲਾ ਵਿਖੇ ਖ਼ੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੀ ਗੰਨਾ ਸ਼ਾਖਾ ਵਲੋਂ ਦੋ ਰੋਜ਼ਾ ਕਿਸਾਨ ਟ੍ਰੇਨਿੰਗ ਲਗਾਈ ਗਈ। ਕੇਨ ਕਮਿਸ਼ਨਰ ਪੰਜਾਬ ਡਾ. ਅਮਰੀਕ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਤੇ ਪ੍ਰਾਜੈਕਟ ਅਫ਼ਸਰ ਜਲੰਧਰ ਡਾ. ਮਨਧੀਰ ਸਿੰਘ ਦੀ ਅਗਵਾਈ ਹੇਠ ਲਗਾਏ ਗਏ ਇਸ ਸਿਖ਼ਲਾਈ ਕੈਂਪ ਵਿੱਚ ਸਹਾਇਕ ਗੰਨਾ ਵਿਕਾਸ ਅਫ਼ਸਰ ਜਲੰਧਰ ਡਾ. ਗੁਰਚਰਨ ਸਿੰਘ , ਡਾਇਰੈਕਟਰ ਕੀਟ ਵਿਗਿਆਨੀ ਡਾ. ਯੁਵਰਾਜ ਸਿੰਘ, ਫ਼ਸਲ ਵਿਗਿਆਨੀ ਡਾ. ਜਸ਼ਨਜੋਤ ਕੌਰ , ਗੰਨਾ ਖੋਜ ਕੇਂਦਰ ਕਪੂਰਥਲਾ ਤੋਂ ਡਾ. ਅਨੁਰਾਧਾ, ਪ੍ਰਿੰਸੀਪਲ ਸਾਇੰਸਟਿਸਟ ਪੀ.ਏ. ਯੂ. ਲੁਧਿਆਣਾ ਡਾ. ਮਨਿੰਦਰ ਸਿੰਘ ਨੇ ਗੰਨੇ ਦੀਆਂ ਕਾਸ਼ਤਕਾਰੀ ਤਕਨੀਕਾਂ, ਕੀੜੇ-ਮਕੌੜਿਆਂ ਦੀ ਰੋਕਥਾਮ , ਰੋਗ ਪ੍ਰਬੰਧਨ, ਗੰਨੇ ਦੀ ਅੰਤਰ-ਫਸਲੀ ਅਤੇ ਕਿਸਾਨਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਵੱਖ-ਵੱਖ ਸਰਕਾਰੀ ਸਕੀਮਾਂ ਬਾਰੇ ਜਾਣਕਾਰੀ ਦਿੱਤੀ। ਕਿਸਾਨਾਂ ਨੂੰ ਸੰਬੋਧਨ ਕਰਦਿਆਂ ਡਾ. ਗੁਰਚਰਨ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਗੰਨੇ ਦੀ ਪ੍ਰਤੀ ਹੈਕਟੇਅਰ ਪੈਦਾਵਾਰ ਵਧਾ ਕੇ ਆਮਦਨ ਵਧਾਉਣ ਲਈ ਪੰਜਾਬ ਵਿੱਚ ਗੰਨੇ ਦੀ ਫ਼ਸਲ ਵਿਚ ਅੰਤਰ ਫ਼ਸਲਾਂ ਹੇਠ ਰਕਬਾ ਵਧਾਉਣ ਲਈ ਪ੍ਰਦਰਸ਼ਨੀ ਪਲਾਟ ਲਗਾਏ ਜਾ ਰਹੇ ਹਨ ਤਾਂ ਜੋ ਗੰਨਾ ਕਾਸ਼ਤਕਾਰਾਂ ਦੀ ਆਰਥਿਕਤਾ ਮਜ਼ਬੂਤ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਕ੍ਰਿਸ਼ੀ ਉੱਨਤੀ ਯੋਜਨਾ ਮਕਸਦ ਫ਼ਸਲ ਉਤਪਾਦਨ, ਤਕਨਾਲੋਜੀ ਅਤੇ ਬੀਜਾਂ ਲਈ ਸਹਾਇਤਾ ਪ੍ਰਦਾਨ ਕਰਕੇ ਅਨਾਜ ਉਤਪਾਦਨ ਨੂੰ ਵਧਾਉਣਾ, ਮਿੱਟੀ ਦੀ ਸਿਹਤ ਨੂੰ ਬਹਾਲ ਕਰਨਾ, ਕਿਸਾਨਾਂ ਦੀ ਆਮਦਨ ਵਿੱਚ ਸੁਧਾਰ ਕਰਨਾ ਅਤੇ ਪੋਸ਼ਣ ਸੁਰੱਖਿਆ ਨੂੰ ਵਧਾਉਣਾ ਹੈ। ਇਸ ਸਕੀਮ ਤਹਿਤ ਖ਼ੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੀ ਗੰਨਾ ਸ਼ਾਖਾ ਵਲੋਂ ਜਾਗਰੂਕਤਾ ਕੈਂਪ ਅਤੇ ਟ੍ਰੇਨਿੰਗ ਵੀ ਲਗਾਏ ਜਾ ਰਹੇ ਹਨ। ਡਾ. ਰਚਨਾ ਗੋਇਲ ਸਾਇੰਟਿਸਟ ਕੇ. ਵੀ. ਕੇ. ਨੂਰਮਹਿਲ ਨੇ ਕਿਸਾਨਾਂ ਨੂੰ ਮਿੱਟੀ ਪਰਖ ਕਰਨ ਲਈ ਪ੍ਰੇਰਿਤ ਕੀਤਾ ਅਤੇ ਸੰਤੁਲਿਤ ਖਾਦਾਂ ਦੀ ਵਰਤੋਂ ਕਰਨ ਲਈ ਕਿਹਾ। ਪ੍ਰਾਜੈਕਟ ਅਫ਼ਸਰ (ਗੰਨਾਂ) ਜਲੰਧਰ ਪੰਜਾਬ ਡਾ. ਮਨਧੀਰ ਸਿੰਘ ਨੇ ਕਿਹਾ ਕਿ ਪ੍ਰਤੀ ਹੈਕਟੇਅਰ ਗੰਨੇ ਦੀ ਉਤਪਾਦਕਤਾ ਵਧਾਉਣ ਨਾਲ ਗੰਨੇ ਦੀ ਫ਼ਸਲ ਦੀ ਖੇਤੀ ਨੂੰ ਲਾਹੇਵੰਦ ਬਣਾਇਆ ਜਾ ਸਕਦਾ ਹੈ। ਡਾ. ਗੁਰਪ੍ਰੀਤ ਸਿੰਘ ਨੇ ਕਿਸਾਨਾਂ ਨੂੰ ਸੁਚੱਜੀ ਮੰਡੀਕਰਣ ਅਤੇ ਖੇਤੀ ਆਧਾਰਿਤ ਸਹਾਇਕ ਧੰਦੇ ਅਪਨਾਉਣ ਲਈ ਪ੍ਰੇਰਿਤ ਕੀਤਾ। ਖੇਤੀ ਵਿਸਥਾਰ ਅਫ਼ਸਰ ਨਕੋਦਰ ਮਹਿੰਦਰ ਸਿੰਘ ਨੇ ਦੱਸਿਆ ਕਿ ਪਤਝੜ ਰੁੱਤ ਦੀ ਗੰਨੇ ਦੀ ਫ਼ਸਲ ਤੋਂ ਵਧੇਰੇ ਆਮਦਨ ਲੈਣ ਲਈ ਅੰਤਰ ਫ਼ਸਲਾਂ ਲੈਣੀਆਂ ਬਹੁਤ ਜ਼ਰੂਰੀ ਹਨ। ਉਨ੍ਹਾਂ ਕਿਹਾ ਕਿ ਅੰਤਰ ਫ਼ਸਲਾਂ ਜਿਵੇਂ ਕਣਕ, ਸਰ੍ਹੋਂ,ਸਬਜ਼ੀਆਂ ਅਤੇ ਦਾਲਾਂ ਦੀ ਕਾਸ਼ਤ ਕਰਕੇ ਘਰੇਲੂ ਅਤੇ ਬਾਜ਼ਾਰ ਦੀਆਂ ਜ਼ਰੂਰਤਾਂ ਨੂੰ ਪੂਰਿਆ ਕੀਤਾ ਜਾ ਸਕਦਾ ਹੈ। ਸੀ.ਸੀ.ਡੀ.ਓ. ਖੰਡ ਮਿੱਲ ਨਕੋਦਰ ਮਨਦੀਪ ਸਿੰਘ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਮਿਲ ਦੀ ਗੰਨਾ ਪੀੜ੍ਹਨ ਦੀ ਸਮਰੱਥਾ ਵਧਣ ਕਰਕੇ ਗੰਨੇ ਹੇਠ ਵੱਧ ਤੋਂ ਵੱਧ ਰਕਬਾ ਲਿਆਉਣ।



# ਜੰਡਿਆਲਾ ਗੁਰੂ ਵਿਖੇ ਕਾਂਗਰਸ ਦੀ ਰਿਕਾਰਡਤੋੜ ਰੈਲੀ

## ਡੈਨੀ ਬੰਡਾਲਾ ਦੀ ਅਗਵਾਈ ਹੇਠ ਹਲਕੇ ਦੇ ਪਿੰਡਾਂ 'ਚੋਂ ਹਜ਼ਾਰਾਂ ਦੀ ਗਿਣਤੀ 'ਚ ਵਰਕਰ ਰੈਲੀ 'ਚ ਹੋਏ ਸ਼ਾਮਲ

ਜ਼ਿਕਰ ਪੰਜਾਬ

**ਜੰਡਿਆਲਾ ਗੁਰੂ/ਮਲਕੀਤ ਸਿੰਘ ਚੀਦਾ**

ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੀ ਦਾਣਾ ਮੰਡੀ ਵਿੱਖੇ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ਼ ਅਤੇ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੇ ਮਨਰੇਗਾ ਬਚਾਓ ਦੇ ਚੱਲ ਰਹੇ ਸੰਘਰਸ਼ ਅਧੀਨ ਇੱਕ ਵਿਸ਼ਾਲ ਤੇ ਰਿਕਾਰਡ ਤੋੜ ਰੈਲੀ ਕਰਵਾਈ ਗਈ। ਇਸ ਮੌਕੇ ਪੰਜਾਬ ਕਾਂਗਰਸ ਦੀ ਸੀਨੀਅਰ ਲੀਡਰਸ਼ਿਪ ਤੋਂ ਇਲਾਵਾ ਆਲ ਇੰਡੀਆ ਕਾਂਗਰਸ ਕਮੇਟੀ ਵਲੋਂ ਪੰਜਾਬ ਦੇ ਇੰਚਾਰਜ਼ ਸ੍ਰੀ ਭੁਪੇਸ਼ ਬਘੇਲ ਨੇ ਵੀ ਸ਼ਮੂਲੀਅਤ ਕੀਤੀ। ਇਸ ਮੌਕੇ ਵੱਖ ਬੁਲਾਰਿਆਂ ਨੇ ਮੋਦੀ ਸਰਕਾਰ ਨੂੰ ਰੱਜ ਕੇ ਕੋਸਿਆ ਤੇ ਗ਼ਰੀਬ ਵਰਗ ਨੂੰ ਕੋਈ ਹੋਰ ਰੁਜ਼ਗਾਰ ਦੇਣ ਦੀ ਬਜਾਏ ਸਗੋਂ ਇਕੋ ਇੱਕ ਆਖ਼ਰੀ ਆਸਰਾ ਮਨਰੇਗਾ ਦੀ ਵੀ ਉਲਟ ਬਾਜ਼ੀ ਲਗਾ ਦਿੱਤੀ ਜਿਸ ਅਧੀਨ ਦੇਸ਼ ਦੇ ਹਰ ਲੋੜ ਵੰਦ ਨੂੰ ਸਾਲ ਵਿੱਚ 100 ਦਿਨ ਦਾ ਕੰਮ ਦਿੱਤਾ ਜਾਂਦਾ ਸੀ ਅਤੇ ਜੋ ਕਿ ਡਾਕਟਰ ਮਨਮੋਹਨ ਸਿੰਘ ਨੇ ਬੇਰੁਜ਼ਗਾਰਾਂ ਲਈ ਰਾਸ਼ਟਰਪਿਤਾ ਮਹਾਤਮਾ ਗਾਂਧੀ ਦੇ ਨਾਮ ਅਧੀਨ ਸਕੀਮ ਚਲਾਈ ਸੀ ਪਰ ਭਾਰਤ ਵਰਗੇ ਬਹੁਕੌਮੀ ਦੇਸ਼ ਵਿੱਚ ਦਲਿੱਤ ਭਾਈਚਾਰੇ ਨਾਲ ਧੱਕਾ ਕਰਦਿਆਂ ਇਸ ਸਕੀਮ ਨੂੰ ਵਿਗਾੜਦਿਆਂ ਕਈ ਬਦਲਾਅ ਕਰ ਦਿੱਤੇ ਹਨ। ਜਿਸ ਕਾਰਣ ਲੋੜਵੰਦਾਂ ਮਾਂ ਨੰ ਨੂੰ ਰੁਜ਼ਗਾਰ ਮਿਲਣ ਦੇ ਮੌਕੇ ਖ਼ਤਮ ਹੋ ਗਏ । ਨਰਿੰਦਰ ਮੋਦੀ ਦੀ ਇਸ ਸ਼ਰਾਰਤ ਤੋਂ ਸਾਬਿਤ ਹੁੰਦਾ ਹੈ ਕਿ ਮੋਦੀ ਸਰਕਾਰ ਦਲਿੱਤ ਸਰਕਾਰ ਹੈ । ਜੰਡਿਆਲਾ ਗੁਰੂ ਵਿਖੇ ਹੋਈ ਰਿਕਾਰਡਤੋੜ ਰੈਲੀ ਵਿੱਚ ਪੰਜਾਬ ਕਾਂਗਰਸ ਦੀ ਸੀਨੀਅਰ ਲੀਡਰਸ਼ਿਪ ਜਿੰਨਾਂ ਵਿੱਚ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਸ੍ਰ ਪ੍ਰਤਾਪ ਸਿੰਘ ਬਾਜਵਾ, ਆਲ ਇੰਡੀਆ ਕਾਂਗਰਸ ਦੇ ਕਿਸਾਨ ਸੈੱਲ ਦੇ ਕੌਮੀ ਪ੍ਰਧਾਨ ਸ੍ਰ ਸੁਖਪਾਲ ਸਿੰਘ ਖਹਿਰਾ, ਐਮ ਪੀ ਸੁਖਜਿੰਦਰ ਸਿੰਘ ਰੰਧਾਵਾ, ਐਮ ਪੀ ਗੁਰਜੀਤ ਸਿੰਘ ਔਜਲਾ, ਵਿਜੇਇੰਦਰ ਸਿੰਗਲਾ, ਸੂਰਜ਼ ਠਾਕਰ, ਨਰਿੰਦਰ ਡਾਬਰੀ, ਸਾਬਕਾ ਸਪੀਕਰ ਕੰਵਰਪਾਲ ਸਿੰਘ ਰਾਣਾ, ਜਸਬੀਰ ਸਿੰਘ ਡਿੰਪਾ ਸਾਬਕਾ ਐਮ ਪੀ, ਹਰਮਿੰਦਰ ਸਿੰਘ ਗਿੱਲ, ਸਾਬਕਾ ਵਿਧਾਇਕ ਸੰਤੋਖ ਸਿੰਘ ਭਲਾਈਪੁਰ, ਅਨਿੱਲ ਜੋਸ਼ੀ, ਕੈਪਟਨ ਸੰਦੀਪ ਸੰਧੂ, ਹਰਪਤਾਪ ਸਿੰਘ ਅਜਨਾਲਾ, ਸੁਨੀਲ ਦੱਤੀ, ਬਲਵਿੰਦਰ ਸਿੰਘ ਧਾਲੀਵਾਲ ਭਗਵੰਤਪਾਲ ਸਿੰਘ ਸੱਚਰ ਅਤੇ ਵਿਕਾਸ ਦੌਰਾਨ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੇ ਇਸ ਮੌਕੇ ਪਹੁੰਚੀ ਸੀਨੀਅਰ ਲੀਡਰਸ਼ਿਪ ਅਤੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਵੱਖ ਵੱਖ ਪਿੰਡਾਂ ਤੋਂ ਕਾਂਗਰਸੀ ਵਰਕਰਾਂ ਅਤੇ ਅਹੁਦੇਦਾਰਾਂ ਦਾ ਧੰਨਵਾਦ ਕੀਤਾ,ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਵੀ ਆਪਣੇ ਅੰਦਾਜ਼ ਵਿੱਚ ਦਹਾੜਦਿਆਂ ਕਿਹਾ ਕਿ ਮੋਦੀ ਤੇ ਮਾਨ ਦੋਵੇਂ ਦਲਿੱਤ ਵਿਰੋਧੀ ਹਨ । ਉਨਾਂ ਕਿਹਾ ਕਿ ਮੋਦੀ ਸਰਕਾਰ ਦੇ ਰਾਜ ਵਿੱਚ ਮਨਰੇਗਾ ਸਕੀਮ ਅਧੀਨ 100 ਦਿਨ ਕੰਮ ਕਿਸੇ ਨੂੰ ਮਿਲਿਆ ਨਹੀਂ ਪਰ ਹੁਣ ਨਵੀਂ ਸਕੀਮ ਤਹਿਤ 125 ਦਿਨ ਕਰਨ ਦਾ ਕੀ ਫਾਇਦਾ ਹੋਵੇਗਾ ਅਤੇ ਰਾਜਾ ਵੜਿੰਗ ਨੇ ਸਾਬਕਾ ਮੰਤਰੀ ਸ੍ਰੀ ਸਰਦੂਲ ਸਿੰਘ ਬੰਡਾਲਾ ਸਬੰਧੀ ਆਪਣੇ ਤਜ਼ਰਬੇ ਸਾਂਝੇ ਕੀਤੇ। ਇੱਥੇ ਇਹ ਖਾਸ ਜ਼ਿਕਰਯੋਗ ਹੈ ਕਿ ਵਿਧਾਨ ਸਭਾ ਹਲਕਾ ਜੰਡਿਆਲਾ ਦੇ ਪਿੰਡਾਂ ਚੋਂ ਆ ਰਹੇ ਕਾਂਗਰਸੀ ਵਰਕਰਾਂ ਬੜੇ ਵਧੀਆ ਢੰਗ ਤਰੀਕੇ ਨਾਲ ਹਲਕਾ ਆਹੁਦੇਦਾਰਾਂ ਥਾਂਓ ਥਾਈਂ ਬਠਾਇਆ, ਜਿਸ ਨਾਲ ਵੱਡੀ ਗਿਣਤੀ ਵਿੱਚ ਆਏ ਵਰਕਰਾਂ ਨੂੰ ਕੋਈ ਮੁਸ਼ਕਲ ਨਹੀਂ ਆਈ। ਇਸ ਮੌਕੇ,ਤੇ ਹਲਕੇ ਦੇ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੇ ਕਿਹਾ ਕਿ ਹਲਕਾ ਜੰਡਿਆਲਾ ਗੁਰੂ ਵਿੱਚ ਅਮਨ-ਕਾਨੂੰਨ ਦੀ ਸਥਿਤੀ ਬਹੁਤ ਹੀ ਡਾਵਾਂਡੋਲ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਹਲਕੇ ਵਿੱਚ ਦਿਨ ਦਿਹਾੜੇ ਅਪਰਾਧਕ ਵਾਰਦਾਤਾਂ ਹੋ ਰਹੀਆਂ ਹਨ, ਫਿਰੌਤੀਆਂ ਦੀਆਂ ਕਾਲਾਂ, ਕਤਲੋਗਾਰਤ ਦੀਆਂ ਘਟਨਾਵਾਂ ਅਤੇ ਦਹਿਸ਼ਤਗਰਦੀ ਕਾਰਨ ਲੋਕਾਂ ਵਿੱਚ ਡਰ ਦਾ ਮਾਹੌਲ ਬਣਿਆ ਹੋਇਆ ਹੈ।ਇਸ ਮੌਕੇ,ਤੇ ਨਾਲ ਅੰਮਿ?ਤਸਰ ਦਿਹਾਤੀ ਦੇ ਮੀਤ ਪ੍ਰਧਾਨ ਅਵਤਾਰ ਸਿੰਘ ਟੱਕਰ ਜਾਣੀਆਂ ਸਰਪੰਚ ਪਰਮਜੀਤ ਸਿੰਘ ਨੰਗਲ ਗੁਰੂ ਹਲਕਾ ਜੰਡਿਆਲਾ ਗੁਰੂ ਦੇ ਕੁਆਟਨੀਟੇਰ ਡਾਕਟਰ ਲਖਵਿੰਦਰ ਸਿੰਘ ਬੰਡਾਲਾ ਰਾਜਬੀਰ ਸਿੰਘ ਨਾਮਧਾਰੀ ਸੋਸਲ ਮੀਡੀਆਂ ਦੇ ਜਰਨਲ ਸੈਕਟਰੀ ਪੰਜਾਬ ਕਾਂਗਰਸ ਪਿੰਡ ਵਡਾਲਾ ਜੋਹਲ, ਕਾਂਗਰਸ ਪਾਰਟੀ ਦੇ ਆਗੂ ਰਾਜਵੰਤ ਸਿੰਘ ਸੰਧੂ ਰਾਏਪੁਰ ਕਲਾ ਬਲਾਕ ਸੰਮਤੀ ਚੇਅਰਮੈਨ ਹਰਜੀਤ ਸਿੰਘ ਬੰਡਾਲਾ ਸਾਬਕਾ ਸਰਪੰਚ ਦਿਲਬਾਗ ਸਿੰਘ ਜੋਹਲ ਮੈਬਰ ਸਵਿੰਦਰ ਸਿੰਘ ਸੇਠ ਵਡਾਲਾ ਜੋਹਲ ਮੈਬਰ ਪ੍ਰਦੀਪ ਸਿੰਘ ਪੀ ਏ ਗੁਰਪ੍ਰੀਤ ਸਿੰਘ ਗੋਪੀ ਜਿਲ?ਰਾ ਅੰਮ੍ਰਿਤਸਰ ਦਿਹਾਤੀ ਦੇ ਮੀਤ ਪ੍ਰਧਾਨ ਕੁਲਦੀਪ ਸਿੰਘ ਬਾਠ ਬੰਡਾਲਾ ਜਗਜੀਤ ਸਿੰਘ ਜੱਗੀ ਬੰਡਾਲਾ ਸਾਬਕਾ ਸਰਪੰਚ ਰਣਜੀਤ ਸਿੰਘ ਰਾਣਾ ਜੰਡ ਸਾਬਕਾ ਸਰਪੰਚ ਰਾਜਵਿੰਦਰ ਸਿੰਘ ਰਾਜੂ ਬੰਡਾਲਾ ਪ੍ਰਧਾਨ ਦਿਲਬਾਗ ਸਿੰਘ ਬਾਗਾ ਵਡਾਲਾ ਜੋਹਲ ਪ੍ਰਧਾਨ ਜਸਬੀਰ ਸਿੰਘ ਹੰਸ ਦਿਲਬਾਗ ਸਿੰਘ ਜੋਹਲ ਬਲਾਕ ਸੰਮਤੀ ਮੈਬਰ ਰਕੇਸ਼ ਕੁਮਾਰ ਖੱਤਰੀ ਬਾਊ ਗਹਿਰੀ ਮੰਡੀ ਕਿਸਾਨ ਯੂਨੀਅਨ ਪ੍ਰਧਾਨ ਜਗਤਾਰ ਸਿੰਘ ਜੱਗਾ ਵਡਾਲਾ ਜੋਹਲ ਵਿਰਸਾ ਜੋਹਲ ਪ੍ਰਭ ਜੋਹਲ ਸਾਬਕਾ ਮੈਬਰ ਲੱਖਵਿੰਦਰ ਸਿੰਘ ਲੱਖਾ ਗਹਿਰੀ ਮੰਡੀ ਪ੍ਰਧਾਨ ਹਰਪਾਲ ਕੋਰ ਗਹਿਰੀ ਮੰਡੀ ਮੈਬਰ ਸਤਨਾਮ ਸਿੰਘ ਵਿਨੋਦ ਕਾਕਾ ਮੋਬਾਇਲਾ ਵਾਲਾ ਗਹਿਰੀ ਮੰਡੀ ਡਾਕਟਰ ਕੁਲਵਿੰਦਰ ਸਿੰਘ ਗਹਿਰੀ ਮੰਡੀ ਨੰਬਰਦਾਰ ਸੁਖਦੇਵ ਸਿੰਘ ਮਿੰਟੂ ਠੱਠੀਆ ਵੀਰ ਧਰਮਿੰਦਰ ਸਿੰਘ ਠੱਠੀਆਂ ਸਰਪੰਚ ਮਲਕੀਤ ਸਿੰਘ ਸਰਜਾ ਪ੍ਰਧਾਨ ਰਾਜਵਿੰਦਰ ਕੋਰ ਗਹਿਰੀ ਮੰਡੀ ਬਲਵਿੰਦਰ ਸਿੰਘ ਬਿੱਲਾ ਪੰਪਵਾਲਾ ਗਹਿਰੀ ਮੰਡੀ ਪ੍ਰਧਾਨ ਗੱਗੂ ਖਲੈਹਿਰਾ ਅਵਤਾਰ ਸਿੰਘ ਚੰਨੀ ਵਡਾਲਾ ਜੋਹਲ ਪ੍ਰਧਾਨ ਬਲਜੀਤ ਸਿੰਘ ਖਲੈਹਿਰਾ ਸਰਪੰਚ ਸਿਮਰਨਜੀਤ ਸਿੰਘ ਜੋਧਾਨਗਰੀ ਪ੍ਰਧਾਨ ਬੱਬੂ ਜੱਬੋਵਾਲ ਹੋਰ ਆਦਿ ਹਾਜਰ ਸਨ।







# 'ਸਿੱਖਸ ਇਨ ਬੈਂਕਿੰਗ' ਕਿਤਾਬ ਦੇ ਲੇਖਕ ਗੁਰਮੀਤ ਸਿੰਘ ਨੂੰ ਅਲਮਾ ਮੇਟਰ ਐਸਸੀਡੀ ਸਰਕਾਰੀ ਕਾਲਜ ਲੁਧਿਆਣਾ ਨੇ ਕੀਤਾ ਸਨਮਾਨਿਤ



ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲੀ**

ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ, ਲੁਧਿਆਣਾ ਦੁਆਰਾ ਪ੍ਰਕਾਸ਼ਿਤ ਇੱਕ ਵਿਲੱਖਣ ਕਿਤਾਬ, ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਵਰ੍ਹੇਗੰਢ ਸਾਲ ਨੂੰ ਸਮਰਪਿਤ, ਸਰਕਲ ਦੇ ਸੰਸਥਾਪਕ ਮੈਂਬਰ ਗੁਰਮੀਤ ਸਿੰਘ ਦੁਆਰਾ ਲਿਖੀ, 'ਸਿੱਖਸ ਇਨ ਬੈਂਕਿੰਗ-ਦ ਲੀਗੇਸੀ ਆਫ਼ ਟਰੱਸਟ, ਐਕਸੀਲੈਂਸ, ਇਕਨਾਮਿਕ ਇਮਪੈਕਟ ਇਨ ਇੰਡੀਆ ਐਂਡ ਬਿਓਂਡ' ਉਨ੍ਹਾਂ ਦੁਆਰਾ ਆਪਣੇ ਅਲਮਾ ਮੇਟਰ ਐਸਸੀਡੀ ਸਰਕਾਰੀ ਕਾਲਜ ਲੁਧਿਆਣਾ ਨੂੰ ਭੇਟ ਕੀਤੀ ਗਈ। ਕਿਤਾਬ ਵਿੱਚ ਇਸਦੇ ਸਾਬਕਾ ਵਿਦਿਆਰਥੀਆਂ ਦੁਆਰਾ ਲਿਖੇ ਗਏ ਬਹੁਤ ਸਾਰੇ ਅਧਿਆਇ ਹਨ ਜੋ ਬੈਂਕਰ ਅਤੇ ਅਰਥਸ਼ਾਸਤਰੀ ਵੀ ਹਨ। ਪ੍ਰਿੰਸੀਪਲ ਗੁਰਸ਼ਰਨਜੀਤ ਸਿੰਘ ਸੰਧੂ ਨੇ ਵਿਸ਼ੇਸ਼ ਤੌਰ 'ਤੇ ਐਲੂਮਨੀ ਐਸੋਸੀਏਸ਼ਨ ਦੇ ਕਾਰਜਕਾਰੀ ਮੈਂਬਰਾਂ ਅਤੇ ਕੁਝ ਅਧਿਆਪਕਾਂ ਦੀ ਮੌਜੂਦਗੀ ਵਿੱਚ ਲੇਖਕ ਨੂੰ ਸਨਮਾਨਿਤ ਕੀਤਾ। ਮੌਜੂਦ ਲੋਕਾਂ ਵਿੱਚ ਓ.ਪੀ. ਵਰਮਾ, ਕੇ.ਬੀ. ਸਿੰਘ, ਨਵਦੀਪ ਸਿੰਘ, ਬ੍ਰਿਜ ਬੀ ਗੋਇਲ, ਪ੍ਰੋ. ਗੀਤਾਂਜਲੀ ਪਬਰੇਜਾ, ਡਾ. ਸਜਲਾ, ਪ੍ਰੋ. ਡਾ. ਪੂਨਮ ਸਪਰਾ, ਡਾ. ਈਰਾ, ਡਾ. ਵਿਕਾਸ ਲੂੰਬਾ ਅਤੇ ਪ੍ਰੋ. ਨਿਧੀ ਸ਼ਾਮਲ ਸਨ। ਗੋਇਲ ਨੇ ਕਿਹਾ ਕਿ ਇਹ ਕਿਤਾਬ ਸਿੱਖ ਇਤਿਹਾਸ ਅਤੇ ਗੁਰਬਾਣੀ ਵਿੱਚ ਮਜ਼ਬੂਤੀ ਨਾਲ ਜੜ੍ਹਾਂ ਰੱਖਦੀ ਹੈ 9 ਇਹ ਇੱਕ ਸੱਭਿਅਕ ਬਿਰਤਾਂਤ ਵੀ ਹੈ ਜੋ ਸਿੱਖ ਅਧਿਆਤਮਿਕ ਦਰਸ਼ਨ ਨੂੰ ਆਰਥਿਕ ਵਿਕਾਸ, ਸੰਸਥਾਗਤ ਅਖੰਡਤਾ, ਲੀਡਰਸ਼ਿਪ ਅਤੇ ਸਮਾਜਿਕ ਜ਼ਿੰਮੇਵਾਰੀ ਨਾਲ ਜੋੜਦੀ ਹੈ। ਓਪੀ ਵਰਮਾ ਨੇ ਕਿਤਾਬ ਵਿੱਚ 'ਦਿ ਸਪਿਰਿਟ ਆਫ਼ ਸੇਵਾ' ਦੇ ਭਾਗ ਦੀ ਸ਼ਲਾਘਾ ਕੀਤੀ ਜੋ ਸੇਵਾ ਦੌਰਾਨ ਅਤੇ ਸੇਵਾਮੁਕਤੀ ਤੋਂ ਬਾਅਦ ਸਿੱਖ ਬੈਂਕਰਾਂ ਦੇ ਸਮਾਜਿਕ, ਵਿਦਿਅਕ, ਮਾਨਵਤਾਵਾਦੀ ਅਤੇ ਧਾਰਮਿਕ ਯੋਗਦਾਨ ਨੂੰ ਦਰਸਾਉਂਦੀ ਹੈ। ਗੁਰਮੀਤ ਸਿੰਘ ਨੇ ਪਹਿਲਾਂ ਸਾਡੇ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ 'ਤੇ ਇੱਕ ਕਿਤਾਬ ਲਿਖੀ ਸੀ।

# ਜਰਖੜ ਖੇਡਾਂ 'ਤੇ 7 ਸਖਸ਼ੀਅਤਾਂ ਦਾ ਹੋਵੇਗਾ ਵਿਸ਼ੇਸ਼ ਸਨਮਾਨ

**• ਡੀਜੀਪੀ ਚੰਦਰਸ਼ੇਖਰ, ਪਦਮਸ਼੍ਰੀ ਬਲਦੇਵ ਸਿੰਘ, ਡਿਪਟੀ ਡਾਇਰੈਕਟਰ ਪ੍ਰਭਦੀਪ ਸਿੰਘ ਨੱਥੋਵਾਲ, ਪੱਤਰਕਾਰ ਦਵਿੰਦਰਪਾਲ, ਸਿਮਰਨਜੀਤ ਕੌਰ ਗਿੱਲ, ਖਿਡਾਰੀ ਹਰਸ਼ਵੀਰ ਅਤੇ ਕਰਮਜੀਤ ਗਰੇਵਾਲ ਸਨਮਾਨਿਤ ਸ਼ਖ਼ਸੀਅਤਾਂ ਵਿਚ ਸ਼ਾਮਿਲ • 38ਵੀਆਂ ਮਾਡਰਨ ਪੇਂਡੂ ਮਿੰਨੀ ਓਲੰਪਿਕ ਜਰਖੜ ਖੇਡਾਂ 13-14-15 ਫ਼ਰਵਰੀ ਨੂੰ**

ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲੀ**









ਮਾਤਾ ਸਾਹਿਬ ਕੌਰ ਸਪੋਰਟਸ ਚੈਰੀਟੇਬਲ ਟਰੱਸਟ ਪਿੰਡ ਜਰਖੜ ਵੱਲੋਂ ਹਰ ਸਾਲ ਕਰਵਾਈਆਂ ਜਾਣ ਵਾਲੀਆਂ ਜੀਐਸਟੀ ਟਰੱਕ ਪਰਮਿਟ, ਏਵਨ ਸਾਈਕਲ, 38ਵੀਆਂ ਮਾਡਰਨ ਪੇਂਡੂ ਮਿੰਨੀ ਓਲੰਪਿਕ ਜਰਖੜ ਖੇਡਾਂ ਜੋ 13 14 ਅਤੇ 15 ਫਰਵਰੀ 2026 ਨੂੰ ਕਰਵਾਈਆਂ ਜਾ ਰਹੀਆਂ ਹਨ। ਇਸ ਵਰ੍ਹੇ ਜਰਖੜ ਖੇਡਾਂ ਦੇ ਫਾਈਨਲ ਸਮਾਰੋਹ ਉੱਤੇ 15 ਫਰਵਰੀ ਨੂੰ ਦੁਪਹਿਰ 1 ਵਜੇ ਪੰਜਾਬ ਦੇ ਸਾਬਕਾ ਡੀਜੀਪੀ ਅਤੇ ਖੇਡ ਸਮਰਥਕ ਅਧਿਕਾਰੀ ਸ੍ਰੀ ਚੰਦਰਸ਼ੇਖਰ ਨੂੰ ਖੇਡ ਪ੍ਰਮੋਟਰ ਅਮਰਜੀਤ ਗਰੇਵਾਲ ਐਵਾਰਡ ਨਾਲ, ਪਦਮ ਸ੍ਰੀ ਬਲਦੇਵ ਸਿੰਘ ਨੂੰ ਭਗਤ ਪੂਰਨ ਸਿੰਘ ਐਵਾਰਡ ਨਾਲ , ਪ੍ਰਭਦੀਪ ਸਿੰਘ ਨੱਥੋਵਾਲ ਡਿਪਟੀ ਡਾਇਰੈਕਟਰ ਸੂਚਨਾ ਅਤੇ ਲੋਕ ਸੰਪਰਕ ਵਿਭਾਗ ਨੂੰ ਪੰਜਾਬ ਦਾ ਮਾਣ ਐਵਾਰਡ ਸ਼੍ਰੀਮਤੀ ਸਿਮਰਨਜੀਤ ਕੌਰ ਗਿੱਲ ਪ੍ਰੋ ਵਾਈਸ ਚਾਂਸਲਰ ਸੀ ਟੀ ਯੂਨੀਵਰਸਿਟੀ ਲੁਧਿਆਣਾ ਨੂੰ ਪੰਜਾਬ ਦੀਆਂ ਧੀਆਂ ਦਾ ਮਾਣ ਐਵਾਰਡ ਨਾਲ,ਪੱਤਰਕਾਰ ਦਵਿੰਦਰਪਾਲ ਸਿੰਘ ਚੰਡੀਗੜ੍ਹ ਨੂੰ ਪੰਜਾਬ ਦੀ ਪੱਤਰਕਾਰੀ ਦਾ ਮਾਣ ਐਵਾਰਡ ਦੇ ਨਾਲ, ਸਾਈਕਲਿਸਟ ਹਰਸ਼ਵੀਰ ਸਿੰਘ ਸੇਖੋ ਨੂੰ ਓਲੰਪੀਅਨ ਸੁਰਜੀਤ ਸਿੰਘ ਰੰਧਾਵਾ ਐਵਾਰਡ ਨਾਲ, ਵੇਟਰਨਜ਼ ਹਾਕੀ ਖਿਡਾਰੀ ਕਰਮਜੀਤ ਸਿੰਘ ਗਰੇਵਾਲ ਯੂ ਐਸ ਏ ਨੂੰ ਉਲੰਪੀਅਨ ਪ੍ਰਿਥੀਪਾਲ ਸਿੰਘ ਐਵਾਰਡ ਦੇ ਨਾਲ ਸਨਮਾਨਿਆ ਜਾਵੇਗਾ। ਜਰਖੜ ਖੇਡ ਟਰੱਸਟ ਦੀ ਮੀਟਿੰਗ ਵਿੱਚ ਅੱਜ ਇਹ ਅਹਿਮ ਫੈਸਲਾ ਲਿਆ ਗਿਆ। ਅੱਜ ਜਰਖੜ ਖੇਡ ਸਟੇਡੀਅਮ ਵਿਖੇ ਹੋਈ ਮੀਟਿੰਗ ਬਾਅਦ ਚੇਅਰਮੈਨ ਨਰਿੰਦਰ ਪਾਲ ਸਿੰਘ ਸਿੱਧੂ ਸਾਬਕਾ ਏਆਈਜੀ, ਮੁੱਖ ਪ੍ਰਬੰਧਕ ਜਗਰੂਪ ਸਿੰਘ ਜਰਖੜ ਨੇ ਦੱਸਿਆ ਕਿ ਇਹਨਾਂ ਖੇਡਾਂ ਵਿੱਚ ਮਹਿੰਦਰ ਪ੍ਰਤਾਪ ਸਿੰਘ ਗਰੇਵਾਲ ਹਾਕੀ ਗੋਲਡ ਕੱਪ ਅਤੇ ਨਾਇਬ ਸਿੰਘ ਗਰੇਵਾਲ ਜੋਧਾ ਕਬੱਡੀ ਕੱਪ ਖੇਡਾਂ ਦਾ ਮੁੱਖ ਆਕਰਸ਼ਨ ਹੋਵੇਗਾ।

ਉਹਨਾਂ ਦੱਸਿਆ ਹਾਕੀ ਲੜਕੇ ਤੇ ਲੜਕੀਆਂ, ਹਾਕੀ ਅੰਡਰ 17 ਸਾਲ ਮੁੰਡੇ, ਕਬੱਡੀ ਓਪਨ , ਕਬੱਡੀ ਬਜ਼ੁਰਗਾਂ ਦੀ 50 ਸਾਲ ਧਰਮ ਸਿੰਘ ਜਰਖੜ ਕਬੱਡੀ ਕੱਪ, ਅਮਰਜੀਤ ਗਰੇਵਾਲ ਦੀ ਯਾਦ ਵਿੱਚ ,ਫੁੱਟਬਾਲ 60 ਕਿਲੋ ਮੁੰਡੇ, ਅਤੇ ਅੰਡਰ 19 ਸਾਲ ਕੁੜੀਆਂ ਦੇ ਮੁਕਾਬਲੇ, ਬਾਬਾ ਸੁਰਜਨ ਸਿੰਘ ਸਰੀਂਹ ਦੀ ਯਾਦ ਵਿੱਚ ਰੱਸਾਕਸ਼ੀ ਸੀਨੀਅਰ ਵਰਗ ਦੇ ਮੁਕਾਬਲੇ, ਇਸਤੋਂ ਇਲਾਵਾ ਪ੍ਰਾਇਮਰੀ ਸਕੂਲ ਦੇ ਬੱਚਿਆਂ ਦੀਆਂ ਵੱਖ ਵੱਖ ਖੇਡਾਂ, ਰੱਸਾਕਸ਼ੀ, ਦੌੜਾਂ, ਕਬੱਡੀ ਪ੍ਰਾਇਮਰੀ ਸਕੂਲ ਆਦਿ ਖੇਡਾਂ ਦੇ ਮੁਕਾਬਲੇ ਕਰਵਾਏ ਜਾਣਗੇ। ਸਿਰਫ ਸੱਦਾ ਪੱਤਰ ਵਾਲੀਆਂ ਹੀ ਟੀਮਾਂ ਨੂੰ ਐਂਟਰੀ ਹੋਵੇਗੀ। ਪ੍ਰਧਾਨ ਐਡਵੋਕੇਟ ਹਰਕਮਲ ਸਿੰਘ ਅਤੇ ਮਨਮੋਹਨ ਗਰੇਵਾਲ ਮੋਹਣਾ ਜੋਧਾ ਸਿਆਟਲ ਨੇ ਦੱਸਿਆ ਕਿ ਜਰਖੜ ਖੇਡਾਂ ਦਾ ਮੁੱਖ ਮਕਸਦ ਨਸ਼ਾ ਰਹਿਤ ਸਮਾਜ ਦੀ ਸਿਰਜਣਾ ਹੋਵੇਗਾ । ਉਹਨਾਂ ਦੱਸਿਆ ਟੂਰਨਾਮੈਂਟ ਦਾ ਉਦਘਾਟਨੀ ਸਮਾਰੋਹ ਬੇਹੱਦ ਲਾਜਵਾਬ ਹੋਵੇਗਾ ਇਸ ਮੌਕੇ ਜਿੱਥੇ ਡਰੈਗਨ ਅਕੈਡਮੀ ਦੇ ਬੱਚਿਆਂ ਵੱਲੋਂ ਸਭਿਆਚਾਰ ਗੀਤਾ ਤੇ ਕੋਰੀਓਗਰਾਫੀ ਲੋਕ ਗਾਇਕ ਜਸਵੰਤ ਸੰਦੀਲਾ ਵਲੋਂ ਜਰਖੜ ਖੇਡਾਂ ਤੇ ਤਿਆਰ ਕੀਤਾ ਗੀਤ ਆਦਿ ਹੋਰ ਸਭਿਆਚਾਰਕ ਵੰਨਗੀਆਂ ਮੁੱਖ ਖਿੱਚ ਦਾ ਕੇਂਦਰ ਹੋਣਗੀਆਂ। ਫਾਈਨਲ ਸਮਾਰੋਹ ਤੇ 15 ਫ਼ਰਵਰੀ ਨੂੰ ਦੁਪਹਿਰ 2 ਵਜੇ ਨਾਮੀ ਲੋਕ ਗਾਇਕਾ ਸਤਵਿੰਦਰ ਬਿੱਟੀ, ਜਸਵੰਤ ਸੰਦੀਲਾ,ਨੀਤੂ ਵਿਰਕ, ਗੁਰਜਾਨ ਆਦਿ ਹੋਰ ਗਾਇਕਾਂ ਦਾ ਖੁੱਲਾ ਅਖਾੜਾ ਵੀ ਲੱਗੇਗਾ।






# ਡੀਸੀਐਮ ਯਸ ਸਕੂਲ ਵਿੱਚ ਸੱਭਿਆਚਾਰਕ ਅਤੇ ਇਨਾਮ ਸਮਾਰੋਹ 'ਯਸ਼ਸਵੀ' ਦਾ ਸ਼ਾਨਦਾਰ ਆਯੋਜਨ



**ਲੁਧਿਆਣਾ** : ਵਿਦਿਆਰਥੀਆਂ ਵਿੱਚ ਛੁਪੀ ਪ੍ਰਤਿਭਾ ਨੂੰ ਨਿਖਾਰਨ ਅਤੇ ਉਨ੍ਹਾਂ ਨੂੰ ਮੰਚ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਡੀਸੀਐਮ ਯੰਗ ਐਂਟਰਪ੍ਰੇਨਿਊਰ ਸਕੂਲ ਵੱਲੋਂ ਸਾਲਾਨਾ ਸੱਭਿਆਚਾਰਕ ਅਤੇ ਇਨਾਮ ਸਮਾਰੋਹ "ਯਸ਼ਸਵੀ"ਦਾ ਭਵਿਆ ਆਯੋਜਨ ਕੀਤਾ ਗਿਆ। ਇਸ ਸਮਾਰੋਹ ਵਿੱਚ ਮਦਰ ਲੈਪ ਤੋਂ ਪੰਜਵੀਂ ਕਲਾਸ ਤੱਕ ਦੇ ਨੰਨੇ-ਮੁੰਨੇ ਬੱਚਿਆਂ ਨੇ ਭਾਗ ਲਿਆ ਅਤੇ ਆਪਣੀ ਕਲਾਕਾਰੀ ਨਾਲ ਪੂਰੇ ਆਡੀਟੋਰੀਅਮ ਨੂੰ ਤਾਲੀਆਂ ਦੀ ਗੜਗੜਾਹਟ ਨਾਲ ਗੂੰਜਾ ਦਿੱਤਾ। "ਅਲਾਦੀਨ ਅਤੇ ਜਾਦੂਈ ਮਿੱਤਰਤਾ"ਥੀਮ ਹੇਠ ਬੱਚਿਆਂ ਵੱਲੋਂ ਦਿੱਤੀਆਂ ਗਈਆਂ ਸੰਗੀਤਮਈ ਪੇਸ਼ਕਾਰੀਆਂ ਨੇ ਮਹਿਮਾਨਾਂ ਅਤੇ ਅਭਿਭਾਵਕਾਂ ਨੂੰ ਅਲਾਦੀਨ ਦੀ ਜਾਦੂਈ ਦੁਨੀਆ ਵਿੱਚ ਲੈ ਗਿਆ। ਸਮਾਰੋਹ ਦੇ ਮੁੱਖ ਮਹਿਮਾਨ ਪੰਜਾਬ ਸਰਕਾਰ ਦੇ ਕੈਬਿਨੇਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਰਹੇ, ਜਦਕਿ ਕਾਰਜਕ੍ਰਮ ਦੀ ਅਧਿਆਕਸ਼ਤਾ ਸੀਈਓ ਡਾ. ਅਨਿਰੁੱਧ ਗੁਪਤਾ ਵੱਲੋਂ ਕੀਤੀ ਗਈ। ਇਸ ਮੌਕੇ ਮੇਅਰ ਇੰਦਰਜੀਤ ਕੌਰ, ਡੀ.ਆਰ. ਭੱਟੀ (ਸੇਵਾਨਿਵ੍ਰਿਤ ਆਈਪੀਐਸ), ਆਰਮੀ ਅਧਿਕਾਰੀ



ਹਰੀਸ਼, ਸ਼ਿਵ ਕੁਮਾਰ, ਡੀਈਓ ਡਿੰਪਲ ਮਦਾਨ ਸਮੇਤ ਕਈ ਵਿਸ਼ੇਸ਼ ਮਹਿਮਾਨ ਹਾਜ਼ਰ ਰਹੇ। ਦੀਪ ਪ੍ਰਜਵਲਨ ਨਾਲ ਸ਼ੁਰੂ ਹੋਏ ਸਮਾਰੋਹ ਦੌਰਾਨ ਪ੍ਰਿੰਸੀਪਲ ਮੀਨੂ ਚੋਪੜਾ ਨੇ ਸਭ ਦਾ ਸਵਾਗਤ ਕੀਤਾ ਅਤੇ ਸਾਲਾਨਾ ਰਿਪੋਰਟ ਪੇਸ਼ ਕੀਤੀ। ਉਨ੍ਹਾਂ ਕਿਹਾ ਕਿ ਸਕੂਲ ਵਿੱਚ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਰੁਚੀ ਅਨੁਸਾਰ ਸਿੱਖਿਆ ਪ੍ਰਦਾਨ ਕੀਤੀ ਜਾ ਰਹੀ ਹੈ। ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮਾਂ ਨੇ ਸਭ ਦਾ ਮਨ ਮੋਹ ਲਿਆ। "ਅਲਾਦੀਨ ਅਤੇ ਜਾਦੂਈ ਮਿੱਤਰਤਾ"ਵਿਸ਼ੇ 'ਤੇ ਆਧਾਰਿਤ ਨ੍ਰਿਤਿਯ ਅਤੇ ਨਾਟਕ ਪੇਸ਼ਕਾਰੀਆਂ ਰਾਹੀਂ ਮਿੱਤਰਤਾ, ਕਲਪਨਾਸ਼ੀਲਤਾ ਅਤੇ ਰਚਨਾਤਮਕਤਾ ਦਾ ਸੁੰਦਰ ਸੰਦੇਸ਼ ਦਿੱਤਾ ਗਿਆ। ਬੱਚਿਆਂ ਦੀ ਸ਼ਾਨਦਾਰ ਅਦਾਕਾਰੀ, ਭਾਵਪੂਰਣ ਪ੍ਰਸਤੁਤੀ ਅਤੇ ਆਕਰਸ਼ਕ ਮੰਚ ਸਜਾਵਟ ਨੇ ਦਰਸ਼ਕਾਂ



ਨੂੰ ਭਾਵੁਕ ਕਰ ਦਿੱਤਾ। ਮੁੱਖ ਮਹਿਮਾਨ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਸਿੱਖਿਆ ਦੇ ਨਾਲ-ਨਾਲ ਰਚਨਾਤਮਕਤਾ, ਨੈਤਿਕ ਮੁੱਲਾਂ ਅਤੇ ਉਦਯਮਸ਼ੀਲ ਸੋਚ ਦਾ ਵਿਕਾਸ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਡੀਸੀਐਮ ਯਸ ਸਕੂਲ ਵਿਦਿਆਰਥੀਆਂ ਨੂੰ ਆਤਮਵਿਸ਼ਵਾਸੀ ਅਤੇ ਭਵਿੱਖ ਲਈ ਤਿਆਰ ਨਾਗਰਿਕ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਹੈ। ਉਨ੍ਹਾਂ ਨੇ ਸਕੂਲ ਦੀਆਂ ਸੱਭਿਆਚਾਰਕ ਪੇਸ਼ਕਾਰੀਆਂ ਦੀ ਖੁਲ੍ਹ ਕੇ ਸਰਾਹਨਾ ਕੀਤੀ। ਸਮਾਰੋਹ ਦੌਰਾਨ ਵਿਦਿਆਰਥੀਆਂ ਨੂੰ ਅਕਾਦਮਿਕ, ਖੇਡਾਂ ਅਤੇ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਲਈ ਸਨਮਾਨਿਤ ਕੀਤਾ ਗਿਆ। ਇਨਾਮਾਂ ਵਿੱਚ ਮੇਧਾਵੀ ਵਿਦਿਆਰਥੀ, ਉਭਰਦੇ ਸਿਤਾਰੇ, ਸ਼੍ਰੇਸ਼ਠ ਨਾਗਰਿਕ, ਰਾਮਾਨੁਜਨ ਅਵਾਰਡ, ਯੰਗ ਆਇੰਸਟਾਈਨ, ਸ਼ਤ-ਪ੍ਰਤੀਸ਼ਤ ਹਾਜ਼ਰੀ, ਯੰਗ ਪੇਂਟਰ, ਰਸਕਿਨ ਬਾਂਡ ਅਵਾਰਡ ਸਮੇਤ ਕਈ ਸ਼੍ਰੇਣੀਆਂ ਸ਼ਾਮਲ ਰਹੀਆਂ। ਇਸ ਮੌਕੇ ਡਾ. ਅਨਿਰੁੱਧ ਗੁਪਤਾ ਨੇ ਕਿਹਾ ਕਿ "ਯਸ਼ਸਵੀ ਸਿਰਫ਼ ਇੱਕ ਸਮਾਰੋਹ ਨਹੀਂ, ਬਲਕਿ ਵਿਦਿਆਰਥੀਆਂ ਦੀ ਪ੍ਰਤਿਭਾ, ਟੀਮਵਰਕ ਅਤੇ ਰਚਨਾਤਮਕ ਸੋਚ ਦਾ ਉਤਸਵ ਹੈ। ਡੀਸੀਐਮ ਯਸ ਸਕੂਲ ਦਾ ਮਕਸਦ ਬੱਚਿਆਂ ਨੂੰ ਆਤਮਨਿਰਭਰ, ਆਤਮਵਿਸ਼ਵਾਸੀ ਅਤੇ ਵਿਸ਼ਵ ਪੱਧਰ 'ਤੇ ਯੋਗ ਬਣਾਉਣਾ ਹੈ।"ਸਮਾਰੋਹ ਵਿੱਚ ਮੌਜੂਦ ਸਾਰੇ ਗਣਮਾਨਯ ਮਹਿਮਾਨਾਂ ਨੇ ਆਯੋਜਨ ਦੀ ਭਰਪੂਰ ਸਰਾਹਨਾ ਕੀਤੀ ਅਤੇ ਇਸਨੂੰ ਵਿਦਿਆਰਥੀਆਂ ਦੇ ਸਰਬਾਂਗੀਣ ਵਿਕਾਸ ਵੱਲ ਇੱਕ ਸਰਾਹਣਯੋਗ ਪਹਿਲ ਕਿਹਾ।

# ਸੁਰੱਖਿਅਤ ਪ੍ਰਣਾਲੀਗਤ ਪਹੁੰਚ ਅਤੇ ਸੜਕ ਇੰਜੀਨੀਅਰਿੰਗ ਅਭਿਆਸਾਂ 'ਤੇ ਸੂਬਾ-ਪੱਧਰੀ ਵਰਕਸ਼ਾਪ ਦਾ ਆਯੋਜਨ

## ਭਾਰਤੀ ਰਾਸ਼ਟਰੀ ਰਾਜਮਾਰਗ ਅਥਾਰਟੀ (ਐੱਨਐੱਚਏਆਈ) ਦੇ ਚੰਡੀਗੜ੍ਹ ਸਥਿਤ ਖੇਤਰੀ ਦਫ਼ਤਰ ਵੱਲੋਂ ਲੀਡ ਏਜੰਸੀ ਅਤੇ ਪੰਜਾਬ ਸਰਕਾਰ ਦੇ ਲੋਕ ਨਿਰਮਾਣ ਵਿਭਾਗ ਦੇ ਸਹਿਯੋਗ ਨਾਲ ਹੋਇਆ ਆਯੋਜਨ

**ਚੰਡੀਗੜ੍ਹ/ਬਿਊਰੋ**

ਭਾਰਤੀ ਰਾਸ਼ਟਰੀ ਰਾਜਮਾਰਗ ਅਥਾਰਟੀ (ਐੱਨਐੱਚਏਆਈ) ਦੇ ਚੰਡੀਗੜ੍ਹ ਸਥਿਤ ਖੇਤਰੀ ਦਫ਼ਤਰ ਨੇ ਲੀਡ ਏਜੰਸੀ ਅਤੇ ਪੰਜਾਬ ਸਰਕਾਰ ਦੇ ਲੋਕ ਨਿਰਮਾਣ ਵਿਭਾਗ ਦੇ ਸਹਿਯੋਗ ਨਾਲ ਅੱਜ ਚੰਡੀਗੜ੍ਹ ਵਿੱਚ ਸੁਰੱਖਿਅਤ ਪ੍ਰਣਾਲੀਗਤ ਪਹੁੰਚ ਅਤੇ ਸੜਕ ਇੰਜੀਨੀਅਰਿੰਗ ਅਭਿਆਸਾਂ ਬਾਰੇ ਇੱਕ ਸੂਬਾ-ਪੱਧਰੀ ਵਰਕਸ਼ਾਪ ਦਾ ਸਫਲ ਆਯੋਜਨ ਕੀਤਾ। ਇਸ ਵਰਕਸ਼ਾਪ ਵਿੱਚ ਖੇਤਰ ਵਿੱਚ ਸੜਕ ਸੁਰੱਖਿਆ ਦੇ ਨਤੀਜਿਆਂ ਨੂੰ ਸੁਧਾਰਨ ਨਾਲ ਜੁੜੇ ਸੀਨੀਅਰ ਨੀਤੀ-ਘਾੜਿਆਂ, ਤਕਨੀਕੀ ਮਾਹਰਾਂ, ਇੰਜੀਨੀਅਰਾਂ, ਯੋਜਨਾਕਾਰਾਂ ਅਤੇ ਹੋਰ ਮਹੱਤਵਪੂਰਨ ਹਿਤਧਾਰਕਾਂ ਨੇ ਭਾਗ ਲਿਆ। ਇਸ ਵਰਕਸ਼ਾਪ ਦਾ ਆਯੋਜਨ ਸੜਕ ਸੁਰੱਖਿਆ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਕੀਤਾ ਗਿਆ, ਜਿਸ ਵਿੱਚ "ਸੁਰੱਖਿਅਤ ਪ੍ਰਣਾਲੀਗਤ ਪਹੁੰਚ"ਨੂੰ ਅਪਣਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਇਹ ਇੱਕ ਆਲਮੀ ਪੱਧਰ 'ਤੇ ਮੰਨਿਆ ਹੋਇਆ ਫ਼ਲਸਫ਼ਾ ਹੈ, ਜੋ ਸੜਕਾਂ ਦੇ ਡਿਜ਼ਾਇਨ ਅਤੇ ਪ੍ਰਬੰਧਨ ਦੇ ਕੇਂਦਰ ਵਿੱਚ ਮਨੁੱਖੀ ਨਾਜ਼ੁਕਤਾ ਅਤੇ ਮਨੁੱਖੀ ਗ਼ਲਤੀ ਨੂੰ ਰੱਖਦਾ ਹੈ, ਤਾਂ ਜੋ ਅਟੱਲ ਗ਼ਲਤੀਆਂ ਮੌਤ ਜਾਂ ਗੰਭੀਰ ਚੋਟ ਦਾ ਕਾਰਨ ਨਾ ਬਣਨ। ਇਸ ਸਮਾਗਮ ਵਿੱਚ ਪੰਜਾਬ ਸਰਕਾਰ ਦੇ ਲੋਕ ਨਿਰਮਾਣ ਵਿਭਾਗ ਦੇ ਮੰਤਰੀ ਸ਼੍ਰੀ ਹਰਭਜਨ ਸਿੰਘ ਈਟੀਓ ਸ਼ਾਮਲ ਹੋਏ। ਵਰਕਸ਼ਾਪ ਦੀ ਸ਼ੁਰੂਆਤ ਸ਼੍ਰੀ ਰਾਕੇਸ਼ ਕੁਮਾਰ, ਖੇਤਰੀ ਅਧਿਕਾਰੀ, ਐੱਨਐੱਚਏਆਈ, ਖੇਤਰੀ ਦਫ਼ਤਰ, ਚੰਡੀਗੜ੍ਹ ਵੱਲੋਂ ਸਵਾਗਤੀ ਭਾਸ਼ਣ ਨਾਲ ਹੋਈ। ਉਨ੍ਹਾਂ ਨੇ ਸੜਕ ਸੁਰੱਖਿਆ ਨਾਲ ਸਬੰਧਤ ਚੁਣੌਤੀਆਂ ਦਾ ਮੁਕਾਬਲਾ ਕਰਨ ਲਈ ਇੱਕ ਵਿਆਪਕ, ਇੰਜੀਨੀਅਰਿੰਗ-ਅਧਾਰਤ ਰਣਨੀਤੀ ਅਪਣਾਉਣ ਦੀ ਬੇਹੱਦ ਲੋੜ 'ਤੇ ਚਾਨਣਾ ਪਾਇਆ। ਵਰਕਸ਼ਾਪ ਨੂੰ ਹੋਰ ਸੀਨੀਅਰ ਹਸਤੀਆਂ ਨੇ ਵੀ ਸੰਬੋਧਨ ਕੀਤਾ, ਜਿਨ੍ਹਾਂ ਵਿੱਚ ਮਿਸ ਪ੍ਰਨੀਤ ਸ਼ੇਰਗਿੱਲ, ਆਈਏਐੱਸ, ਰਾਜ ਟ੍ਰਾਂਸਪੋਰਟ ਕਮਿਸ਼ਨਰ ਅਤੇ ਸੜਕ ਸੁਰੱਖਿਆ



ਲਈ ਲੀਡ ਏਜੰਸੀ ਦੀ ਡਾਇਰੈਕਟਰ ਜਨਰਲ, ਪੰਜਾਬ; ਮਿਸ ਹਰਗੁਣਜੀਤ ਕੌਰ, ਆਈਏਐੱਸ, ਵਿਸ਼ੇਸ਼ ਸਕੱਤਰ, ਲੋਕ ਨਿਰਮਾਣ ਵਿਭਾਗ, ਪੰਜਾਬ ਸਰਕਾਰ; ਅਤੇ ਸ਼੍ਰੀ ਏ.ਐੱਸ. ਰਾਏ, ਆਈਪੀਐੱਸ, ਵਿਸ਼ੇਸ਼ ਡਾਇਰੈਕਟਰ ਜਨਰਲ ਆਫ਼ ਪੁਲਿਸ (ਟ੍ਰੈਫ਼ਿਕ), ਪੰਜਾਬ ਸ਼ਾਮਲ ਸਨ। ਆਪਣੇ ਸੰਬੋਧਨਾਂ ਦੌਰਾਨ ਇਨ੍ਹਾਂ ਹਸਤੀਆਂ ਨੇ ਮਜ਼ਬੂਤ ਸੰਸਥਾਗਤ ਸਹਿਯੋਗ, ਡਾਟਾ-ਅਧਾਰਤ ਫ਼ੈਸਲਾ-ਕਰਨ ਅਤੇ ਇੰਜੀਨੀਅਰਿੰਗ, ਅਮਲ ਅਤੇ ਨੀਤੀਗਤ ਉਪਾਵਾਂ ਦੇ ਏਕੀਕਰਨ ਰਾਹੀਂ ਸੁਰੱਖਿਅਤ ਪ੍ਰਣਾਲੀਗਤ ਪਹੁੰਚ ਅਪਣਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਤਕਨੀਕੀ ਸੈਸ਼ਨਾਂ ਦੌਰਾਨ ਪ੍ਰਸਿੱਧ ਮਾਹਰਾਂ ਵੱਲੋਂ ਪੇਸ਼ਕਾਰੀਆਂ ਅਤੇ ਵਿਚਾਰ-ਵਟਾਂਦਰੇ ਕੀਤੇ ਗਏ। ਐੱਨਐੱਚਏਆਈ ਮੁੱਖ ਦਫ਼ਤਰ ਦੇ ਸਲਾਹਕਾਰ (ਸੜਕ ਸੁਰੱਖਿਆ) ਸ਼੍ਰੀ ਸੁਦਰਸ਼ਨ ਕੇ. ਪੌਪਲੀ ਨੇ ਰਾਜਮਾਰਗਾਂ ਦੇ ਸੁਰੱਖਿਅਤ ਇੰਜੀਨੀਅਰਿੰਗ ਡਿਜ਼ਾਇਨ ਬਾਰੇ ਇੱਕ ਵਿਸਥਾਰਤ ਪੇਸ਼ਕਾਰੀ ਦਿੱਤੀ। ਭਾਰਤੀ ਸੜਕ ਕਾਂਗਰਸ (ਆਈਆਰਸੀ) ਦੇ ਮੈਂਬਰ ਅਤੇ ਸੜਕ ਸੁਰੱਖਿਆ ਮਾਹਿਰ ਸ਼੍ਰੀ ਸਵਤੰਤਰ ਕੁਮਾਰ ਨੇ ਨਵੀਨਤਾਕਾਰੀ ਚਿੰਤਕ ਹੱਲਾਂ ਰਾਹੀਂ ਸੜਕ ਸੁਰੱਖਿਆ ਵਿਸ਼ੇ 'ਤੇ ਸੰਬੋਧਨ ਕੀਤਾ। ਆਈਆਈਟੀ ਦਿੱਲੀ ਦੀ ਪ੍ਰੋਫੈਸਰ ਗੀਤਮ ਤਿਵਾਰੀ ਨੇ "ਰੋਡ ਟੂ ਟ੍ਰੈਫ਼ਿਕ ਸੇਫ਼ਟੀ 2030" ਸਿਰਲੇਖ ਹੇਠ ਇੱਕ ਬਹੁਤ ਹੀ ਜਾਣਕਾਰੀ ਭਰਪੂਰ ਸੈਸ਼ਨ ਪੇਸ਼ ਕੀਤਾ। ਸੇਵਲਾਈਫ਼ ਫਾਊਂਡੇਸ਼ਨ ਦੇ ਸੀਨੀਅਰ ਮੈਨੇਜਰ ਸ਼੍ਰੀ ਰਾਹੁਲ ਪ੍ਰਕਾਸ਼ ਸਿੰਘ ਨੇ ਸੁਰੱਖਿਅਤ ਰਾਜਮਾਰਗਾਂ ਲਈ "ਜ਼ੀਰੋ ਫ਼ੈਟੈਲਿਟੀ ਕੌਰੀਡੋਰ" ਇੰਜੀਨੀਅਰਿੰਗ ਦਖਲਾਂ ਬਾਰੇ ਪੇਸ਼ਕਾਰੀ ਦਿੱਤੀ, ਜਿਸ ਵਿੱਚ ਹਕੀਕਤੀ ਕੇਸ ਅਧਿਐਨ ਅਤੇ ਸਾਬਤਸ਼ੁਦਾ ਸੁਰੱਖਿਆ ਉਪਾਅ ਸਾਂਝੇ ਕੀਤੇ ਗਏ। ਇਹ ਵਰਕਸ਼ਾਪ ਗਿਆਨ ਸਾਂਝਾ ਕਰਨ, ਤਕਨੀਕੀ ਵਿਚਾਰ-ਵਟਾਂਦਰੇ ਅਤੇ ਏਜੰਸੀ-ਅੰਤਰ ਸਹਿਯੋਗ ਨੂੰ ਮਜ਼ਬੂਤ ਕਰਨ ਲਈ ਇੱਕ ਮਹੱਤਵਪੂਰਨ ਮੰਚ ਸਾਬਤ ਹੋਈ ਅਤੇ ਇਸ ਨੇ ਰਾਸ਼ਟਰੀ ਅਤੇ ਵਿਸ਼ਵ ਪੱਧਰੀ ਸੜਕ ਸੁਰੱਖਿਆ ਟੀਚਿਆਂ ਦੇ ਅਨੁਕੂਲ ਵਿਗਿਆਨਕ, ਟਿਕਾਊ ਅਤੇ ਲੋਕ-ਕੇਂਦਰਿਤ ਸੜਕ ਇੰਜੀਨੀਅਰਿੰਗ ਅਭਿਆਸਾਂ ਪ੍ਰਤੀ ਐੱਨਐੱਚਏਆਈ ਦੀ ਵਚਨਬੱਧਤਾ ਨੂੰ ਦੁਹਰਾਇਆ।

# ਅਮਰੀਕਾ ਨਾਲ ਸੰਭਾਵਿਤ ਖੇਤੀਬਾੜੀ ਸਮਝੌਤੇ ਨਾਲ ਕਿਸਾਨਾਂ 'ਤੇ ਪੈਣ ਵਾਲੇ ਅਸਰ ਬਾਰੇ ਮਨੀਸ਼ ਤਿਵਾੜੀ ਨੇ ਸਰਕਾਰ ਤੋਂ ਮੰਗਿਆ ਜਵਾਬ

**ਚੰਡੀਗੜ੍ਹ/ਬਿਊਰੋ**

ਚੰਡੀਗੜ੍ਹ ਤੋਂ ਕਾਂਗਰਸ ਦੇ ਸੰਸਦ ਮੈਂਬਰ ਅਤੇ ਸਾਬਕਾ ਕੇਂਦਰੀ ਮੰਤਰੀ ਮਨੀਸ਼ ਤਿਵਾੜੀ ਨੇ ਅਮਰੀਕਾ ਨਾਲ ਸੰਭਾਵਿਤ ਖੇਤੀਬਾੜੀ ਵਪਾਰ ਸਮਝੌਤੇ ਨੂੰ ਲੈ ਕੇ ਕੇਂਦਰ ਸਰਕਾਰ 'ਤੇ ਗੰਭੀਰ ਸਵਾਲ ਉਠਾਏ ਹਨ। ਪੱਤਰਕਾਰਾਂ ਨਾਲ ਗੱਲਬਾਤ ਦੌਰਾਨ, ਤਿਵਾੜੀ ਨੇ ਕਿਹਾ ਕਿ ਅਮਰੀਕਾ ਵੱਲੋਂ ਆ ਰਹੇ ਬਿਆਨਾਂ ਤੋਂ ਇਸ਼ਾਰਾ ਮਿਲਦਾ ਹੈ ਕਿ ਭਾਰਤ ਦੇ ਖੇਤੀਬਾੜੀ ਬਾਜ਼ਾਰ ਨੂੰ ਅਮਰੀਕੀ ਖੇਤੀ ਉਤਪਾਦਾਂ ਲਈ ਖੋਲ੍ਹਿਆ ਜਾ ਰਿਹਾ ਹੈ, ਜੋ ਦੇਸ਼ ਦੀ ਕਿਸਾਨੀ ਲਈ ਬਹੁਤ ਚਿੰਤਾਜਨਕ ਸਥਿਤੀ ਪੈਦਾ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਅਮਰੀਕਾ ਦੇ ਖੇਤੀ ਮੰਤਰੀ ਨੇ ਸਰਵਜਨਿਕ ਤੌਰ 'ਤੇ ਬਿਆਨ ਦੇ ਕੇ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਇਹ ਕਹਿੰਦਿਆਂ ਵਧਾਈ ਦਿੱਤੀ ਹੈ ਕਿ ਭਾਰਤ ਦਾ ਬਾਜ਼ਾਰ ਅਮਰੀਕੀ ਖੇਤੀ ਉਤਪਾਦਾਂ ਲਈ ਖੋਲ੍ਹ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਅਜਿਹੇ ਬਿਆਨਾਂ ਨਾਲ ਕਿਸਾਨਾਂ ਦੇ ਭਵਿੱਖ ਬਾਰੇ ਵੱਡੇ ਸਵਾਲ ਖੜੇ ਹੁੰਦੇ ਹਨ। ਤਿਵਾੜੀ ਨੇ ਜ਼ੋਰ ਦਿੰਦਿਆਂ ਕਿਹਾ ਕਿ ਖੇਤੀਬਾੜੀ ਖੇਤਰ ਲਈ ਇਹ ਬਹੁਤ ਹੀ ਗੰਭੀਰ ਮਸਲਾ ਹੈ। ਜੇਕਰ ਅਮਰੀਕਾ ਦੇ



ਖੇਤੀ ਮੰਤਰੀ ਇਹ ਦਾਅਵਾ ਕਰ ਰਹੇ ਹਨ ਕਿ ਭਾਰਤ ਦਾ ਬਾਜ਼ਾਰ ਅਮਰੀਕੀ ਖੇਤੀ ਉਤਪਾਦਾਂ ਲਈ ਖੋਲ੍ਹ ਦਿੱਤਾ ਗਿਆ ਹੈ, ਤਾਂ ਸਰਕਾਰ ਨੂੰ ਇਸਦੀ ਪੂਰੀ ਸੱਚਾਈ ਦੇਸ਼ ਸਾਹਮਣੇ ਰੱਖਣੀ ਚਾਹੀਦੀ ਹੈ। ਇਸੇ ਮੰਗ ਨੂੰ ਲੈ ਕੇ ਅਸੀਂ ਸੰਸਦ ਵਿੱਚ ਕੰਮ ਰੋਕੋ ਪ੍ਰਸਤਾਵ ਲੈ ਕੇ ਆਏ ਹਾਂ। ਕਾਂਗਰਸ ਸੰਸਦ ਮੈਂਬਰ ਨੇ ਕਿਸਾਨਾਂ 'ਤੇ ਸੰਭਾਵਿਤ ਅਸਰ ਨੂੰ ਲੈ ਕੇ ਚਿੰਤਾ ਜਤਾਉਂਦਿਆਂ, ਕਿਹਾ ਕਿ ਅਮਰੀਕਾ ਦੇ ਖੇਤੀ ਮੰਤਰੀ ਅਤੇ ਰਾਸ਼ਟਰਪਤੀ ਟਰੰਪ ਵੱਲੋਂ ਆ ਰਹੇ ਬਿਆਨਾਂ ਨਾਲ ਇਹ ਅਸ਼ੰਕਾ ਵੱਧ ਰਹੀ ਹੈ ਕਿ ਜੇ ਕੋਈ ਖੇਤੀਬਾੜੀ ਵਪਾਰ ਸਮਝੌਤਾ ਹੁੰਦਾ ਹੈ, ਤਾਂ ਇਸਦਾ ਸਿੱਧਾ ਅਤੇ ਨਕਾਰਾਤਮਕ ਪ੍ਰਭਾਵ ਦੇਸ਼ ਦੀ ਕਿਸਾਨੀ 'ਤੇ ਪੈ ਸਕਦਾ ਹੈ। ਸਰਕਾਰ ਨੂੰ ਇਹ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਲਈ ਕੀ ਕਦਮ ਚੁੱਕੇ ਗਏ ਹਨ। ਸੰਸਦ ਮੈਂਬਰ ਤਿਵਾੜੀ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਕਿਸਾਨਾਂ ਦੇ ਹਿੱਤਾਂ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਕਬੂਲ ਨਹੀਂ ਕੀਤਾ ਜਾਵੇਗਾ ਅਤੇ ਸਰਕਾਰ ਨੂੰ ਇਸ ਪੂਰੇ ਮਾਮਲੇ 'ਤੇ ਪਾਰਦਰਸ਼ੀ ਢੰਗ ਨਾਲ ਜਵਾਬ ਦੇਣਾ ਹੋਵੇਗਾ।

# ਪੰਜਾਬ ਦੀ ਸਿਹਤ ਪ੍ਰਣਾਲੀ ਖਸਤਾਹਾਲ: ਦਿਖਾਵਟੀ 'ਆਮ ਆਦਮੀ ਕਲਿਨਿਕ' ਬਣਾਉਣ ਦੀ ਬਜਾਏ ਢਾਂਚਾਗਤ ਸੁਧਾਰ ਕੀਤੇ ਜਾਣ : ਦੀਵਾਨ

**ਲੁਧਿਆਣਾ/ਵਾਸੂ ਜੇਤਲੀ**

ਪੰਜਾਬ ਸਰਕਾਰ ਵੱਲੋਂ 308 ਸਬਸਿਡਰੀ ਹੈਲਥ ਸੈਂਟਰਾਂ ਨੂੰ ਆਮ ਆਦਮੀ ਕਲਿਨਿਕਾਂ ਵਿੱਚ ਤਬਦੀਲ ਕਰਨ ਦੇ ਫ਼ੈਸਲੇ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ, ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ ਸ਼ਹਿਰੀ ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਨੇ ਸਰਕਾਰ 'ਤੇ ਦੋਸ਼ ਲਗਾਇਆ ਹੈ ਕਿ ਉਹ "ਜ਼ਮੀਨੀ ਪੱਧਰ 'ਤੇ ਨਾਕਾਮ ਰਹੀ ਖੋਖਲੀ ਦਿਖਾਵਟ ਨਾਲ ਲੋਕਾਂ ਨੂੰ ਧੋਖਾ ਦੇ ਰਹੀ ਹੈ। ਦੀਵਾਨ ਨੇ ਇਸ ਕਦਮ ਦੀ ਨਿੰਦਾ ਕਰਦਿਆਂ ਕਿਹਾ ਕਿ ਪਹਿਲਾਂ ਤੋਂ ਮੌਜੂਦ 881 ਆਮ ਆਦਮੀ ਕਲਿਨਿਕਾਂ ਵਿੱਚੋਂ ਜ਼ਿਆਦਾਤਰ ਬਦਹਾਲ ਹਾਲਤ ਵਿੱਚ ਹਨ ਅਤੇ ਬਹੁਤਿਆਂ ਵਿੱਚ ਬੁਨਿਆਦੀ ਢਾਂਚੇ ਦੀ ਵੀ ਘਾਟ ਹੈ। ਉਨ੍ਹਾਂ ਕਿਹਾ ਕਿ ਸਿਹਤ ਸੇਵਾਵਾਂ ਮਜ਼ਬੂਤ ਕਰਨ ਦੀ ਥਾਂ ਤੇ ਸਰਕਾਰ ਡਿਸਪੈਂਸਰੀਆਂ ਨੂੰ ਨਵੇਂ



ਸਾਈਨਬੋਰਡ ਲਗਾ ਕੇ ਮੁੜ ਤੋਂ ਰੰਗਾਈ ਕਰਨ ਵਿੱਚ ਲੱਗੀ ਹੋਈ ਹੈ, ਜਦਕਿ ਮਰੀਜ਼ ਅਜੇ ਵੀ ਪਰੇਸ਼ਾਨ ਹੋ ਰਹੇ ਹਨ। ਦੀਵਾਨ ਨੇ ਆਪ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ 308 ਸਬਸਿਡਰੀ ਹੈਲਥ ਸੈਂਟਰਾਂ ਨੂੰ ਆਮ ਆਦਮੀ ਕਲੀਨਿਕਾਂ ਵਿੱਚ ਤਬਦੀਲ ਕਰਨ ਦੀ ਥਾਂ ਮੌਜੂਦਾ ਸਿਹਤ ਢਾਂਚੇ ਨੂੰ ਅਪਗ੍ਰੇਡ ਕਰਨ ਨੂੰ ਤਰਜੀਹ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਮੂਕ ਦਰਸ਼ਕ ਨਹੀਂ ਹਨ। ਸੂਬੇ ਭਰ ਦੇ ਲੋਕ ਇਸ ਸਰਕਾਰ ਦੀ ਹਰ ਚਾਲ ਨੂੰ ਧਿਆਨ ਨਾਲ ਦੇਖ ਰਹੇ ਹਨ ਅਤੇ ਉਨ੍ਹਾਂ ਦਾ ਸਬਰ ਹੁਣ ਖ਼ਤਮ ਹੋ ਚੁੱਕਾ ਹੈ।

# ਲੁਧਿਆਣਾ ਵਿੱਚ 7-ਰੋਜ਼ਾ 'ਯੁਵਾ ਆਪਦਾ ਮਿੱਤਰ' ਸਿਖਲਾਈ ਕੈਂਪ ਸਫਲਤਾਪੂਰਵਕ ਸੰਪੰਨ

## 230 ਵਲੰਟੀਅਰਾਂ ਨੂੰ 'ਫਸਟ ਰਿਸਪੌਂਡਰ' ਸਰਟੀਫਿਕੇਟ ਪ੍ਰਦਾਨ ਕੀਤੇ

**ਲੁਧਿਆਣਾ/ਤਮੰਨਾ ਬੇਦੀ**

ਲੁਧਿਆਣਾ ਵਿਖੇ ਚੱਲ ਰਿਹਾ 7-ਰੋਜ਼ਾ 'ਯੁਵਾ ਆਪਦਾ ਮਿੱਤਰ' ਸਿਖਲਾਈ ਕੈਂਪ ਵੀਰਵਾਰ ਨੂੰ ਸਫਲਤਾਪੂਰਵਕ ਸੰਪੰਨ ਹੋ ਗਿਆ। ਇਸ ਸਮਾਪਤੀ ਸਮਾਰੋਹ ਦੌਰਾਨ 230 ਵਲੰਟੀਅਰਾਂ ਜਿਨ੍ਹਾਂ ਵਿੱਚ ਰਾਸ਼ਟਰੀ ਸੇਵਾ ਯੋਜਨਾ (ਐਨ. ਐਸ. ਐਸ) ਦੇ 218 ਵਲੰਟੀਅਰ ਅਤੇ ਨਹਿਰੂ ਯੁਵਾ ਕੇਂਦਰ ਸੰਗਠਨ (ਐਨ.ਵਾਈ.ਕੇ.ਐਸ) ਦੇ 12 ਵਲੰਟੀਅਰ ਨੂੰ 'ਫਸਟ ਰਿਸਪੌਂਡਰ' ਵਜੋਂ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਜ਼ਿਲ੍ਹਾ ਫੈਲੋਸ਼ਿਪ ਅਫ਼ਸਰ ਸ਼੍ਰੀ ਅੰਬਰ ਬੰਦੋਪਾਧਿਆਏ ਨੇ ਇਸ ਸਮਾਪਤੀ ਸਮਾਰੋਹ ਦੌਰਾਨ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਵਲੰਟੀਅਰਾਂ ਨੂੰ ਦੇਸ਼ ਦੀ ਸੇਵਾ ਲਈ ਤਤਪਰ ਰਹਿਣ ਲਈ ਪ੍ਰੇਰਿਤ ਕੀਤਾ। ਸਮਾਰੋਹ ਦੌਰਾਨ ਵਲੰਟੀਅਰਾਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ ਜਿਸ ਨੇ ਮਾਹੌਲ ਨੂੰ ਖੁਸ਼ਗਵਾਰ ਬਣਾ ਦਿੱਤਾ। ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ਼ ਪਬਲਿਕ ਐਡਮਿਨਿਸਟ੍ਰੇਸ਼ਨ (ਐਮ. ਜੀ. ਸੀ. ਪੀ. ਏ) ਪ੍ਰੋ. ਡਾ. ਜੋਗ ਸਿੰਘ ਭਾਟੀਆ ਨੇ ਮੁੱਖ ਮਹਿਮਾਨ ਨੂੰ ਸਤਿਕਾਰ ਵਜੋਂ 'ਟੋਕਨ ਆਫ਼ ਲਵ' ਭੇਂਟ ਕੀਤਾ ਅਤੇ ਸਮੂਹ ਵਲੰਟੀਅਰਾਂ ਨੂੰ ਉਨ੍ਹਾਂ ਦੇ ਸੁਨੇਹਰੀ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ਼ ਪਬਲਿਕ ਐਡਮਿਨਿਸਟ੍ਰੇਸ਼ਨ ਦੀ ਇੰਸਟ੍ਰਕਟਰ ਟੀਮ



ਹਰਕੀਰਤ ਸਿੰਘ ਅਰੋੜਾ (ਟ੍ਰੇਨਿੰਗ ਕੋਆਰਡੀਨੇਟਰ), ਮਨਜੋਤ ਕੌਰ, ਸੁਖਚੈਨ ਸਿੰਘ, ਕੋਮਲ, ਦੀਨਾਕਸ਼ੀ, ਪੂਜਾ, ਦਵਿੰਦਰ ਕੌਰ, ਜੌਹਨਸਨ, ਮਨਦੀਪ ਕੁਮਾਰ, ਰਣਜੀਤ ਸਿੰਘ ਭਾਟੀਆ ਅਤੇ ਸਲੋਨੀ ਸ਼ਰਮਾ ਵੀ ਹਾਜ਼ਰ ਸੀ।

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350ਵੇਂ ਗੁਰਿਆਈ ਦਿਵਸ ਨੂੰ ਸਮਰਪਿਤ ਤਿੰਨ ਰੋਜ਼ਾ ਵਿਸ਼ਵ ਪੰਜਾਬੀ ਕਾਨ.ਫਰੰਸ ਜਵੱਦੀ ਟਕਸਾਲ ਵਿਖੇ 20 ਤੋਂ : ਸੰਤ ਬਾਬਾ ਅਮੀਰ ਸਿੰਘ

**ਲੁਧਿਆਣਾ/ਜੱਗੂ ਜਵੱਦੀ**

ਪੁਰਾਤਨ ਗੁਰਮਤਿ ਸੰਗੀਤ, ਗੁਰਬਾਣੀ ਪ੍ਰਚਾਰ ਪਸਾਰ ਅਤੇ ਗੁਰੂ ਇਤਿਹਾਸ ਲਈ ਨਿਰੰਤਰ ਕਾਰਜਸ਼ੀਲ ਜਵੱਦੀ ਟਕਸਾਲ ਦੇ ਦਫਤਰ ਵਲੋਂ ਭੇਜੀ ਜਾਣਕਾਰੀ ਮੌਜੂਦਾ ਮੁਖੀ ਸੰਤ ਗਿਆਨੀ ਅਮੀਰ ਸਿੰਘ ਜੀ ਦੀ ਸਰਪ੍ਰਸਤੀ ਹੇਠ ਡਾ. ਹਰਜੋਧ ਸਿੰਘ ਅਤੇ ਸ੍ਰ: ਰਣਜੋਧ ਸਿੰਘ ਜੀ ਦੇ ਸਹਿਯੋਗ ਨਾਲ ਸਾਹਬ-ਏ-ਕਮਾਲ, ਸਰਬੰਸ-ਦਾਨੀ, ਅੰਮ੍ਰਿਤ ਦੇ ਦਾਤੇ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਿਆਈ ਦਿਵਸ ਨੂੰ ਸਮਰਪਿਤ ਤਿੰਨ ਰੋਜ਼ਾ ਵਿਸ਼ਵ ਪੰਜਾਬੀ ਕਾਨ.ਫਰੰਸ 20, 21 ਅਤੇ 22 ਫਰਵਰੀ ਨੂੰ ਕਰਵਾਈ ਜਾ ਰਹੀ ਹੈ। 'ਸ੍ਰੀ ਗੁਰੂ ਗੋਬਿੰਦ ਸਿੰਘ ਜੀ : ਜੀਵਨ, ਬਾਣੀ ਅਤੇ ਵਿਰਾਸਤ' ਵਿਸ਼ੇ ਤੇ ਹੋਣ ਵਾਲੀ ਵਿਸ਼ੇਸ਼ ਕਾਨਫਰੰਸ ਵਿੱਚ ਪਦਮ ਸ੍ਰੀ ਬਾਬਾ ਸੇਵਾ ਸਿੰਘ ਜੀ ਕਾਰ ਸੇਵਾ ਸ੍ਰੀ ਖਡੂਰ ਸਾਹਿਬ, ਵਿਦਵਾਨ ਮਹਾਂਪੁਰਸ਼ ਸੰਤ ਬਾਬਾ ਸੇਵਾ ਸਿੰਘ ਰਾਮਪੁਰ ਖੇੜਾ,ਸੰਤ ਬਾਬਾ ਗੁਰਮੀਤ ਸਿੰਘ ਖੋਸਾ ਕੋਟਲਾ, ਨਿਰਮਲੇ ਮਹਾਂਪੁਰਸ਼ ਸੰਤ ਬਾਬਾ ਤੇਜਾ ਸਿੰਘ ਖੁੱਡਾ, ਵਾਤਾਵਰਣ ਪ੍ਰੇਮੀ ਸੰਤ ਬਾਬਾ ਬਲਵੀਰ ਸਿੰਘ ਸੀਚੇਵਾਲ, ਸਾ: ਅੰਬੈਸਡਰ ਸ੍ਰ: ਕੇ. ਸੀ. ਸਿੰਘ, ਪ੍ਰੋ: ਗੁਰਨੇਕ ਸਿੰਘ ਸਾ:ਵਾਈਸ ਚਾਂਸਲਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ,ਪ੍ਰੋ: ਪਰਿਤ ਪਾਲ ਸਿੰਘ ਵਾਈਸ ਚਾਂਸਲਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਗੁਰਚਰਨ ਜੀਤ ਸਿੰਘ ਲਾਂਬਾ, ਸ ਗੁਰਜਤਿੰਦਰ ਸਿੰਘ ਰੰਧਾਵਾ, ਪ੍ਰੋ: ਬਲਵੰਤ ਸਿੰਘ ਢਿੱਲੋਂ, ਸ. ਭੁਪਿੰਦਰ ਸਿੰਘ ਬਾਜਵਾ, ਸ. ਮੋਤਾ ਸਿੰਘ ਸਰਾਏ, ਪ੍ਰੋ: ਸੁਖਦੇਵ ਸਿੰਘ ਸੋਹਲ, ਪ੍ਰੋ: ਰੌਣਕੀ ਰਾਮ, ਪ੍ਰੋ: ਅੰਜੂ ਸੂਰੀ, ਪ੍ਰੋ: ਬਲਕਾਰ ਸਿੰਘ, ਡਾ: ਚਰਨ ਸਿੰਘ ਸਾਬਕਾ ਚੇਅਰਮੈਨ ਪੰਜਾਬ ਐਂਡ ਸਿੰਧ ਬੈਂਕ, ਸ: ਪ੍ਰਤਾਪ ਸਿੰਘ ਡਾਇਰੈਕਟਰ ਗੁਰੂ ਨਾਨਕ ਫਾਊਂਡੇਸ਼ਨ, ਡਾ: ਜਸਬੀਰ ਸਿੰਘ ਸਰਨਾ ਜੰਮੂ ਕਸ਼ਮੀਰ, ਡਾ:ਆਸਾ ਸਿੰਘ ਘੁੰਮਣ, ਡਾ: ਸਰਮੁਹੱਬਤ ਸਿੰਘ ਰੰਧਾਵਾ, ਡਾ: ਨਬੀਲਾ ਰਹਿਮਾਨ, ਗਿ: ਸੰਤੋਖ ਸਿੰਘ ਆਸਟਰੇਲੀਆ, ਡਾ: ਹਰਜਿੰਦਰ ਸਿੰਘ ਆਸਟਰੇਲੀਆ, ਐਡ: ਪਰਮਜੀਤ ਸਿੰਘ ਗਿੱਲ ਕੈਨੇਡਾ, ਡਾ: ਜਸਬੀਰ ਸਿੰਘ ਮਾਨ ਯੂ.ਐਸ.ਏ, ਪ੍ਰਿੰ: ਸੰਤੋਖ ਸਿੰਘ ਮਲੇਸ਼ੀਆ, ਕੰਵਰਪਾਲ ਸਿੰਘ ਸੂਰੀ ਯੂ.ਐਸ.ਏ.ਆਦਿ ਵਿਦਵਾਨ ਖੋਜ ਭਰਪੂਰ ਪਰਚੇ ਪੜ੍ਹਨਗੇ ਅਤੇ ਆਪੋ-ਆਪਣੇ ਵਿਚਾਰਾਂ ਦੀ ਸਾਂਝ ਪਾਉਣਗੇ।



# ਡਿਵਾਈਨ ਪਬਲਿਕ ਸਕੂਲ ਨੇ ਕਰਵਾਇਆ ਫੇਅਰਵੈਲ ਸਮਾਗਮ

**ਫਗਵਾੜਾ** : ਡਿਵਾਈਨ ਪਬਲਿਕ ਸਕੂਲ, ਫਗਵਾੜਾ ਨੇ 10+2 ਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਸਾਲਾਨਾ ਪ੍ਰੀਖਿਆਵਾਂ ਤੋਂ ਪਹਿਲਾਂ ਵਿਦਾਇਗੀ ਦੇਣ ਲਈ ਹੋਟਲ ਸਟੈਲਾ ਵਿਖੇ ਫੇਅਰਵੈਲ ਪਾਰਟੀ ਦਾ ਆਯੋਜਨ ਕੀਤਾ। ਸਕੂਲ ਪ੍ਰਿੰਸੀਪਲ ਰੇਣੂ ਠਾਕੁਰ ਦੀ ਅਗਵਾਈ ਹੇਠ ਆਯੋਜਿਤ ਇਸ ਸਮਾਗਮ ਵਿੱਚ ਸਕੂਲ ਦੇ ਚੇਅਰਮੈਨ ਪੰਕਜ ਕਪੂਰ ਨੇ ਪਰਿਵਾਰ ਸਮੇਤ ਸ਼ਿਰਕਤ ਕੀਤੀ। ਸਕੂਲ ਸਟਾਫ਼ ਅਤੇ ਵਿਦਿਆਰਥੀਆਂ ਦੁਆਰਾ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਵਿਦਿਆਰਥੀਆਂ ਨੇ ਪੇਪਰ ਡਾਂਸ, ਧੁਨ ਨਾਲ ਗੀਤ ਦੀ ਪਹਿਚਾਣ, ਕੱਪ ਡਾਂਸ, ਅੰਤਾਕਸ਼ਰੀ ਅਤੇ ਮਾਡਲਿੰਗ ਵਰਗੀਆਂ ਵੱਖ-ਵੱਖ ਮਜ਼ੇਦਾਰ ਖੇਡਾਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। 12ਵੀਂ ਜਮਾਤ ਦੇ ਵਿਦਿਆਰਥੀਆਂ ਨੇ ਆਪਣੀਆਂ ਸਕੂਲ ਦੀਆਂ ਯਾਦਾਂ ਨੂੰ ਯਾਦ ਕੀਤਾ। ਇੱਕ ਕੁਇਜ਼ ਸੈਸ਼ਨ ਵੀ ਆਯੋਜਿਤ ਕੀਤਾ ਗਿਆ। ਜਿਊਰੀ ਨੇ ਵਿਦਿਆਰਥੀਆਂ ਦੇ ਆਤਮਵਿਸ਼ਵਾਸ ਅਤੇ ਪਹਿਰਾਵੇ ਦਾ ਮੁਲਾਂਕਣ ਕਰਕੇ ਵੱਖ-ਵੱਖ ਟਾਈਟਲ ਪ੍ਰਦਾਨ ਕੀਤੇ। ਸਕੂਲ ਪਰੰਪਰਾ ਅਨੁਸਾਰ ਇਸ ਸਾਲ ਰਾਹਿਲ ਨੂੰ ਮਿਸਟਰ ਡਿਵਾਈਨ ਦਾ ਖਿਤਾਬ ਦਿੱਤਾ ਗਿਆ ਜਦਕਿ ਸ਼ਰਨਜੀਤ ਕੌਰ ਨੇ ਮਿਸ ਡਿਵਾਈਨ ਦਾ ਖਿਤਾਬ ਆਪਣੇ ਨਾਮ ਕੀਤਾ।

# ਖੇਤੀਬਾੜੀ ਗ੍ਰੇਡ ਯੂਰੀਆ ਦੀ ਗੈਰਕਾਨੂੰਨੀ ਵਰਤੋਂ ਬਰਦਾਸ਼ਤ ਨਹੀਂ : ਮੁੱਖ ਖੇਤੀਬਾੜੀ ਅਫਸਰ

**ਲੁਧਿਆਣਾ/ਦਿਵਿਆਂਸ਼ੂ ਸ਼ਰਮਾ ਖੰਨਾ**

ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਫਸਲਾਂ ਲਈ ਯੂਰੀਆ ਖਾਦ ਸਮੇਂ ਸਿਰ ਉਪਲਬੱਧ ਕਰਵਾਉਣ ਲਈ ਹਰ ਸੰਭਵ ਉਪਰਾਲੇ ਕੀਤੇ ਜਾ ਰਹੇ ਹਨ। ਖੇਤੀਬਾੜੀ ਮੰਤਰੀ ਸ੍ਰੀ ਗੁਰਮੀਤ ਸਿੰਘ ਖੁੱਡੀਆ ਦੀਆਂ ਕਿਸਾਨੀ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਖੇਤੀਬਾੜੀ ਗ੍ਰੇਡ ਯੂਰੀਆਂ ਦੀ ਗੈਰ ਕਾਨੂੰਨੀ ਵਰਤੋਂ ਨੂੰ ਰੋਕਣ ਸਬੰਧੀ ਜਾਰੀ ਹਦਾਇਤਾਂ ਅਤੇ ਪ੍ਰਬੰਧਕੀ ਸਕੱਤਰ ਖੇਤੀਬਾੜੀ ਸ੍ਰੀ ਅਰਸ਼ਦੀਪ ਸਿੰਘ ਥਿੰਦ ਅਤੇ ਡਾਇਰੈਕਟਰ ਖੇਤੀਬਾੜੀ ਸ੍ਰੀ ਗੁਰਜੀਤ ਸਿੰਘ ਬਰਾੜ ਵੱਲੋਂ ਜਾਰੀ ਦਿਸ਼ਾ ਨਿਰਦੇਸ਼ ਦੀ ਪਾਲਣਾ ਹਿੱਤ 3 ਫਰਵਰੀ 2026 ਨੂੰ ਮੁੱਖ ਖੇਤੀਬਾੜੀ ਅਫਸਰ ਲੁਧਿਆਣਾ ਡਾ. ਗੁਰਦੀਪ ਸਿੰਘ ਦੀ ਅਗਵਾਈ ਹੇਠ ਖੇਤੀਬਾੜੀ ਵਿਭਾਗ ਲੁਧਿਆਣਾ ਦੀ ਟੀਮ ਸਮੇਤ ਪੁਲਿਸ ਪਾਰਟੀ ਥਾਣਾ ਦਾਖਾ ਵੱਲੋਂ ਸੂਚਨਾ ਦੇ ਅਧਾਰ 'ਤੇ ਪਲਾਈਵੁੱਡ ਫੈਕਟਰੀ



ਆਰਿਆ ਇੰਡਸਟ੍ਰੀਜ਼, ਪਿੰਡ ਰਾਣਕੇ ਦੀ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਭਾਰਤ ਸਰਕਾਰ ਵੱਲੋਂ ਕਿਸਾਨਾਂ ਨੂੰ ਸਬਸਿਡੀ ਤੇ ਮਹੁੱਈਆਂ ਕਰਵਾਇਆ ਜਾਂਦਾ ਖੇਤੀਬਾੜੀ ਗ੍ਰੇਡ ਯੂਰੀਆ ਫੈਕਟਰੀ ਵਿੱਚ ਫੜਿਆ ਗਿਆ, ਜਿਸ ਦੀ ਵਰਤੋਂ ਫੈਕਟਰੀ ਵੱਲੋਂ ਗੈਰ ਕਾਨੂੰਨੀ ਤਰੀਕੇ ਨਾਲ ਪਲਾਈਵੁੱਡ ਬਣਾਉਣ ਲਈ ਕੀਤੀ ਜਾ ਰਹੀ ਸੀ ਕਿਉਂਕਿ ਖੇਤੀਬਾੜੀ ਗ੍ਰੇਡ ਯੂਰੀਆਂ ਦੀ ਵਰਤੋਂ ਸਿਰਫ ਕਿਸਾਨਾਂ ਵੱਲੋਂ ਖੇਤੀਬਾੜੀ ਲਈ ਹੀ ਕੀਤੀ ਜਾ ਸਕਦੀ ਹੈ ਅਤੇ ਜਿਸ 'ਤੇ ਸਰਕਾਰ ਵੱਲੋਂ ਭਾਰੀ ਸਬਸਿਡੀ ਦਿੱਤੀ ਜਾਂਦੀ ਹੈ। ਪਲਾਈਵੁੱਡ ਫੈਕਟਰੀ ਵੱਲੋਂ ਖੇਤੀਬਾੜੀ ਗ੍ਰੇਡ ਯੂਰੀਆ ਦੀ ਗੈਰ ਕਾਨੂੰਨੀ ਤਰੀਕੇ ਨਾਲ ਵਰਤੋਂ ਕਰਕੇ ਸਬਸਿਡੀ ਦਾ ਲਾਭ ਲਿਆ ਜਾਣ ਕਰਕੇ ਸਰਕਾਰ ਅਤੇ ਕਿਸਾਨੀ ਨੂੰ ਮਾਲੀ ਨੁਕਸਾਨ ਪਹੁੰਚਾਇਆ ਜਾ ਰਿਹਾ ਸੀ। ਜਿਸ ਕਰਕੇ ਅਰਸ਼ਦੀਪ ਸਿੰਘ, ਖਾਦ ਇੰਸਪੈਕਟਰ, ਹੰਬੜਾ ਵੱਲੋਂ ਮੌਕੇ ਤੇ ਬਰਾਮਦ ਯੂਰੀਆ ਖਾਦ ਸੀਲ ਕਰਕੇ ਪੁਲਿਸ ਥਾਣਾ, ਦਾਖਾ ਵਿਖੇ ਮੁਕੱਦਮਾ ਦਰਜ ਕਰਵਾ ਦਿੱਤਾ ਗਿਆ ਹੈ।

# ਨਗਰ ਰਾਜਭਾਸ਼ਾ ਲਾਗੂ ਕਰਨ ਸਮਿਤੀ ਦੀ ਬੈਠਕ ਅਤੇ ਪੁਰਸਕਾਰ ਵੰਡ ਸਮਾਰੋਹ ਦਾ ਆਯੋਜਨ

## 58 ਅਧਿਕਾਰੀਆਂ/ਕਰਮਚਾਰੀਆਂ ਨੂੰ ਰਾਜਭਾਸ਼ਾ ਉੱਤਮਤਾ ਪੁਰਸਕਾਰ ਪ੍ਰਦਾਨ ਕੀਤੇ

**ਚੰਡੀਗੜ੍ਹ/ਬਿਊਰੋ**

ਚੰਡੀਗੜ੍ਹ ਨਗਰ ਰਾਜਭਾਸ਼ਾ ਲਾਗੂਕਰਨ ਸਮਿਤੀ (ਨਰਾਕਾਸ) (ਦਫ਼ਤਰ-1) ਨੇ ਅੱਜ ਰੱਖਿਆ ਭੂ-ਸੂਚਨਾ ਵਿਗਿਆਨ ਅਨੁਸੰਧਾਨ ਪ੍ਰਤਿਸ਼ਠਾਨ, ਹਿਮ ਪਰਿਸਰ, ਸੈਕਟਰ 37, ਚੰਡੀਗੜ੍ਹ ਵਿੱਚ ਸਾਲ 2025-26 ਦੀ ਦੂਜੀ ਛਮਾਹੀ ਬੈਠਕ ਦਾ ਆਯੋਜਨ ਕੀਤਾ। ਬੈਠਕ ਦੀ ਪ੍ਰਧਾਨਗੀ ਸਮਿਤੀ ਪ੍ਰਮੁੱਖ ਸ਼੍ਰੀ ਅਸ਼ੋਕ ਕੁਮਾਰ ਸਰੋਹਾ, ਪ੍ਰਧਾਨ ਚੀਫ਼ ਕਮਿਸ਼ਨਰ ਇਨਕਮ ਟੈਕਸ, ਉੱਤਰ-ਪੱਛਮ ਖੇਤਰ, ਚੰਡੀਗੜ੍ਹ ਨੇ ਕੀਤੀ। ਬੈਠਕ ਵਿੱਚ ਕੇਂਦਰ ਸਰਕਾਰੀ ਦਫ਼ਤਰਾਂ ਵਿੱਚ ਹਿੰਦੀ ਦੇ ਪ੍ਰਯੋਗ ਦੀ ਸਮੀਖਿਆ ਕੀਤੀ ਗਈ ਅਤੇ ਸਾਲ 2025-26 ਦੇ ਟੀਚਿਆਂ 'ਤੇ ਚਰਚਾ ਕੀਤੀ ਗਈ। ਇਸ ਦੌਰਾਨ ਸਮਿਤੀ ਦੀ



ਸਾਲਾਨਾ ਪੱਤਰਿਕਾ 'ਸ਼ਿਵਾਲਿਕਾ ਚੰਡੀਗੜ੍ਹ' ਦੇ 26 ਵੇਂ ਅੰਕ ਦਾ ਵਿਮੋਚਨ ਵੀ ਕੀਤਾ ਗਿਆ। ਪੁਰਸਕਾਰ ਵੰਡ ਸਮਾਰੋਹ ਵਿੱਚ ਪ੍ਰਧਾਨ ਸ਼੍ਰੀ ਅਸ਼ੋਕ ਨੇ ਕਿਹਾ ਕਿ ਹਿੰਦੀ ਦੇ ਪ੍ਰਯੋਗ ਨਾਲ ਹੀ ਦੇਸ਼ ਦੀ ਮੌਲਿਕ ਸੋਚ ਅਤੇ ਰਚਨਾਤਮਕ ਅਭਿਵਿਅਕਤੀ ਸੰਭਵ ਹੈ। ਹਿੰਦੀ ਅੱਜ ਸੂਚਨਾ ਤਕਨਾਲੋਜੀ, ਇੰਜੀਨੀਅਰਿੰਗ ਅਤੇ ਮੈਡੀਕਲ ਦੇ ਖੇਤਰ ਵਿੱਚ ਕਾਫ਼ੀ ਲੋਕਪ੍ਰਿਯ ਹੋ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਸਾਨੂੰ ਹਿੰਦੀ ਨੂੰ ਹੋਰ ਵਧੇਰੇ ਉਤਸ਼ਾਹਿਤ ਕਰਨ ਲਈ ਮਿਲ ਕੇ ਕੰਮ ਕਰਨਾ ਹੋਵੇਗਾ। ਹਿੰਦੀ ਦੇ ਪ੍ਰਯੋਗ ਨਾਲ ਅਸੀਂ ਨਾ ਸਿਰਫ਼ ਆਪਣੇ ਸੱਭਿਆਚਾਰ ਨੂੰ ਹੁਲਾਰਾ ਦੇ ਸਕਦੇ ਹਾਂ, ਸਗੋਂ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਵੀ ਮਜ਼ਬੂਤ ਕਰ ਸਕਦੇ ਹਾਂ। ਸਾਨੂੰ ਹਿੰਦੀ ਨੂੰ ਰੋਜ਼ਮਰ੍ਹਾ ਦੀ ਜ਼ਿੰਦਗੀ ਵਿੱਚ ਜ਼ਿਆਦਾ ਤੋਂ ਜ਼ਿਆਦਾ ਪ੍ਰਯੋਗ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਨਰਾਕਾਸ ਸਮਿਤੀ ਦੇ ਯਤਨਾਂ ਨਾਲ ਚੰਡੀਗੜ੍ਹ ਦੇ ਦਫ਼ਤਰਾਂ ਵਿੱਚ ਹਿੰਦੀ ਦੇ ਪ੍ਰਯੋਗ ਵਿੱਚ ਨਿਰੰਤਰ ਵਾਧਾ ਹੋਇਆ ਹੈ। ਵਿਸ਼ੇਸ਼ ਮਹਿਮਾਨ ਡਾ. ਮਾਧਵ ਕੌਸ਼ਿਕ, ਪ੍ਰਧਾਨ, ਕੇਂਦਰੀ ਸਾਹਿਤ ਅਕਾਦਮੀ, ਨਵੀਂ ਦਿੱਲੀ ਨੇ ਹਿੰਦੀ ਸਾਹਿਤ ਅਤੇ ਸੱਭਿਆਚਾਰ 'ਤੇ ਆਪਣੇ ਵਿਚਾਰ ਸਾਂਝੇ ਕੀਤੇ। ਨਰਾਕਾਸ ਮੈਂਬਰ ਸਕੱਤਰ ਸ਼੍ਰੀਮਤੀ ਨੀਨਾ ਮਲਹੋਤਰਾ ਨੇ ਬੈਠਕ ਵਿੱਚ ਚੰਡੀਗੜ੍ਹ ਸਥਿਤ ਕੇਂਦਰ ਸਰਕਾਰੀ ਦਫ਼ਤਰਾਂ ਵਿੱਚ ਹਿੰਦੀ ਦੇ ਪ੍ਰਯੋਗ ਦੀ ਸਮੀਖਿਆ ਪੇਸ਼ ਕੀਤੀ। ਸਮਿਤੀ ਨੇ ਸਾਲ 2024-25 ਵਿੱਚ ਆਯੋਜਿਤ ਮੁਕਾਬਲਿਆਂ ਦੇ 58 ਅਧਿਕਾਰੀਆਂ/ ਕਰਮਚਾਰੀਆਂ ਨੂੰ ਪੁਰਸਕਾਰ ਪ੍ਰਦਾਨ ਕੀਤੇ। ਇਸ ਤੋਂ ਇਲਾਵਾ, ਚੰਡੀਗੜ੍ਹ ਦੇ ਕੇਂਦਰੀ ਸਰਕਾਰੀ ਦਫਤਰਾਂ ਵੱਲੋਂ ਪ੍ਰਕਾਸ਼ਿਤ ਸਰਵਸ਼੍ਰੇਸ਼ਠ ਹਿੰਦੀ ਪੱਤਰਕਾਵਾਂ ਲਈ ਅਤੇ ਸਰਕਾਰੀ ਦਫ਼ਤਰਾਂ ਦੇ ਹਿੰਦੀ ਲੇਖਕਾਂ ਨੂੰ ਵੀ ਸਨਮਾਨਿਤ ਕੀਤਾ ਗਿਆ। 40 ਦਫ਼ਤਰਾਂ ਦੇ ਪ੍ਰਮੁੱਖਾਂ ਨੂੰ ਵੀ ਹਿੰਦੀ ਦੇ ਪ੍ਰਯੋਗ ਵਿੱਚ ਉੱਤਮਤਾ ਲਈ ਪੁਰਸਕਾਰ ਪ੍ਰਦਾਨ ਕੀਤੇ ਗਏ।



## ਕਰਮਚਾਰੀ ਭਵਿੱਖ ਨਿਧੀ ਸੰਗਠਨ ਚੰਡੀਗੜ੍ਹ ਵੱਲੋਂ ਸੈਮੀਨਾਰ ਦਾ ਆਯੋਜਨ

**ਚੰਡੀਗੜ੍ਹ/ਬਿਊਰੋ**

ਕਰਮਚਾਰੀ ਭਵਿੱਖ ਨਿਧੀ ਸੰਗਠਨ, ਚੰਡੀਗੜ੍ਹ ਨੇ ਅੱਜ ਪੰਜਾਬ ਸਰਕਾਰ ਦੇ ਕਿਰਤ ਵਿਭਾਗ ਦੇ ਸਹਿਯੋਗ ਨਾਲ, ਮੋਹਾਲੀ ਦੇ ਸ਼੍ਰਮ ਭਵਨ ਵਿਖੇ ਪੰਜਾਬ ਰਾਜ ਸਰਕਾਰ ਦੇ ਵੱਖ-ਵੱਖ ਵਿਭਾਗਾਂ ਲਈ ਕਰਮਚਾਰੀ ਨਾਮਾਂਕਣ ਮੁਹਿੰਮ , ਪ੍ਰਧਾਨ ਮੰਤਰੀ ਵਿਕਾਸ ਭਾਰਤ ਰੁਜ਼ਗਾਰ ਯੋਜਨਾ, ਅਤੇ ਸਮਾਜਿਕ ਸੁਰੱਖਿਆ, ਨਿਯਮਾਂ 'ਤੇ ਕੋਡ, 2020 'ਤੇ ਇੱਕ ਸੈਮੀਨਾਰ ਦਾ ਆਯੋਜਨ ਕੀਤਾ। ਸੈਮੀਨਾਰ ਵਿੱਚ ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਸ਼ਿਰਕਤ ਕੀਤੀ। ਭਾਰਤ ਸਰਕਾਰ ਦੇ ਕਿਰਤ ਸਕੱਤਰ ਦੁਆਰਾ ਜਾਰੀ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ, ਰਾਜ ਸਰਕਾਰਾਂ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਹੈ ਕਿ ਉਨ੍ਹਾਂ ਦੇ ਵਿਭਾਗਾਂ ਦੁਆਰਾ ਨਿਯੁਕਤ ਠੇਕੇਦਾਰਾਂ ਅਤੇ ਠੇਕੇ 'ਤੇ ਕੰਮ ਕਰਨ ਵਾਲੇ ਕਰਮਚਾਰੀਆਂ ਨੂੰ ਕਰਮਚਾਰੀ ਭਵਿੱਖ ਨਿਧੀ ਸੰਗਠਨ ਦੀ ਕਰਮਚਾਰੀ ਨਾਮਾਂਕਣ ਮੁਹਿੰਮ ਬਾਰੇ ਢੁਕਵੀਂ ਜਾਣਕਾਰੀ ਦਿੱਤੀ ਜਾਵੇ ਤਾਂ ਜੋ ਮੁਹਿੰਮ ਦਾ ਵਿਆਪਕ ਪ੍ਰਸਾਰ ਯਕੀਨੀ ਬਣਾਇਆ ਜਾ ਸਕੇ। ਇਸ ਪਹਿਲਕਦਮੀ ਦਾ ਉਦੇਸ਼ ਯੋਗ ਆਊਟਸੋਰਸਡ ਅਤੇ ਕੰਟਰੈਕਟ ਵਰਕਰਾਂ ਨੂੰ ਸਮਾਜਿਕ ਸੁਰੱਖਿਆ ਦੇ ਦਾਇਰੇ ਵਿੱਚ ਲਿਆਉਣਾ ਹੈ। ਈਪੀਐੱਫਓ ਵੱਲੋਂ, ਸ਼੍ਰੀ ਰਿਤੇਸ਼ ਸੈਣੀ, ਖੇਤਰੀ ਭਵਿੱਖ ਨਿਧੀ ਕਮਿਸ਼ਨਰ-1, ਜ਼ੋਨਲ ਦਫ਼ਤਰ, ਚੰਡੀਗੜ੍ਹ, ਅਤੇ ਸ਼੍ਰੀ ਦੀਪਕ ਪਾਲ, ਖੇਤਰੀ ਭਵਿੱਖ ਨਿਧੀ ਕਮਿਸ਼ਨਰ-2, ਖੇਤਰੀ ਦਫ਼ਤਰ, ਚੰਡੀਗੜ੍ਹ, ਹੋਰ ਅਧਿਕਾਰੀਆਂ ਦੇ ਨਾਲ, ਇਸ ਸਮਾਗਮ ਵਿੱਚ ਮੌਜੂਦ ਸਨ। ਕਿਰਤ ਵਿਭਾਗ, ਪੰਜਾਬ ਸਰਕਾਰ ਵੱਲੋਂ, ਸ਼੍ਰੀ ਬਲਜੀਤ ਸਿੰਘ, ਡਿਪਟੀ ਲੇਬਰ ਕਮਿਸ਼ਨਰ, ਹੋਰ ਵਿਭਾਗੀ ਅਧਿਕਾਰੀਆਂ ਦੇ ਨਾਲ, ਮੌਜੂਦ ਸਨ। ਸੈਮੀਨਾਰ ਵਿੱਚ ਪੰਜਾਬ ਸਰਕਾਰ ਦੇ




ਵੱਖ-ਵੱਖ ਵਿਭਾਗਾਂ ਦੀ ਨੁਮਾਇੰਦਗੀ ਕਰਨ ਵਾਲੇ ਕੁੱਲ 62 ਅਧਿਕਾਰੀਆਂ ਨੇ ਹਿੱਸਾ ਲਿਆ। ਸੈਮੀਨਾਰ ਦੌਰਾਨ, ਸ਼੍ਰੀ ਦੀਪਕ ਪਾਲ, ਖੇਤਰੀ ਭਵਿੱਖ ਨਿਧੀ ਕਮਿਸ਼ਨਰ-2, ਨੇ ਕਰਮਚਾਰੀ ਨਾਮਾਂਕਣ ਮੁਹਿੰਮ (ਈਈਸੀ-2025) ਬਾਰੇ ਵਿਸਤ੍ਰਿਤ ਪੇਸ਼ਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਇਹ ਮੁਹਿੰਮ ਪਹਿਲਾਂ ਤੋਂ ਗੈਰ-ਰਜਿਸਟਰਡ ਯੋਗ ਕਰਮਚਾਰੀਆਂ, ਖਾਸ ਕਰਕੇ ਆਊਟਸੋਰਸਡ ਅਤੇ ਕੰਟਰੈਕਟ ਵਰਕਰਾਂ ਨੂੰ ਸੁਵਿਧਾ-ਅਧਾਰਿਤ ਅਤੇ ਸਵੈ-ਇੱਛਤ ਪਾਲਣਾ ਪਹੁੰਚ ਰਾਹੀਂ ਕਰਮਚਾਰੀ ਭਵਿੱਖ ਨਿਧੀ ਅਧੀਨ ਲਿਆਉਣ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਸੀ।

ਮੁਹਿੰਮ ਦੇ ਤਹਿਤ ਲਾਭ, ਜਿਵੇਂ ਕਿ ਮੁਆਵਜ਼ਾ ਛੋਟ ਅਤੇ ਨਾਮਾਂਕਣ ਪ੍ਰਕਿਰਿਆ ਨੂੰ ਸਰਲ ਬਣਾਉਣ ਬਾਰੇ ਵੀ ਦੱਸਿਆ ਗਿਆ। ਭਾਗੀਦਾਰਾਂ ਨੂੰ ਪ੍ਰਧਾਨ ਮੰਤਰੀ ਵਿਕਾਸ ਭਾਰਤ ਰੁਜ਼ਗਾਰ ਯੋਜਨਾ ਦੀਆਂ ਮੁੱਖ ਵਿਸ਼ੇਸ਼ਤਾਵਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ, ਸਮਾਜਿਕ ਸੁਰੱਖਿਆ ਕੋਡ ਨਿਯਮਾਂ, 2020 ਦੇ ਮੁੱਖ ਉਪਬੰਧਾਂ ਦੀ ਵਿਆਖਿਆ ਕੀਤੀ ਗਈ, ਜਿਸ ਵਿੱਚ ਮਾਲਕਾਂ ਦੀਆਂ ਕਾਨੂੰਨੀ ਜ਼ਿੰਮੇਵਾਰੀਆਂ ਅਤੇ ਠੇਕੇਦਾਰਾਂ ਰਾਹੀਂ ਨਿਯੁਕਤ ਯੋਗ ਕਰਮਚਾਰੀਆਂ ਨੂੰ ਸਮਾਜਿਕ ਸੁਰੱਖਿਆ ਲਾਭ ਯਕੀਨੀ ਬਣਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਸੈਮੀਨਾਰ ਇੱਕ ਇੰਟਰਐਕਟਿਵ ਸੈਸ਼ਨ ਨਾਲ ਸਮਾਪਤ ਹੋਇਆ ਜਿਸ ਵਿੱਚ ਭਾਗੀਦਾਰਾਂ ਨੇ ਕੰਟਰੈਕਟ ਵਰਕਰਾਂ ਦੀ ਕਵਰੇਜ, ਪਾਲਣਾ ਦੀਆਂ ਜ਼ਰੂਰਤਾਂ ਅਤੇ ਸਮਾਜਿਕ ਸੁਰੱਖਿਆ ਉਪਬੰਧਾਂ ਦੇ ਪ੍ਰਭਾਵਸ਼ਾਲੀ ਲਾਗੂਕਰਨ ਨਾਲ ਸਬੰਧਤ ਵਿਹਾਰਕ ਅਤੇ ਕੇਸ-ਅਧਾਰਿਤ ਪ੍ਰਸ਼ਨਾਂ 'ਤੇ ਚਰਚਾ ਕੀਤੀ। ਪ੍ਰੋਗਰਾਮ ਧੰਨਵਾਦ ਦੇ ਮਤੇ ਨਾਲ ਸਮਾਪਤ ਹੋਇਆ।

## ਰਾਹੁਲ ਗਾਂਧੀ ਨੇ ਚੀਨ ਦੇ ਸਰਹੱਦੀ ਮਾਮਲੇ ਸਬੰਧੀ ਸਟੈਂਡ ਲੈ ਕੇ ਸੱਚਾ, ਨਿਧੜਕ ਅਤੇ ਦੇਸ਼ ਭਗਤ ਨੇਤਾ ਹੋਣ ਦਾ ਪ੍ਰਮਾਣ ਦਿੱਤਾ : ਬਾਵਾ

**ਲੁਧਿਆਣਾ/ਤਮੰਨਾ ਬੇਦੀ**

ਭਾਰਤ ਦਾ ਭਵਿੱਖ ਰਾਹੁਲ ਗਾਂਧੀ ਜੋ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਹਨ, ਉਹਨਾਂ ਨੇ ਸਰਹੱਦਾਂ 'ਤੇ ਚੀਨ ਦੇ ਟੈਂਕਾਂ ਦੀ ਐਂਟਰੀ ਦੇ ਮਾਮਲੇ ਨੂੰ ਸੁਚੱਜੇ ਢੰਗ ਨਾਲ ਉਠਾ ਕੇ ਭਾਜਪਾ ਸਰਕਾਰ ਦੇ ਮੰਤਰੀਆਂ ਦੀ ਬੋਲਤੀ ਬੰਦ ਕੀਤੀ ਹੈ। ਇਹ ਸ਼ਬਦ ਅੱਜ ਸੀਨੀਅਰ ਕਾਂਗਰਸੀ ਨੇਤਾ ਕ੍ਰਿਸ਼ਨ ਕੁਮਾਰ ਬਾਵਾ ਕੋਆਰਡੀਨੇਟਰ ਕੁੱਲ ਹਿੰਦ ਕਾਂਗਰਸ (ਓ.ਬੀ.ਸੀ) ਇੰਚਾਰਜ ਹਿਮਾਚਲ ਪ੍ਰਦੇਸ਼ ਨੇ ਲੁਧਿਆਣਾ ਦੇ ਦੱਖਣੀ ਹਲਕੇ ਵਿੱਚ ਇੱਕ ਵਰਕਰ ਮੀਟਿੰਗ ਦੌਰਾਨ ਕਹੇ। ਬਾਵਾ ਨੇ ਕਿਹਾ ਕਿ ਰਾਹੁਲ ਗਾਂਧੀ ਦਾ ਪਾਰਲੀਮੈਂਟ ਵਿੱਚ ਸਟੈਂਡ ਦੱਸਦਾ ਹੈ ਕਿ ਉਹ ਇੱਕ ਨਿਧੜਕ, ਇਮਾਨਦਾਰ ਅਤੇ ਦੇਸ਼ ਭਗਤ ਨੇਤਾ ਹਨ ਜਿਨਾਂ ਦੀ ਸੋਚ ਅੰਦਰ ਦੇਸ਼ ਭਗਤੀ ਅਤੇ ਭਾਈਚਾਰਕ ਸਾਂਝ ਦਾ ਜਜ਼ਬਾ ਹੈ। ਉਹਨਾਂ ਨੇ ਫਿਰਕੂ ਸੋਚ ਖਿਲਾਫ ਝੰਡਾ ਚੁੱਕ ਕੇ ਭਾਰਤ ਦੀ



ਏਕਤਾ ਅਤੇ ਅਖੰਡਤਾ ਦੀ ਮਜਬੂਤੀ ਲਈ 3700 ਕਿਲੋਮੀਟਰ ਪੈਦਲ ਯਾਤਰਾ ਕੀਤੀ। ਉਹਨਾਂ ਕਿਹਾ ਕਿ ਭਾਜਪਾ ਸਰਕਾਰ ਦਾ ਬਜਟ ਕਿਸਾਨੀ, ਬੇਰੁਜ਼ਗਾਰੀ ਅਤੇ ਮੱਧ ਵਰਗ ਦੇ ਲੋਕਾਂ ਨੂੰ ਅੱਖੋਂ ਪਰੋਖੇ ਕਰਨ ਵਾਲਾ ਹੈ ਅਤੇ ਸਿਰਫ ਅਡਾਨੀ, ਅੰਬਾਨੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਵਾਲਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਬਜਟ ਵਿੱਚ ਕੀਤਾ ਗਿਆ ਹੈ ਪਰ ਕਾਂਗਰਸ ਤੋਂ ਭਾਜਪਾ ਵਿੱਚ ਸ਼ਿਫਟ ਹੋਏ ਨੇਤਾ ਭਾਜਪਾ ਸਰਕਾਰ ਦੀ ਆਰਤੀ ਉਤਾਰ ਰਹੇ ਹਨ। ਉਹਨਾਂ ਨੂੰ ਪੰਜਾਬ ਦੇ ਹਿੱਤਾਂ ਦੀ ਪਰਵਾਹ ਨਹੀਂ। ਸ੍ਰੀ ਮੋਦੀ ਅਤੇ ਅਮਿਤ ਸ਼ਾਹ ਦੀਆਂ ਖੁਸ਼ੀਆਂ ਪ੍ਰਾਪਤ ਕਰਨਾ ਹੀ ਉਹਨਾਂ ਦਾ ਅਸਲੀ ਮਨੋਰਥ ਹੈ। ਇਸ ਸਮੇਂ ਬਾਵਾ ਨੇ ਪੰਜਾਬ ਵਿਚ 10 ਲੱਖ ਪਰਿਵਾਰ ਲਈ ਸਿਹਤ ਬੀਮਾ ਯੋਜਨਾ ਨੂੰ ਦਿਨ ਦਿਹਾੜੇ ਪੰਜਾਬ ਦੇ ਲੋਕਾਂ ਨਾਲ ਕੀਤਾ ਧੋਖਾ ਕਿਹਾ। ਉਨ੍ਹਾਂ ਕਿਹਾ ਕਿ ਸਹੂਲਤ ਨਾਲੋਂ ਵੱਧ ਇਸ਼ਤਿਹਾਰਾਂ 'ਤੇ ਪੈਸਾ ਖਰਚਿਆ ਜਾ ਰਿਹਾ ਹੈ ਤਾਂ ਕਿ ਪੰਜਾਬੀਆਂ ਨੂੰ ਗੁੰਮਰਾਹ ਕੀਤਾ ਜਾ ਸਕੇ। ਇਸ ਸਮੇਂ ਸ੍ਰੀ ਬਾਵਾ ਨਾਲ ਗੁਰਨਾਮ ਸਿੰਘ ਕਲੇਰ, ਵਰਿੰਦਰ ਭੱਲਾ, ਮਨਜੀਤ ਕੌਰ, ਮਮਤਾ ਰਾਣੀ, ਮਨਜੀਤ ਕੌਰ ਸਰੋਏ ਪ੍ਰਧਾਨ ਮਹਿਲਾ ਵਿੰਗ ਆਦਿ ਹਾਜਰ ਸਨ।

## ਜੀ.ਜੀ.ਐਨ.ਆਈ.ਐਮ.ਟੀ. ਅਤੇ ਜੀ.ਜੀ.ਐਨ.ਆਈ.ਵੀ.ਐਸ. ਨੇ ਭਾਵਨਾ ਨਾਲ ਮਨਾਇਆ ਪ੍ਰਕਾਸ਼ ਪੁਰਬ

**ਲੁਧਿਆਣਾ/ਵਾਸੂ ਜੇਤਲੀ**

ਗੁਜਰਾਂਵਾਲਾ ਗੁਰੂ ਨਾਨਕ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ (ਜੀ. ਜੀ. ਐਨ. ਆਈ. ਐਮ. ਟੀ.) ਅਤੇ ਗੁਜਰਾਂਵਾਲਾ ਗੁਰੂ ਨਾਨਕ ਇੰਸਟੀਚਿਊਟ ਆਫ਼ ਵੋਕੇਸ਼ਨਲ ਸਟੱਡੀਜ਼ (ਜੀ. ਜੀ. ਐਨ. ਆਈ. ਵੀ. ਐਸ.) ਨੇ ਕੈਂਪਸ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਮਨਾਇਆ। ਕਾਰਜਕ੍ਰਮ ਦੀ ਸ਼ੁਰੂਆਤ ਸ੍ਰੀ ਜਪੁਜੀ ਸਾਹਿਬ ਅਤੇ ਜਪੁ ਸਾਹਿਬ ਦੇ ਪਾਠ ਨਾਲ ਹੋਈ, ਜਿਸਦੇ ਬਾਅਦ ਸ਼ਬਦ ਕੀਰਤਨ ਨੇ ਆਤਮਿਕ ਮਾਹੌਲ ਸਿਰਜ ਦਿੱਤਾ। ਫੈਕਲਟੀ ਮੈਂਬਰਾਂ, ਸਟਾਫ਼ ਅਤੇ ਵਿਦਿਆਰਥੀਆਂ ਨੇ ਸ਼ਰਧਾਪੂਰਵਕ ਹਿੱਸਾ ਲਿਆ। ਗੁਜਰਾਂਵਾਲਾ ਖ਼ਾਲਸਾ ਐਜੂਕੇਸ਼ਨਲ ਕੌਂਸਲ (ਜੀ. ਕੇ. ਈ. ਸੀ.) ਦੇ ਪ੍ਰਧਾਨ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਾਬਕਾ ਵਾਈਸ-ਚਾਂਸਲਰ, ਡਾ. ਐਸ. ਪੀ. ਸਿੰਘ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸਿੱਖਿਆ 'ਤੇ ਪ੍ਰਕਾਸ਼ ਪਾਉਂਦੇ ਹੋਏ ਹਿੰਮਤ, ਕੁਰਬਾਨੀ ਅਤੇ ਨਿਸ਼ਕਾਮ ਸੇਵਾ ਦੇ ਮੁੱਲਾਂ 'ਤੇ ਜ਼ੋਰ ਦਿੱਤਾ। ਜੀ.ਕੇ.ਈ.ਸੀ. ਦੇ ਆਨਰੇਰੀ ਜਨਰਲ ਸਕੱਤਰ, ਸ. ਹਰਸ਼ਰਨ ਸਿੰਘ ਨਰੂਲਾ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ, ਜਦਕਿ ਜੀ. ਜੀ. ਐਨ. ਆਈ. ਐਮ. ਟੀ. ਅਤੇ ਜੀ. ਜੀ. ਐਨ. ਆਈ. ਵੀ. ਐਸ. ਦੇ ਡਾਇਰੈਕਟਰ, ਪ੍ਰੋਫੈਸਰ ਮਨਜੀਤ ਸਿੰਘ ਛਾਬੜਾ ਨੇ ਸਿੱਖਿਅਕ ਸੰਸਥਾਵਾਂ ਵਿੱਚ ਗੁਰਪੁਰਬ ਮਨਾਉਣ ਦੇ ਮਹੱਤਵ 'ਤੇ ਜ਼ੋਰ ਦਿੱਤਾ। ਜੀ. ਜੀ. ਐਨ. ਆਈ. ਐਮ. ਟੀ. ਦੇ ਪ੍ਰਿੰਸੀਪਲ, ਡਾ. ਹਰਪ੍ਰੀਤ ਸਿੰਘ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਸਮਾਨਤਾ ਅਤੇ ਦਇਆ ਦੇ ਸਾਰਵਭੌਮਿਕ ਮੁੱਲਾਂ ਬਾਰੇ ਬੋਲਿਆ। ਇਸ ਮੌਕੇ ਦਸਤਾਰ ਬੰਨ੍ਹਣ ਦਾ ਮੁਕਾਬਲਾ ਕਰਵਾਇਆ ਗਿਆ। ਜੀ. ਜੀ. ਐਨ. ਆਈ. ਵੀ. ਐਸ. ਵਿੱਚੋਂ ਲਵਪ੍ਰੀਤ ਸਿੰਘ (ਬੀ.ਏ. 6) ਨੇ ਪਹਿਲਾ, ਅਰਸ਼ਦੀਪ ਸਿੰਘ (ਬੀ.ਏ. 2) ਨੇ ਦੂਜਾ ਅਤੇ ਜਸਪ੍ਰੀਤ ਸਿੰਘ (ਬੀ.ਸੀ.ਏ. 2) ਨੇ ਤੀਜਾ ਇਨਾਮ ਹਾਸਲ ਕੀਤਾ। ਜੀ. ਜੀ. ਐਨ. ਆਈ. ਐਮ. ਟੀ. ਵਿੱਚੋਂ ਹਰਕਰਨ ਸਿੰਘ (ਬੀ.ਸੀ.ਏ. 6) ਨੇ ਪਹਿਲਾ, ਗੁਰਜੋਤ ਸਿੰਘ (ਬੀ.ਸੀ.ਏ. 6) ਨੇ ਦੂਜਾ ਅਤੇ ਕਰਨਵੀਰ ਸਿੰਘ (ਬੀ.ਕਾਮ ਐਚ. 4) ਨੇ ਤੀਜਾ ਇਨਾਮ ਜਿੱਤਿਆ। ਕਰਮਜੀਤ ਸਿੰਘ ਅਤੇ ਵਰਿੰਦਰਜੀਤ ਸਿੰਘ ਨੇ ਸਟਾਂਡਿੰਗ ਕੈਟੇਗਰੀ ਵਿੱਚ ਇਨਾਮ ਪ੍ਰਾਪਤ ਕੀਤੇ। ਕਾਰਜਕ੍ਰਮ ਅਰਦਾਸ ਅਤੇ ਗੁਰੂ ਕਾ ਲੰਗਰ ਨਾਲ ਸਮਾਪਤ ਹੋਇਆ।




## ਖੁਰਾਕ ਤੇ ਸਿਵਲ ਸਪਲਾਈਜ਼ ਵਿਭਾਗ ਲੁਧਿਆਣਾ ਵੱਲੋਂ ਸ਼੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ, ਸਰਬੱਤ ਦੇ ਭਲੇ ਲਈ ਕੀਤੀ ਅਰਦਾਸ

**ਲੁਧਿਆਣਾ/ਅਸ਼ਵਨੀ ਅਹੂਜਾ**

ਖੁਰਾਕ ਤੇ ਸਿਵਲ ਸਪਲਾਈਜ਼ ਵਿਭਾਗ ਲੁਧਿਆਣਾ ਦੇ ਸਮੂਹ ਸਟਾਫ ਵੱਲੋਂ ਸ਼੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਜ਼ਿਲ੍ਹਾ ਕੰਟਰੋਲਰ ਲੁਧਿਆਣਾ ਜੀ ਦੇ ਦਫਤਰ ਸਰਾਭਾ ਨਗਰ ਵਿਖੇ ਕਰਵਾਇਆ ਗਿਆ। ਜਿਸ ਵਿੱਚ ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰ ਲੁਧਿਆਣਾ ਪੂਰਬੀ ਅਤੇ ਪੱਛਮੀ ਸ਼੍ਰੀ ਸਰਤਾਜ ਸਿੰਘ ਚੀਮਾ, ਡਿਪਟੀ ਡਾਇਰੈਕਟਰ ਪਟਿਆਲਾ ਸ਼੍ਰੀਮਤੀ ਰੇਨੂੰ ਬਾਲਾ, ਲੁਧਿਆਣਾ ਦੇ ਖੁਰਾਕ ਤੇ ਸਿਵਲ ਸਪਲਾਈ ਪੂਰਬੀ ਅਤੇ ਪੱਛਮੀ ਦਾ ਸਮੂਹ



ਸਟਾਫ ਅਤੇ ਵਿਭਾਗ ਤੋਂ ਰਿਟਾਇਰ ਹੋ ਚੁੱਕੇ ਸਟਾਫ ਦੁਆਰਾ ਭਰਵੀਂ ਹਾਜ਼ਰੀ ਲਗਵਾਈ ਗਈ। ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰ ਲੁਧਿਆਣਾ ਪੂਰਬੀ ਅਤੇ ਪੱਛਮੀ ਸ਼੍ਰੀ ਸਰਤਾਜ ਸਿੰਘ ਚੀਮਾ ਨੇ ਦੱਸਿਆ ਕਿ ਦਫਤਰ ਖੁਰਾਕ ਸਪਲਾਈ ਲੁਧਿਆਣਾ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਮੂਹ ਸਟਾਫ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਕਰਵਾਇਆ ਗਿਆ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਤੋਂ ਉਪਰੰਤ ਸੰਗਤਾਂ ਲਈ ਲੰਗਰ ਵੀ ਅਤੁੱਟ ਵਰਤਾਇਆ ਗਿਆ।

## ਸਿਨੇਮੈਟਿਕ ਲੈਜੇਂਡ ਮਨੋਜ ਪਾਹਵਾ, ਕੁਮੁਦ ਮਿਸ਼ਰਾ ਅਤੇ ਅਨੁਭਵ ਸਿਨਹਾ ਨੇ ਪੀਸੀਟੀਈ ਵਿਦਿਆਰਥੀਆਂ ਨਾਲ ਕੀਤੀ ਗੱਲਬਾਤ

**ਲੁਧਿਆਣਾ/ਵਾਸੂ ਜੇਤਲੀ**

ਪੀਸੀਟੀਈ ਗਰੁੱਪ ਆਫ਼ ਇੰਸਟੀਚਿਊਟਸ, ਲੁਧਿਆਣਾ ਦੇ ਪੱਤਰਕਾਰੀ ਅਤੇ ਜਨ ਸੰਚਾਰ ਵਿਭਾਗ ਨੇ ਬੁੱਧਵਾਰ ਨੂੰ ਅਦਾਕਾਰ ਮਨੋਜ ਪਾਹਵਾ ਅਤੇ ਕੁਮੁਦ ਮਿਸ਼ਰਾ ਅਤੇ ਫਿਲਮ ਨਿਰਮਾਤਾ ਅਨੁਭਵ ਸਿਨਹਾ ਨਾਲ ਇੱਕ ਇੰਟਰਐਕਟਿਵ ਸੈਸ਼ਨ ਦਾ ਆਯੋਜਨ ਕੀਤਾ। ਇਸ ਸੈਸ਼ਨ ਦਾ ਉਦੇਸ਼ ਵਿਦਿਆਰਥੀਆਂ ਨੂੰ ਫਿਲਮ ਅਤੇ ਮੀਡੀਆ ਉਦਯੋਗ ਦੀਆਂ ਹਕੀਕਤਾਂ ਦਾ ਸਿੱਧਾ ਸਾਹਮਣਾ ਕਰਨਾ ਸੀ। ਮਹਿਮਾਨਾਂ ਨੇ ਸਿਨੇਮਾ ਅਤੇ ਥੀਏਟਰ ਵਿੱਚ ਆਪਣੇ ਨਿੱਜੀ ਸਫ਼ਰ ਸਾਂਝੇ ਕੀਤੇ ਅਤੇ ਕਹਾਣੀ ਸੁਣਾਉਣ, ਪ੍ਰਦਰਸ਼ਨ ਅਤੇ ਸਮੱਗਰੀ ਸਿਰਜਣ ਦੀ ਬਦਲਦੀ ਪ੍ਰਕਿਰਤੀ ਬਾਰੇ ਗੱਲ ਕੀਤੀ। ਫਿਲਮ ਨਿਰਮਾਣ ਅਤੇ ਦਰਸ਼ਕਾਂ ਦੀਆਂ ਪਸੰਦਾਂ 'ਤੇ ਡਿਜੀਟਲ ਪਲੇਟਫਾਰਮਾਂ




ਅਤੇ ਓਟੀਟੀ ਮੀਡੀਆ ਦੇ ਪ੍ਰਭਾਵ 'ਤੇ ਵੀ ਚਰਚਾ ਕੀਤੀ ਗਈ, ਜਿਸ ਵਿੱਚ ਇਹ ਉਜਾਗਰ ਕੀਤਾ ਗਿਆ ਕਿ ਫਾਰਮੈਟ, ਪਹੁੰਚ ਅਤੇ ਸਫਲਤਾ ਦੇ ਮਾਪਦੰਡ ਕਿਵੇਂ ਤੇਜ਼ੀ ਨਾਲ ਵਿਕਸਤ ਹੋ ਰਹੇ ਹਨ। ਇੱਕ ਦਿਲਚਸਪ ਅਤੇ ਖੁੱਲ੍ਹੀ ਗੱਲਬਾਤ ਵਿੱਚ, ਮਹਿਮਾਨਾਂ ਨੇ ਵਿਦਿਆਰਥੀਆਂ ਨੂੰ ਆਪਣੇ ਵਿਚਾਰ ਪ੍ਰਗਟ ਕਰਨ ਲਈ ਸੱਦਾ ਦਿੱਤਾ ਕਿ ਅੱਜ ਮਨੋਰੰਜਨ ਉਨ੍ਹਾਂ ਲਈ ਕੀ ਅਰਥ ਰੱਖਦਾ ਹੈ ਅਤੇ ਵਿਦਿਆਰਥੀਆਂ ਨੇ ਸਮੱਗਰੀ-ਅਧਾਰਤ ਫਿਲਮਾਂ, ਸੰਬੰਧਿਤ ਕਿਰਦਾਰਾਂ, ਮਜ਼ਬੂਤ ਕਹਾਣੀ ਸੁਣਾਉਣ ਅਤੇ ਡਿਜੀਟਲ ਪ੍ਰਸਿੱਧੀ ਬਾਰੇ ਗੱਲ ਕੀਤੀ।

ਇਸ ਨਾਲ ਇਸ ਗੱਲ 'ਤੇ ਇੱਕ ਅਰਥਪੂਰਨ ਚਰਚਾ ਹੋਈ ਕਿ ਕਿਵੇਂ ਸਫਲਤਾ ਹੁਣ ਸਿਰਫ਼ ਬਾਕਸ-ਆਫਿਸ ਸੰਗ੍ਰਹਿ ਦੁਆਰਾ ਨਹੀਂ ਬਲਕਿ ਦਰਸ਼ਕਾਂ ਦੇ ਸੰਪਰਕ, ਸੋਸ਼ਲ ਮੀਡੀਆ ਦੀ ਸ਼ਮੂਲੀਅਤ ਅਤੇ ਲੰਬੇ ਸਮੇਂ ਦੇ ਪ੍ਰਭਾਵ ਦੁਆਰਾ ਵੀ ਮਾਪੀ ਜਾਂਦੀ ਹੈ। ਫਿਲਮ ਨਿਰਮਾਤਾ ਅਨੁਭਵ ਸਿਨਹਾ ਨੇ ਤੇਜ਼ੀ ਨਾਲ ਬਦਲਦੇ ਸਮੱਗਰੀ ਵਾਤਾਵਰਣ ਵਿੱਚ ਇਮਾਨਦਾਰ ਕਹਾਣੀ ਸੁਣਾਉਣ ਅਤੇ ਆਪਣੀ ਰਚਨਾਤਮਕ ਆਵਾਜ਼ ਪ੍ਰਤੀ ਸੱਚੇ ਰਹਿਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਅਦਾਕਾਰ ਮਨੋਜ ਪਾਹਵਾ ਅਤੇ ਕੁਮੁਦ ਮਿਸ਼ਰਾ ਨੇ ਅਨੁਸ਼ਾਸਨ, ਧੀਰਜ ਅਤੇ ਨਿਰੰਤਰ ਸਿੱਖਣ ਨੂੰ ਅਦਾਕਾਰੀ ਅਤੇ ਥੀਏਟਰ ਵਿੱਚ ਇੱਕ ਟਿਕਾਊ ਕਰੀਅਰ ਬਣਾਉਣ ਲਈ ਜ਼ਰੂਰੀ ਗੁਣਾਂ ਵਜੋਂ ਉਜਾਗਰ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਉਤਸੁਕ ਰਹਿਣ ਅਤੇ ਨਵੇਂ ਕਹਾਣੀ ਸੁਣਾਉਣ ਦੇ ਫਾਰਮੈਟਾਂ ਦੇ ਅਨੁਕੂਲ ਰਹਿਣ ਲਈ ਉਤਸ਼ਾਹਿਤ ਕੀਤਾ। ਵਿਦਿਆਰਥੀਆਂ ਨੇ ਮੀਡੀਆ ਅਤੇ ਮਨੋਰੰਜਨ ਖੇਤਰ ਵਿੱਚ ਸਕ੍ਰਿਪਟ ਰਾਈਟਿੰਗ, ਚਰਿੱਤਰ ਵਿਕਾਸ, ਅਦਾਕਾਰੀ ਦੀ ਤਿਆਰੀ ਅਤੇ ਕਰੀਅਰ ਦੇ ਮੌਕਿਆਂ ਬਾਰੇ ਸਵਾਲ ਪੁੱਛ ਕੇ ਸਰਗਰਮੀ ਨਾਲ ਹਿੱਸਾ ਲਿਆ। ਸਪੱਸ਼ਟ ਵਟਾਂਦਰੇ ਨੇ ਉਦਯੋਗ ਵਿੱਚ ਦਾਖਲ ਹੋਣ ਅਤੇ ਪ੍ਰਤੀਯੋਗੀ ਰਚਨਾਤਮਕ ਖੇਤਰਾਂ ਵਿੱਚ ਆਪਣੇ ਆਪ ਨੂੰ ਕਾਇਮ ਰੱਖਣ ਨਾਲ ਸਬੰਧਤ ਸ਼ੰਕਿਆਂ ਨੂੰ ਦੂਰ ਕਰਨ ਵਿੱਚ ਮਦਦ ਕੀਤੀ। ਫੈਕਲਟੀ ਮੈਂਬਰਾਂ ਨੇ ਕਿਹਾ ਕਿ ਅਜਿਹੀਆਂ ਗੱਲਬਾਤ ਕਲਾਸਰੂਮ ਸਿੱਖਿਆ ਅਤੇ ਉਦਯੋਗ ਦੀਆਂ ਹਕੀਕਤਾਂ ਵਿਚਕਾਰ ਪਾੜੇ ਨੂੰ ਦੂਰ ਕਰਦੀਆਂ ਹਨ। ਸੈਸ਼ਨ ਧੰਨਵਾਦ ਦੇ ਵੋਟ ਨਾਲ ਸਮਾਪਤ ਹੋਇਆ ਅਤੇ ਵਿਦਿਆਰਥੀਆਂ ਨੂੰ ਸਿਨੇਮਾ, ਮੀਡੀਆ ਅਤੇ ਡਿਜੀਟਲ ਸਮੱਗਰੀ ਸਿਰਜਣਾ ਵਿੱਚ ਕਰੀਅਰ ਦੀ ਖੋਜ ਕਰਨ ਲਈ ਪ੍ਰੇਰਿਤ ਕੀਤਾ।

## ਗਲਾਡਾ ਨੇ ਤਿੰਨ ਅਣਅਧਿਕਾਰਤ ਕਲੋਨੀਆਂ ਨੂੰ ਢਾਹਿਆ

**ਲੁਧਿਆਣਾ/ਵਾਸੂ ਜੇਤਲੀ**

ਪੰਜਾਬ ਦੇ ਮਕਾਨ ਅਤੇ ਸ਼ਹਿਰੀ ਵਿਕਾਸ ਮੰਤਰੀ ਸ੍ਰੀ ਹਰਦੀਪ ਸਿੰਘ ਮੁੰਡੀਆਂ ਅਤੇ ਗਲਾਡਾ ਦੇ ਮੁੱਖ ਪ੍ਰਸ਼ਾਸਕ ਸੰਦੀਪ ਕੁਮਾਰ ਦੇ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਇਸਦੇ ਰੈਗੂਲੇਟਰੀ ਵਿੰਗ ਨੇ ਬੁੱਧਵਾਰ ਨੂੰ ਪਿੰਡ ਮਾਣਕਵਾਲ ਅਤੇ ਮਹਿਮੂਦਪੁਰਾ ਵਿੱਚ ਤਿੰਨ ਅਣਅਧਿਕਾਰਤ ਕਲੋਨੀਆਂ ਨੂੰ ਢਾਹਿਆ। ਡਿਵੈਲਪਰਾਂ ਨੇ ਨੋਟਿਸ ਦੇਣ ਦੇ ਬਾਵਜੂਦ ਗੈਰ-ਕਾਨੂੰਨੀ ਉਸਾਰੀ ਦਾ ਕੰਮ ਨਹੀਂ ਰੋਕਿਆ। ਇੱਕ ਵਿਸ਼ੇਸ਼ ਟੀਮ ਨੇ ਸੀਲਿੰਗ ਮੁਹਿੰਮ ਚਲਾਈ ਜੋ ਬਿਨਾਂ ਕਿਸੇ ਵਿਰੋਧ ਦੇ ਹੋਈ। ਗਲਾਡਾ ਨੇ ਡਿਵੈਲਪਰਾਂ ਵਿਰੁੱਧ ਕਾਨੂੰਨੀ ਕਾਰਵਾਈ ਦੀ ਵੀ ਸਿਫਾਰਸ਼ ਕੀਤੀ ਹੈ। ਇੱਕ ਬੁਲਾਰੇ ਨੇ ਕਿਹਾ ਕਿ ਗੈਰ-ਕਾਨੂੰਨੀ ਕਲੋਨੀਆਂ 'ਤੇ ਵਿਸ਼ੇਸ਼ ਧਿਆਨ ਕੇਂਦ੍ਰਤ ਕਰਦੇ ਹੋਏ ਅਣਅਧਿਕਾਰਤ ਅਤੇ ਗੈਰ-ਯੋਜਨਾਬੱਧ ਵਿਕਾਸ ਵਿਰੁੱਧ ਜ਼ੀਰੋ




ਸਹਿਣਸ਼ੀਲਤਾ ਅਪਣਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਲੋਕਾਂ ਵਿਰੁੱਧ ਸਜ਼ਾਯੋਗ ਕਾਰਵਾਈ ਕਰਨ ਲਈ ਇੱਕ ਵਿਸ਼ੇਸ਼ ਮੁਹਿੰਮ ਵੀ ਸ਼ੁਰੂ ਕੀਤੀ ਗਈ ਹੈ ਜੋ ਇਨ੍ਹਾਂ ਅਣਅਧਿਕਾਰਤ ਕਲੋਨੀਆਂ ਵਿੱਚ ਸਸਤੇ ਪਲਾਟ ਦੇਣ ਦੀ ਆੜ ਵਿੱਚ ਮਾਸੂਮ ਵਸਨੀਕਾਂ ਨੂੰ ਠੱਗ ਰਹੇ ਸਨ ਜਿਨ੍ਹਾਂ ਕੋਲ ਕਾਨੂੰਨੀ ਪ੍ਰਵਾਨਗੀ ਅਤੇ ਸਰਕਾਰੀ ਨਿਯਮਾਂ ਦੀ ਪਾਲਣਾ ਦੀ ਘਾਟ ਸੀ। ਮੁੱਖ ਪ੍ਰਸ਼ਾਸਕ ਸੰਦੀਪ ਕੁਮਾਰ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਣਅਧਿਕਾਰਤ ਕਲੋਨੀਆਂ ਵਿੱਚ ਜਾਇਦਾਦ/ ਪਲਾਟ/ ਇਮਾਰਤਾਂ ਨਾ ਖਰੀਦਣ ਕਿਉਂਕਿ ਗਲਾਡਾ ਪਾਣੀ ਦੀ ਸਪਲਾਈ, ਸੀਵਰੇਜ, ਬਿਜਲੀ ਕੁਨੈਕਸ਼ਨ ਆਦਿ ਵਰਗੀ ਕੋਈ ਸਹੂਲਤ ਪ੍ਰਦਾਨ ਨਹੀਂ ਕਰੇਗਾ। ਉਨ੍ਹਾਂ ਅੱਗੇ ਕਿਹਾ ਕਿ ਪ੍ਰਵਾਨਿਤ ਅਤੇ ਨਿਯਮਤ ਕਲੋਨੀਆਂ ਦੀ ਸੂਚੀ ਉਨ੍ਹਾਂ ਦੇ ਪ੍ਰਵਾਨਿਤ ਨਕਸ਼ਿਆਂ ਦੇ ਨਾਲ ਗਲਾਡਾ ਦੀ ਅਧਿਕਾਰਤ ਵੈੱਬਸਾਈਟ 'ਤੇ ਉਪਲਬਧ ਹੈ, ਜਿਸਦੀ ਸੰਭਾਵੀ ਖਰੀਦਦਾਰ ਕੋਈ ਵੀ ਜਾਇਦਾਦ ਖਰੀਦਣ ਤੋਂ ਪਹਿਲਾਂ ਜਾਂਚ ਕਰ ਸਕਦੇ ਹਨ।

## ਕੁਲਾਰ ਦਾ ਪੰਜਾਬ ਐਨਜੀਓ ਐਕਸਪੋ 2026 ਵਿਖੇ ਸਨਮਾਨ

**ਲੁਧਿਆਣਾ/ਵਾਸੂ ਜੇਤਲੀ**

ਸ. ਗੁਰਮੀਤ ਸਿੰਘ ਕੁਲਾਰ ਪ੍ਰਧਾਨ ਫਿਕੋ (ਫੈਡਰੇਸ਼ਨ ਆਫ ਇੰਡਸਟਰੀਅਲ ਐਂਡ ਕਮਰਸ਼ੀਅਲ ਆਰਗੇਨਾਈਜ਼ੇਸ਼ਨਜ਼) ਨੂੰ ਸਿਟੀ-ਨੀਡਜ਼ ਦੁਆਰਾ ਦ ਪੰਜਾਬ ਐਨਜੀਓ ਐਕਸਪੋ 2026 ਦੇ ਮੌਕੇ 'ਤੇ ਸਨਮਾਨਿਤ ਕੀਤਾ ਗਿਆ, ਜੋ ਕਿ ਪੰਜਾਬ ਵਿੱਚ ਉਦਯੋਗ ਦੇ ਸਮੂਹਿਕ ਵਿਕਾਸ ਅਤੇ ਸਮਾਜਿਕ ਵਿਕਾਸ ਪਹਿਲਕਦਮੀਆਂ ਵਿੱਚ ਉਨ੍ਹਾਂ ਦੀ ਅਗਵਾਈ ਅਤੇ ਨਿਰੰਤਰ ਯੋਗਦਾਨ ਲਈ ਸੀ। ਪਦਮਸ਼੍ਰੀ ਸਰਦਾਰ ਓਂਕਾਰ ਸਿੰਘ ਜੀ ਪਾਹਵਾ ਚੇਅਰਮੈਨ ਐਵਨ ਸਾਈਕਲਜ਼ ਲਿਮਟਿਡ, ਨੇ ਸ. ਗੁਰਮੀਤ ਸਿੰਘ ਕੁਲਾਰ ਨੂੰ ਸਨਮਾਨ




ਪੁਰਸਕਾਰ ਨਾਲ ਸਨਮਾਨਿਤ ਕੀਤਾ। ਪੰਜਾਬ ਐਨਜੀਓ ਐਕਸਪੋ 2026 ਆਪਣੀ ਕਿਸਮ ਦਾ ਪਹਿਲਾ ਰਾਜ-ਪੱਧਰੀ ਪ੍ਰਦਰਸ਼ਨੀ ਅਤੇ ਨੈੱਟਵਰਕਿੰਗ ਪਲੇਟਫਾਰਮ ਹੈ, ਜੋ ਜਨਤਕ ਭਲਾਈ ਲਈ ਕੰਮ ਕਰਨ ਵਾਲੇ ਐਨਜੀਓ, ਕਾਰਪੋਰੇਟ, ਵਿਦਿਅਕ ਸੰਸਥਾਵਾਂ ਅਤੇ ਸਰਕਾਰੀ ਵਿਭਾਗਾਂ ਨੂੰ ਇਕੱਠਾ ਕਰਦਾ ਹੈ। ਸਿਟੀਨੀਡਜ਼ ਦੁਆਰਾ ਆਯੋਜਿਤ, ਪੰਜਾਬ ਦੇ ਪ੍ਰਮੁੱਖ ਸਥਾਨਕ ਭੀੜ ਫੰਡਿੰਗ ਅਤੇ ਵਲੰਟੀਅਰ ਸ਼ਮੂਲੀਅਤ ਪਲੇਟਫਾਰਮ, ਐਕਸਪੋ ਜ਼ਿਲ੍ਹਾ ਪ੍ਰਸ਼ਾਸਨ, ਲੁਧਿਆਣਾ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ। ਪੰਜਾਬ ਦੇ 150 ਤੋਂ ਵੱਧ ਐਨਜੀਓਜ਼ ਨੇ ਸਮਾਜ ਪ੍ਰਤੀ ਆਪਣੇ ਕੰਮ ਦਾ ਪ੍ਰਦਰਸ਼ਨ ਕਰਨ ਲਈ ਇਸ ਪ੍ਰੋਗਰਾਮ ਵਿੱਚ ਹਿੱਸਾ ਲਿਆ, ਇਸ ਪ੍ਰੋਗਰਾਮ ਦਾ ਵਿਸ਼ਾ ਸੀ ਦਾਨ ਦੀ ਦਿਸ਼ਾ ਬਦਲੋ। ਕੁਲਾਰ ਦਾ ਸਨਮਾਨ ਕਰਦੇ ਹੋਏ, ਪ੍ਰਬੰਧਕਾਂ ਨੇ ਸਮਾਜਿਕ ਕਾਰਜਾਂ ਵਿੱਚ ਉਦਯੋਗ ਦੀ ਭਾਗੀਦਾਰੀ ਨੂੰ ਉਤਸ਼ਾਹਿਤ ਕਰਨ ਅਤੇ ਸਮਾਵੇਸ਼ੀ ਅਤੇ ਟਿਕਾਊ ਵਿਕਾਸ ਨੂੰ ਅੱਗੇ ਵਧਾਉਣ ਵਾਲੇ ਸਹਿਯੋਗੀ ਪਲੇਟਫਾਰਮਾਂ ਦਾ ਸਮਰਥਨ ਕਰਨ ਵਿੱਚ ਉਨ੍ਹਾਂ ਦੀ ਸਰਗਰਮ ਭੂਮਿਕਾ ਨੂੰ ਸਵੀਕਾਰ ਕੀਤਾ।

ਇਸ ਮੌਕੇ ਸ. ਜਸਦੇਵ ਸਿੰਘ ਸੇਖੋਂ ਜ਼ੋਨਲ ਕਮਿਸ਼ਨਰ ਨਗਰ ਨਿਗਮ ਲੁਧਿਆਣਾ, ਸ਼੍ਰੀਮਤੀ ਡਿੰਕੀ ਛਾਬੜਾ ਚੇਅਰਪਰਸਨ ਫਿਲੈਂਥਰੋਪੀ ਕਲੱਬ, ਸ਼੍ਰੀ ਮਨੀਤ ਦੀਵਾਨ ਚੇਅਰਮੈਨ ਸਿਟੀ ਨੀਡਜ਼, ਸ਼੍ਰੀ ਅਜੀਤ ਲਾਕੜਾ ਮੁਖੀ ਫਿਕੋ ਟੈਕਸਟਾਈਲ ਡਿਵੀਜ਼ਨ ਸ਼ਾਮਲ ਸਨ।

## ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਐਸ.ਓ.ਈ ਮਿਲਰਗੰਜ ਦਾ ਕੀਤਾ ਵਿਆਪਕ ਨਿਰੀਖਣ

**ਲੁਧਿਆਣਾ/ਵਾਸੂ**

ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਬੁੱਧਵਾਰ ਨੂੰ ਸਕੂਲ ਆਫ਼ ਐਮੀਨੈਂਸ (ਐਸ.ਓ.ਈ) ਮਿਲਰਗੰਜ, ਲੁਧਿਆਣਾ ਦਾ ਇੱਕ ਵਿਆਪਕ ਨਿਰੀਖਣ ਕੀਤਾ ਤਾਂ ਜੋ ਅਤਿ-ਆਧੁਨਿਕ ਸਹੂਲਤ ਨੂੰ ਅੰਤਿਮ ਰੂਪ ਦਿੱਤਾ ਜਾ ਸਕੇ। ਇਸ ਨੂੰ ਪੰਜਾਬ ਸਰਕਾਰ ਦੇ ਅਧੀਨ ਸਭ ਤੋਂ ਵਧੀਆ ਬੁਨਿਆਦੀ ਢਾਂਚੇ ਵਜੋਂ ਉਜਾਗਰ ਕਰਦੇ ਹੋਏ ਡਿਪਟੀ ਕਮਿਸ਼ਨਰ ਨੇ ਐਲਾਨ ਕੀਤਾ ਕਿ ਸਕੂਲ ਦਾ ਜਲਦ ਉਦਘਾਟਨ ਕੀਤਾ ਜਾਵੇਗਾ। ਹਿਮਾਂਸ਼ੂ ਜੈਨ ਨੇ ਕਿਹਾ ਕਿ ਇਹ ਪ੍ਰੋਜੈਕਟ, ਆਪਣੇ ਅੰਤਿਮ ਪੜਾਵਾਂ ਵਿੱਚ ਹੈ ਜਿਸ ਵਿੱਚ 21 ਆਧੁਨਿਕ ਕਮਰਿਆਂ ਦੇ ਅੰਦਰ 9ਵੀਂ ਤੋਂ 12ਵੀਂ ਜਮਾਤ ਦੇ 323 ਵਿਦਿਆਰਥੀਆਂ ਨੂੰ ਰੱਖਣ ਦੀ ਸਹੂਲਤ ਦਿੰਦਾ ਹੈ। ਇਸ ਅਕਾਦਮਿਕ ਖੇਤਰ ਵਿੱਚ 10 ਕਲਾਸਰੂਮ, ਇੱਕ ਸਟਾਫ ਰੂਮ,



ਕਲਰਕ ਰੂਮ ਅਤੇ ਪ੍ਰਿੰਸੀਪਲ ਦਾ ਦਫ਼ਤਰ, 07 ਵਿਸ਼ੇਸ਼ ਪ੍ਰਯੋਗਸ਼ਾਲਾਵਾਂ (ਭੌਤਿਕ ਵਿਗਿਆਨ, ਰਸਾਇਣ ਵਿਗਿਆਨ, ਬਾਇਓ, ਕੰਪਿਊਟਰ, ਨਿਰਮਾਣ, ਲਿਬਾਸ, ਆਰ.ਓ.ਟੀ.) ਅਤੇ ਇੱਕ ਚੰਗੀ ਤਰ੍ਹਾਂ ਲੈਸ ਲਾਇਬ੍ਰੇਰੀ ਸ਼ਾਮਲ ਹੈ। ਵਿਸ਼ਵ ਪੱਧਰੀ ਵਾਤਾਵਰਣ ਨੂੰ ਯਕੀਨੀ ਬਣਾਉਣ ਲਈ ਡਿਪਟੀ ਕਮਿਸ਼ਨਰ ਨੇ ਲੋਕ ਨਿਰਮਾਣ ਵਿਭਾਗ ਦੀ ਟੀਮ ਨੂੰ ਵਿਦਿਆਰਥੀ ਸੰਗਠਨ ਲਈ ਉੱਚ-ਗੁਣਵੱਤਾ ਵਾਲੀ ਟਾਈਲ ਫਿਨਿਸ਼ਿੰਗ ਅਤੇ ਐਲੂਮੀਨੀਅਮ ਰੈਕ ਸਥਾਪਤ ਕਰਨ ਦੇ ਨਿਰਦੇਸ਼ ਵੀ ਦਿੱਤੇ। ਅਕਾਦਮਿਕ ਤੋਂ ਇਲਾਵਾ ਹਿਮਾਂਸ਼ੂ ਜੈਨ ਨੇ ਐਥਲੈਟਿਕ ਉੱਤਮਤਾ ਨੂੰ ਉਤਸ਼ਾਹਿਤ ਕਰਨ ਲਈ ਇੱਕ ਟੈਰੇਸ ਬੈਡਮਿੰਟਨ ਕੋਰਟ, ਟੇਬਲ ਟੈਨਿਸ ਕੋਰਟ ਅਤੇ ਇੱਕ ਸਮਰਪਿਤ ਯੋਗਾ ਸਥਾਨ ਨੂੰ ਮਨਜ਼ੂਰੀ ਦਿੱਤੀ। ਉਨ੍ਹਾਂ ਕੈਂਪਸ ਪ੍ਰਬੰਧਨ ਨੂੰ ਸੁਚਾਰੂ ਬਣਾਉਣ ਲਈ ਇੱਕ ਨਵੇਂ ਪਾਰਕਿੰਗ ਖੇਤਰ ਨੂੰ ਵੀ ਪ੍ਰਵਾਨਗੀ ਦਿੱਤੀ। ਇਹ ਸਹੂਲਤ ਸਰਕਾਰ ਦੇ ਉੱਚ ਸਿੱਖਿਆ ਅਤੇ ਸੰਪੂਰਨ ਵਿਕਾਸ ਦੇ ਮੌਕੇ ਪ੍ਰਦਾਨ ਕਰਨ ਦੇ ਮਿਸ਼ਨ ਦਾ ਪ੍ਰਮਾਣ ਹੈ, ਜੋ ਕਿ ਜਨਤਕ ਅਤੇ ਨਿੱਜੀ ਸਿੱਖਿਆ ਵਿਚਕਾਰ ਪਾੜੇ ਨੂੰ ਪੂਰਾ ਕਰਦਾ ਹੈ।

## ਮਾਲ ਮੰਤਰੀ ਮੁੰਡੀਆਂ ਵੱਲੋਂ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਬੱਸ ਰਵਾਨਾ

**ਲੁਧਿਆਣਾ/ਵਾਸੂ**

ਪੰਜਾਬ ਦੇ ਮਾਲ ਮੰਤਰੀ ਸ੍ਰੀ ਹਰਦੀਪ ਸਿੰਘ ਮੁੰਡੀਆਂ ਨੇ ਬੁੱਧਵਾਰ ਨੂੰ ਪਿੰਡ ਕਾਸਾਬਾਦ ਵਿੱਚ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਲਿਜਾਣ ਵਾਲੀ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਕੈਬਨਿਟ ਮੰਤਰੀ ਸ੍ਰੀ ਹਰਦੀਪ ਸਿੰਘ ਮੁੰਡੀਆਂ ਨੇ ਬੱਸ ਵਿੱਚ ਸ਼ਰਧਾਲੂਆਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਨੇ ਧਾਰਮਿਕ ਸਥਾਨਾਂ ਦੇ ਮੁਫ਼ਤ ਵਿੱਚ ਦਰਸ਼ਨ ਕਰਵਾਉਣ ਲਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਸ਼ੁਰੂ ਕੀਤੀ ਹੈ। ਇਸ ਯੋਜਨਾ ਤਹਿਤ ਸ਼ਰਧਾਲੂਆਂ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ, ਸ੍ਰੀ ਆਨੰਦਪੁਰ ਸਾਹਿਬ ਅਤੇ ਹੋਰ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਦੀ ਸਹੂਲਤ ਦਿੱਤੀ ਜਾਵੇਗੀ। ਮੰਤਰੀ ਮੁੰਡੀਆਂ ਨੇ ਅੱਗੇ ਕਿਹਾ ਕਿ ਧਾਰਮਿਕ ਸਥਾਨਾਂ ਦੀ ਯਾਤਰਾ ਦੌਰਾਨ ਰਿਹਾਇਸ਼, ਭੋਜਨ ਆਦਿ ਨਾਲ ਸਬੰਧਤ ਸਾਰੇ ਖਰਚੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਹਿਣ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਜੋ ਲੋਕ ਪਹਿਲਾਂ ਕਿਸੇ ਕਾਰਨ ਕਰਕੇ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਤੋਂ ਅਸਮਰੱਥ ਸਨ, ਉਹ ਹੁਣ ਸੂਬਾ ਸਰਕਾਰ ਵੱਲੋਂ ਕੀਤੀ ਗਈ ਪਹਿਲਕਦਮੀ ਸਦਕਾ ਇਨ੍ਹਾਂ ਪਵਿੱਤਰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰ ਸਕਣਗੇ। ਉਨ੍ਹਾਂ ਦੱਸਿਆ ਕਿ ਅੱਜ ਦੀ ਬੱਸ ਵਿੱਚ ਸ਼ਰਧਾਲੂਆਂ ਨੂੰ ਸ੍ਰੀ ਹਰਿਮੰਦਰ ਸਾਹਿਬ, ਦੁਰਗਿਆਣਾ ਮੰਦਰ, ਭਗਵਾਨ ਵਾਲਮੀਕਿ ਤੀਰਥ ਸਥਲ, ਜਲ੍ਹਿਆਂਵਾਲਾ ਬਾਗ, ਅਜਾਇਬ ਘਰ ਅਤੇ ਅੰਮ੍ਰਿਤਸਰ ਦੇ ਹੋਰ ਧਾਰਮਿਕ ਅਤੇ ਇਤਿਹਾਸਕ ਸਥਾਨਾਂ 'ਤੇ ਲਿਜਾਇਆ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਇਹ



ਪੰਜਾਬ ਸਰਕਾਰ ਦੀ ਇੱਕ ਮਹੱਤਵਾਕਾਂਖੀ ਯੋਜਨਾ ਹੈ ਅਤੇ ਇਹ ਸਾਰੀਆਂ ਜਾਤਾਂ, ਧਰਮਾਂ, ਆਮਦਨ ਸਮੂਹਾਂ ਅਤੇ ਹਰ ਖੇਤਰ ਦੇ ਲੋਕਾਂ ਲਈ ਹੈ। ਹਰਦੀਪ ਸਿੰਘ ਮੁੰਡੀਆਂ ਨੇ ਅੱਗੇ ਕਿਹਾ ਕਿ ਰਾਜ ਸਰਕਾਰ ਨੇ ਸ਼ਰਧਾਲੂਆਂ ਲਈ ਮੁਫ਼ਤ ਅਤੇ ਆਰਾਮਦਾਇਕ ਠਹਿਰਨ ਲਈ ਵਿਸਤ੍ਰਿਤ ਪ੍ਰਬੰਧ ਕੀਤੇ ਹਨ। ਉਨ੍ਹਾਂ ਕਿਹਾ ਕਿ 50 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਸ਼ਰਧਾਲੂਆਂ ਨੂੰ ਯਾਤਰਾ ਲਈ ਰਜਿਸਟਰ ਕੀਤਾ ਗਿਆ ਹੈ ਅਤੇ ਰਜਿਸਟ?ਰੇਸ਼ਨ ਲਈ ਵੋਟਰ ਆਈ.ਡੀ ਕਾਰਡ ਲਾਜ਼ਮੀ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸ਼ਰਧਾਲੂਆਂ ਨੂੰ ਏ.ਸੀ ਬੱਸਾਂ, ਹੋਟਲ ਰਿਹਾਇਸ਼ ਅਤੇ ਖਾਣਾ ਮੁਫ਼ਤ ਪ੍ਰਦਾਨ ਕੀਤਾ ਜਾਵੇਗਾ। ਹਰੇਕ ਬੱਸ ਵਿੱਚ ਯਾਤਰੀਆਂ ਦੀ ਸਹਾਇਤਾ ਲਈ ਇੱਕ ਸਹਾਇਕ ਹੋਵੇਗਾ ਅਤੇ ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ ਤੁਰੰਤ ਸਹਾਇਤਾ ਪ੍ਰਦਾਨ ਕਰਨ ਲਈ ਇੱਕ ਮੈਡੀਕਲ ਟੀਮ ਵੀ ਉਨ੍ਹਾਂ ਦੇ ਨਾਲ ਹੋਵੇਗੀ। ਇਸ ਬੱਸ ਵਿੱਚ ਸ੍ਰੀ ਅੰਮ੍ਰਿਤਸਰ ਲਈ ਰਵਾਨਾ ਹੋਣ ਵਾਲੇ ਸ਼ਰਧਾਲੂਆਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਬਿਨਾਂ ਕਿਸੇ ਖਰਚੇ ਦੇ ਵੱਖ-ਵੱਖ ਧਾਰਮਿਕ ਸਥਾਨਾਂ ਦੀ ਯਾਤਰਾ ਮੁਫ਼ਤ ਵਿੱਚ ਕਰ ਸਕਣਗੇ।

## ਵਿਧਾਇਕ ਬੱਗਾ ਨੇ ਜ਼ਿਲ੍ਹਾ ਤੇ ਰਾਸ਼ਟਰੀ ਪੱਧਰ ਦੇ ਜੂਡੋ ਖਿਡਾਰੀਆਂ ਨੂੰ ਖੇਡ ਕਿੱਟਾਂ ਸਪੁਰਦ ਕੀਤੀਆਂ

**ਲੁਧਿਆਣਾ/ਵਾਸੂ**

ਪੰਜਾਬ ਸਰਕਾਰ ਸੂਬੇ ਨੂੰ ਖੇਡਾਂ ਦੇ ਖੇਤਰ ਵਿੱਚ ਮੋਹਰੀ ਸੂਬਾ ਬਣਾਉਣ ਲਈ ਨਿਰੰਤਰ ਯਤਨਸ਼ੀਲ ਹੈ ਜਿਸਦੇ ਤਹਿਤ ਖਿਡਾਰੀਆਂ ਨੂੰ ਖੇਡ ਬੁਨਿਆਦੀ ਢਾਂਚੇ ਦੇ ਵਿਸਥਾਰ ਨਾਲ ਵੱਖ-ਵੱਖ ਪਿੰਡਾਂ ਸ਼ਹਿਰਾਂ ਵਿੱਚ ਵੱਡੀ ਗਿਣਤੀ ਵਿੱਚ ਖੇਡ ਮੈਦਾਨ ਤਿਆਰ ਕਰਵਾਏ ਜਾ ਰਹੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ, ਵਿਧਾਨ ਸਭਾ ਹਲਕਾ ਲੁਧਿਆਣਾ ਉੱਤਰੀ ਤੋਂ ਵਿਧਾਇਕ ਚੌਧਰੀ ਮਦਨ ਲਾਲ ਬੱਗਾ ਵੱਲੋਂ ਹਲਕੇ ਦੇ ਜ਼ਿਲ੍ਹਾ ਤੇ ਰਾਸ਼ਟਰੀ ਪੱਧਰ ਦੇ ਜੂਡੋ ਖਿਡਾਰੀਆਂ ਨੂੰ ਆਪਣੇ ਮੁੱਖ ਦਫ਼ਤਰ ਵਿਖੇ ਖੇਡ ਕਿੱਟਾਂ ਸਪੁਰਦ ਕਰਦਿਆਂ ਕੀਤਾ। ਉਨ੍ਹਾਂ ਖਾਸ ਤੌਰ 'ਤੇ ਲੜਕੀਆਂ ਜਿਨ੍ਹਾਂ ਵੱਖ-ਵੱਖ ਪਲੇਟਫਾਰਮਾਂ 'ਤੇ ਮੈਡਲ ਹਾਸਲ ਕਰਕੇ ਆਪਣੇ ਮਾਪਿਆਂ, ਅਧਿਆਪਕਾਂ ਤੇ



ਜ਼ਿਲ੍ਹਾ ਲੁਧਿਆਣਾ ਦਾ ਨਾਮ ਰੋਸ਼ਨ ਕੀਤਾ ਹੈ, ਦੀ ਹੌਂਸਲਾ ਅਫਜਾਈ ਕਰਦਿਆਂ ਕਿਹਾ ਪੰਜਾਬ ਸਰਕਾਰ ਵੱਲੋਂ ਖਿਡਾਰੀਆਂ ਨੂੰ ਖੇਡਣ ਲਈ ਚੰਗਾ ਮਾਹੌਲ ਪ੍ਰਦਾਨ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਵਿਧਾਇਕ ਬੱਗਾ ਨੇ ਅੱਗੇ ਕਿਹਾ ਕਿ ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੌਜਵਾਨੀ ਨੂੰ ਨਸ਼ਿਆਂ ਤੋਂ ਪਾਸਾ ਵੱਟ ਕੇ, ਪੰਜਾਬ ਨੂੰ ਖੇਡਾਂ ਦੇ ਖੇਤਰ ਵਿੱਚ ਮੋਹਰੀ ਸੂਬਾ ਬਣਾਉਣ ਲਈ ਦਿਨ-ਰਾਤ ਕੰਮ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਖੇਡ ਵਿਭਾਗ ਵੱਲੋਂ ਜਿੱਥੇ ਵੱਖ-ਵੱਖ ਖੇਡਾਂ ਲਈ ਕੋਚਾਂ ਦੀ ਭਰਤੀ ਕੀਤੀ ਜਾ ਰਹੀ ਹੈ ਉੱਥੇ ਖਿਡਾਰੀਆਂ ਦੇ ਨਰੋਏ ਜੁੱਸੇ ਅਤੇ ਬਿਹਤਰ ਪ੍ਰਦਰਸ਼ਨ ਲਈ ਚੰਗੀ ਖੁਰਾਕ ਨੂੰ ਵੀ ਯਕੀਨੀ ਬਣਾਇਆ ਜਾ ਰਿਹਾ ਹੈ।ਵਿਧਾਇਕ ਚੌਧਰੀ ਮਦਨ ਲਾਲ ਬੱਗਾ ਨੇ ਕਿਹਾ ਭਾਰਤ ਦੀ ਹਾਕੀ ਟੀਮ ਵਿੱਚ ਪੰਜਾਬੀਆਂ ਦੀ ਬਹੁ-ਗਿਣਤੀ ਦੇ ਨਾਲ ਹੋਰਨਾਂ ਖੇਡਾਂ ਵਿੱਚ ਵੀ ਨੌਜਵਾਨਾਂ ਨੇ ਆਪਣੀ ਪਕੜ ਬਣਾਈ ਹੈ।

# ਮਜੀਠੀਆ ਦੀ ਰਿਹਾਈ ਨਾਲ ਅਕਾਲੀ ਦਲ ਹੋਰ ਮਜਬੂਤ ਹੋ ਕੇ ਕਰੇਗਾ ਪੰਜਾਬ ਵਾਸੀਆਂ ਦੀ ਸੇਵਾ : ਢਿੱਲੋਂ, ਭਿੰਦਾ, ਪਰਮਜੀਤ ਢਿੱਲੋਂ

## ਮਜੀਠੀਆ ਦੇ ਬਾਹਰ ਆਉਣ ਦੀ ਖੁਸ਼ੀ ਵਿੱਚ ਮਿਲ ਕੇ ਦਿੱਤੀਆਂ ਵਧਾਈਆਂ

**ਲੁਧਿਆਣਾ/ਵਾਸੂ ਜੇਤਲੀ**

ਬਿਕਰਮ ਸਿੰਘ ਮਜੀਠੀਆ ਦੀ ਰਿਹਾਈ 'ਤੇ ਸ਼੍ਰੋਮਣੀ ਅਕਾਲੀ ਦਲ ਲੁਧਿਆਣਾ ਸ਼ਹਿਰੀ ਦੇ ਪ੍ਰਧਾਨ ਭੁਪਿੰਦਰ ਸਿੰਘ ਭਿੰਦਾ ਅਤੇ ਸੀਨੀਅਰ ਅਕਾਲੀ ਆਗੂ ਰਣਜੀਤ ਸਿੰਘ ਢਿੱਲੋਂ ਅਤੇ ਹਲਕਾ ਸਮਰਾਲਾ ਤੋਂ ਪ੍ਰਧਾਨ ਪਰਮਜੀਤ ਸਿੰਘ ਢਿੱਲੋਂ ਨੇ ਮਜੀਠੀਆ ਨੂੰ ਮਿਲ ਕੇ ਜਿੱਥੇ ਵਧਾਈਆਂ ਦਿੱਤੀਆਂ ਉੱਥੇ ਹੀ ਉਨਾਂ ਦਾ ਸਵਾਗਤ ਵੀ ਕੀਤਾ। ਜਿਸ ਦੌਰਾਨ ਉਨਾਂ ਮੀਡੀਆ ਦੇ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਬਿਕਰਮ ਮਜੀਠੀਆ ਨੂੰ ਲੰਬੇ ਸਮੇਂ ਤੱਕ ਰਾਜਨੀਤਿਕ ਬਦਲੇ ਦੀ ਭਾਵਨਾ ਹੇਠ ਨਿਸ਼ਾਨਾ ਬਣਾਇਆ ਗਿਆ, ਪਰ ਸੱਚ ਆਖ਼ਰਕਾਰ ਸਾਹਮਣੇ ਆ ਕੇ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਮਜੀਠੀਆ ਦੀ ਰਿਹਾਈ ਇਸ ਗੱਲ ਦਾ ਸਬੂਤ ਹੈ ਕਿ ਅਕਾਲੀ ਦਲ ਦੇ ਆਗੂਆਂ ਨੂੰ ਝੂਠੇ



ਮਾਮਲਿਆਂ ਵਿੱਚ ਫਸਾ ਕੇ ਦਬਾਇਆ ਨਹੀਂ ਜਾ ਸਕਦਾ। ਬੇਸ਼ੱਕ ਸਰਕਾਰ ਵੱਲੋਂ ਵਿਰੋਧੀ ਆਵਾਜ਼ਾਂ ਨੂੰ ਕੁਚਲਣ ਲਈ ਸੱਤਾ ਦਾ ਦੁਰ-ਉਪਯੋਗ ਕੀਤਾ ਗਿਆ, ਪਰ ਅਦਾਲਤਾਂ ਨੇ ਇਨਸਾਫ਼ ਦੀ ਲਾਜ ਰੱਖੀ ਹੈ। "ਅਸੀਂ ਹਮੇਸ਼ਾ ਕਾਨੂੰਨ 'ਤੇ ਭਰੋਸਾ ਕੀਤਾ ਹੈ ਅਤੇ ਅੱਜ ਉਹ ਭਰੋਸਾ ਸਹੀ ਸਾਬਤ ਹੋਇਆ ਹੈ, ਉਨ੍ਹਾਂ ਕਿਹਾ ਕਿ ਬਿਕਰਮ ਮਜੀਠੀਆ ਨੇ ਹਮੇਸ਼ਾ ਪੰਜਾਬ ਦੇ ਮੁੱਦਿਆਂ—ਕਿਸਾਨੀ ਹੱਕਾਂ, ਬੇਰੁਜ਼ਗਾਰੀ, ਨੌਜਵਾਨੀ ਅਤੇ ਪੰਜਾਬ ਦੇ ਮੁੱਦਿਆਂ ਦੀ ਆਵਾਜ਼ ਬੁਲੰਦ ਕੀਤੀ ਹੈ। ਉਨ੍ਹਾਂ ਦੀ ਰਿਹਾਈ ਨਾਲ ਅਕਾਲੀ ਦਲ ਹੋਰ ਮਜ਼ਬੂਤੀ ਨਾਲ ਪੰਜਾਬ ਦੀ ਸੇਵਾ ਲਈ ਸਮਰਪਿਤ ਹੋਵੇਗਾ। ਭੁਪਿੰਦਰ ਭਿੰਦਾ ਨੇ ਕਿਹਾ ਕਿ ਟਾਈਗਰ ਹਾਲੇ ਜਿੰਦਾ ਹੈ ਜਿਹੇ ਜੋਸ਼ੀਲੇ ਬੋਲਾਂ ਦੇ ਨਾਲ ਮਜੀਠੀਆ ਨੇ ਵਰਕਰਾਂ ਦੇ ਵਿੱਚ ਨਵਾਂ ਜੋਸ਼ ਭਰ ਦਿੱਤਾ ਤੇ ਇਹ ਰਿਹਾਈ ਸਿਰਫ਼ ਇਕ ਵਿਅਕਤੀ ਦੀ ਨਹੀਂ, ਸਗੋਂ ਪੰਜਾਬ ਦੇ ਲੋਕਤੰਤਰ ਅਤੇ ਨਿਆਂ ਪ੍ਰਣਾਲੀ ਦੀ ਜਿੱਤ ਹੈ। ਅਸੀਂ ਸੱਚ ਦੇ ਰਾਹ 'ਤੇ ਡਟੇ ਰਹਾਂਗੇ ਅਤੇ ਪੰਜਾਬ ਦੀ ਅਵਾਜ਼ ਨੂੰ ਹਰ ਮੰਚ 'ਤੇ ਉਠਾਉਂਦੇ ਰਹਾਂਗੇ।

# ਧਰਦਿਉ ਦੇ ਬਿਜਲੀਘਰ ਬਾਰੇ ਲੋਕਾਂ ਨੂੰ ਗੁੰਮਰਾਹ ਨਾ ਕੀਤਾ ਜਾਵੇ : ਹਰਦੀਪ ਗਿੱਲ

## ਕੇਂਦਰ ਸਰਕਾਰ ਦੀ ਆਰ. ਡੀ. ਐੱਸ.ਐੱਸ ਸਕੀਮ ਅਧੀਨ ਬਣ ਰਿਹਾ ਹੈ ਇਹ ਬਿਜਲੀ ਘਰ

**ਜੰਡਿਆਲਾ ਗੁਰੂ/ਸਤਿੰਦਰ ਸਿੰਘ ਅਠਵਾਲ**

ਵਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਧਰਦਿਉ ਵਿਖੇ ਲੱਗਣ ਵਾਲੇ ਬਿਜਲੀ ਘਰ ਸਬੰਧੀ ਲੋਕਾਂ ਵਿਚ ਭਰਮ- ਭੁਲੇਖੇ ਨਾ ਪੈਦਾ ਕੀਤੇ ਜਾਣ। ਇਹ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਅੰਮ੍ਰਿਤਸਰ ਦਿਹਾਤੀ ਜਿਲ੍ਹਾ ਪ੍ਰਧਾਨ ਅਤੇ ਜੰਡਿਆਲਾ ਗੁਰੂ ਤੋਂ ਹਲਕਾ ਇੰਚਾਰਜ ਸ. ਹਰਦੀਪ ਸਿੰਘ ਗਿੱਲ ਨੇ ਕੀਤਾ। ਉਹਨਾਂ ਕਿਹਾ ਕਿ ਹਲਕੇ ਦੇ ਵਿਧਾਇਕ ਤੇ ਕੈਬਿਨਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਅਤੇ ਉਹਨਾਂ ਦੇ ਸਮਰਥਕ ਇਸ ਨੂੰ ਪੰਜਾਬ ਸਰਕਾਰ ਦੀ ਪ੍ਰਾਪਤੀ ਦੱਸ ਕੇ ਲੋਕਾਂ ਨੂੰ ਗੁੰਮਰਾਹ ਕਰ ਰਹੇ ਹਨ। ਜਦਕਿ ਇਹ ਬਿਜਲੀ ਘਰ ਕੇਂਦਰ ਸਰਕਾਰ ਦੀ ਆਰ.ਡੀ.ਐੱਸ.ਐੱਸ ਸਕੀਮ ਅਧੀਨ ਲੱਗ ਰਿਹਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਆਰ. ਡੀ. ਐੱਸ. ਐੱਸ ਸਕੀਮ ਬਿਜਲੀ ਦੀ ਸੁਚਾਰੂ ਵੰਡ ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਬਿਜਲੀ ਢਾਂਚੇ ਦੇ ਨਵੀਨੀਕਰਨ ਨੂੰ ਮੁੱਖ ਰੱਖਦਿਆਂ ਸ਼ੁਰੂ ਕੀਤੀ ਗਈ ਸੀ। ਇਸ ਸਕੀਮ ਤਹਿਤ ਵਿੱਤੀ ਸਾਲ 2019-20



ਦੌਰਾਨ ਪੀ.ਐੱਸ.ਪੀ.ਸੀ.ਐੱਲ ਵੱਲੋਂ ਭੇਜੀ ਗਈ ਮੰਗ ਦੇ ਅਧਾਰ 'ਤੇ ਕੇਂਦਰ ਸਰਕਾਰ ਦੀ ਮੋਦੀ ਸਰਕਾਰ ਨੇ ਸਾਲ 2021 ਵਿੱਚ ਪਿੰਡ ਧਰਦਿਉ ਦੇ ਬਿਜਲੀ ਘਰ ਨੂੰ ਮੁੱਢਲੀ ਪ੍ਰਵਾਨਗੀ ਦਿੱਤੀ। ਹਰਦੀਪ ਸਿੰਘ ਗਿੱਲ ਨੇ ਕਿਹਾ ਕਿ ਸੋਸ਼ਲ ਮੀਡੀਆ ਰਾਹੀਂ ਇਸ ਪ੍ਰੋਜੈਕਟ ਨੂੰ ਪੰਜਾਬ ਸਰਕਾਰ ਦੀ ਪ੍ਰਾਪਤੀ ਵਜੋਂ ਪੇਸ਼ ਕੀਤਾ ਜਾ ਰਿਹਾ ਹੈ, ਜਦਕਿ ਹਕੀਕਤ ਇਹ ਹੈ ਕਿ ਇਸ ਪ੍ਰੋਜੈਕਟ ਵਿੱਚ 60 ਫੀਸਦੀ ਫੰਡ ਕੇਂਦਰ ਸਰਕਾਰ ਵੱਲੋਂ ਦਿੱਤਾ ਜਾ ਰਿਹਾ ਹੈ ਜਿਸਦਾ ਕੋਈ ਵੀ ਜ਼ਿਕਰ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ 66 ਕੇ. ਵੀ ਸਬ ਸਟੇਸ਼ਨ ਸਬੰਧੀ ਫੈਲਾਏ ਜਾ ਰਹੇ ਗੁੰਮਰਾ ਕਰਨ ਤੇ ਝੂਠੇ ਪ੍ਰਚਾਰ ਬਾਰੇ ਉਹਨਾਂ ਕੇਂਦਰੀ ਬਿਜਲੀ ਮੰਤਰੀ ਸ਼੍ਰੀ ਮਨੋਹਰ ਲਾਲ ਖੱਟਰ ਦੇ ਧਿਆਨ ਵਿੱਚ ਵੀ ਲਿਆਂਦਾ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਕੇਂਦਰ ਦੀ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ 'ਤੇ ਆਪਣੇ ਸਟਿੱਕਰ ਲਗਾ ਕੇ ਫੋਕੀ ਵਾਹ ਵਾਹ ਖੱਟ ਰਹੀ ਹੈ । ਜਿਸ ਤੋਂ ਪੰਜਾਬ ਦੇ ਲੋਕ ਭਲੀ ਭਾਂਤ ਜਾਣੂ ਹਨ।

# ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਹਲਕਾ ਅਜਨਾਲਾ ਵਿੱਚ 14.75 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀਆਂ 7 ਸੰਪਰਕ ਸੜਕਾਂ ਦੇ ਨੀਂਹ ਪੱਥਰ ਰੱਖੇ

**ਅੰਮ੍ਰਿਤਸਰ** : ਵਿਧਾਨ ਸਭਾ ਹਲਕਾ ਅਜਨਾਲਾ ਦੇ ਵਿਧਾਇਕ ਸ. ਕੁਲਦੀਪ ਸਿੰਘ ਧਾਲੀਵਾਲ ਵੱਲੋਂ ਅੱਜ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਸੰਪਰਕ ਸੜਕਾਂ ਨੂੰ ਅਪਗਰੇਡ ਕਰਨ ਦੇ ਨੀਂਹ ਪੱਥਰ ਰੱਖੇ ਗਏ। ਪੰਜਾਬ ਮੰਡੀ ਬੋਰਡ ਵੱਲੋਂ ਇਨ੍ਹਾਂ ਸੰਪਰਕ ਨੂੰ ਅਪਗਰੇਡ ਕਰਨ ਉੱਪਰ 14.75 ਕਰੋੜ ਰੁਪਏ ਖ਼ਰਚ ਕੀਤੇ ਜਾਣਗੇ। ਸੰਪਰਕ ਸੜਕਾਂ ਨੂੰ ਅਪਗਰੇਡ ਕਰਨ ਦੇ ਇਸ ਪ੍ਰੋਜੈਕਟ ਬਾਰੇ ਜਾਣਕਾਰੀ ਦਿੰਦਿਆਂ ਵਿਧਾਇਕ ਸ. ਕੁਲਦੀਪ ਸਿੰਘ ਧਾਲੀਵਾਲ ਨੇ ਦੱਸਿਆ ਕਿ ਅੱਜ ਵਿਧਾਨ ਸਭਾ ਹਲਕਾ ਅਜਨਾਲਾ ਦੇ ਪਿੰਡ ਭਲਾ ਪਿੰਡ ਤੋਂ ਧਾਰੀਵਾਲ ਚਮਿਆਰੀ ਤੋਂ ਭੂਰੇ ਗਿੱਲ, ਦਿਆਲਪੁਰਾ, ਨਾਨਕੇ ਤੋਂ ਸੁਧਾਰ ਤੱਕ 13.57 ਕਿਲੋਮੀਟਰ ਲੰਬੀ ਸੜਕ ਉਪਰ 1280.87 ਲੱਖ ਰੁਪਏ, ਗੱਗੋਮਾਹਲ ਚਮਿਆਰੀ ਰੋਡ ਤੋਂ ਸੋਨੂੰ ਦੇ ਡੇਰੇ ਦੀ ਸੜਕ 0.50 ਲੰਬੀ ਸੜਕ ਉੱਪਰ 26.47 ਲੱਖ ਰੁਪਏ, ਅਜਨਾਲਾ ਰਮਦਾਸ ਰੋਡ ਤੋਂ ਕੋਟਲੀ ਜਮੀਤ ਸਿੰਘ ਤੱਕ 1.15 ਲੰਬੀ ਸੜਕ ਉੱਪਰ 25.11 ਲੱਖ ਰੁਪਏ, ਰੂੜੇਵਾਲ ਤੋਂ ਕੱਤਲੇ ਤੱਕ 1.33 ਲੰਬੀ ਸੜਕ ਉੱਪਰ 27.38 ਲੱਖ ਰੁਪਏ, ਪੰਡ ਕੋਟ ਗੁਰਬਖ਼ਸ਼ ਦੀ 0.85 ਕਿਲੋਮੀਟਰ ਲੰਬੀ ਫਿਰਨੀ ਉੱਪਰ 38.25 ਲੱਖ ਰੁਪਏ, ਪਿੰਡ ਮੱਧੂਸ਼ਾਂਗਾ ਦੀ 0.50 ਲੰਬੀ ਫਿਰਨੀ ਉੱਪਰ 38.25 ਲੱਖ ਰੁਪਏ ਅਤੇ ਪਿੰਡ ਬੋਹੜਾਂਵਾਲਾ ਦੀ 1.20 ਲੰਬੀ ਫਿਰਨੀ ਉੱਪਰ 38.25 ਲੱਖ ਰੁਪਏ ਖਰਚ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਸੰਪਰਕਾਂ ਸੜਕਾਂ ਦਾ ਕੰਮ ਸ਼ੁਰੂ ਹੋ ਗਿਆ ਹੈ ਅਤੇ ਜਲਦੀ ਹੀ ਇਸ ਪ੍ਰੋਜੈਕਟ ਨੂੰ ਪੂਰਾ ਕਰ ਲਿਆ ਜਾਵੇਗਾ। ਸ. ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਸੰਪਰਕ ਸੜਕਾਂ ਨੂੰ ਅਪਗਰੇਡ ਕਰਨ ਦੇ ਇਸ ਪ੍ਰੋਜੈਕਟ ਵਿੱਚ ਕਿਸੇ ਵੀ ਤਰ੍ਹਾਂ ਦੀ ਉਣਤਾਈ ਨਹੀਂ ਰਹਿਣ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜਿਹੜੀ ਵੀ ਕੰਪਨੀ ਜਿਸ ਵੀ ਸੜਕ ਦਾ ਨਿਰਮਾਣ ਕਰੇਗੀ, ਉਹ ਹੀ ਆਉਣ ਵਾਲੇ 5 ਸਾਲਾਂ ਤੱਕ ਉਸ ਸੜਕ ਦੀ ਰਿਪੇਅਰ ਲਈ ਜ਼ਿੰਮੇਵਾਰ ਵੀ ਹੋਵੇਗੀ। ਉਨ੍ਹਾਂ ਕਿਹਾ ਕਿ ਇਸ ਸੜਕੀ ਨੈਟਵਰਕ ਨਾਲ ਜਿੱਥੇ ਆਵਾਜਾਈ ਸੁਚੱਜੇ ਢੰਗ ਨਾਲ ਚੱਲੇਗੀ, ਉੱਥੇ ਹੀ ਦੁਰਘਟਨਾਵਾਂ ਦਾ ਗ੍ਰਾਫ ਵੀ ਹੇਠਾਂ ਆਵੇਗਾ, ਲੋਕਾਂ ਲਈ ਇੱਕ ਥਾਂ ਤੋਂ ਦੂਜੀ ਥਾਂ ਤੱਕ ਪੁੱਜਣਾ ਆਸਾਨ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਲਗਾਤਾਰ ਵਿਕਾਸ ਦੇ ਰਸਤੇ 'ਤੇ ਤੇਜ਼ ਗਤੀ ਨਾਲ ਚੱਲ ਰਿਹਾ ਹੈ ਅਤੇ ਇਸ ਪੂਰੇ ਸਾਲ ਦੌਰਾਨ ਵਿਕਾਸ ਦੇ ਉਹ ਵੱਡੇ ਪ੍ਰੋਜੈਕਟ ਸਰਕਾਰ ਪੂਰੇ ਕਰਨ ਜਾ ਰਹੀ



ਹੈ, ਜਿਸ ਬਾਰੇ ਵਿਰੋਧੀ ਪਾਰਟੀਆਂ ਦੀ ਸੋਚ ਵੀ ਨਹੀਂ ਹੈ। ਸ. ਧਾਲੀਵਾਲ ਨੇ ਕਿਹਾ ਕਿ ਬੀਤੇ ਸਾਲ ਹੜ੍ਹਾਂ ਕਾਰਨ ਵੀ ਹਲਕਾ ਅਜਨਾਲਾ ਦੇ ਕਈ ਪਿੰਡਾਂ ਵਿੱਚ ਬਹੁਤ ਨੁਕਸਾਨ ਹੋਇਆ ਹੈ, ਸੜਕਾਂ, ਫਿਰਨੀ ਰੁੜ ਗਈਆਂ ਸਨ ਅਤੇ ਹੋਰ ਵੀ ਨੁਕਸਾਨ ਝੱਲਣਾ ਪਿਆ ਹੈ। ਉਨ੍ਹਾਂ ਕਿਹਾ ਕਿ ਇਸ ਸਭ ਦੀ ਭਰਪਾਈ ਲਈ ਵੀ ਪੰਜਾਬ ਸਰਕਾਰ ਵੱਲੋਂ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਸਾਲ 2026 ਨੂੰ ਵਿਕਾਸ ਵਰ੍ਹੇ ਵਜੋਂ ਮਨਾਇਆ ਜਾ ਰਿਹਾ ਹੈ ਅਤੇ ਇਸ ਸਾਲ ਹਲਕੇ ਦੇ ਸਰਬਪੱਖੀ ਵਿਕਾਸ ਵਿੱਚ ਕੋਈ ਕਮੀਂ ਨਹੀਂ ਰਹਿਣ ਦਿੱਤੀ ਜਾਵੇਗੀ।

# ਸਾਡੇ ਬਜ਼ੁਰਗ, ਸਦਾ ਮਾਨ ਪ੍ਰੋਗਰਾਮ ਤਹਿਤ ਮੈਡੀਕਲ ਚੈੱਕਅੱਪ, ਸਨਮਾਨ ਕੈਂਪ ਲਗਾਏ ਗਏ

**ਲੁਧਿਆਣਾ/ਅਸ਼ਵਨੀ ਅਹੂਜਾ**

ਪੰਜਾਬ ਸਰਕਾਰ ਵੱਲੋਂ ਬਜ਼ੁਰਗਾਂ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਸ਼ੁਰੂ ਕੀਤੀ ਗਈ 'ਸਾਡੇ ਬੁਜ਼ੁਰਗ, ਸਦਾ ਮਾਨ' ਮੁਹਿੰਮ ਦੇ ਹਿੱਸੇ ਵਜੋਂ, ਸਮਾਜਿਕ ਸੁਰੱਖਿਆ ਅਤੇ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੇ ਬੁੱਧਵਾਰ ਨੂੰ ਮਾਡਲ ਟਾਊਨ ਦੇ ਸ਼੍ਰੀ ਵਿਵੇਕਾਨੰਦ ਸਵਰਗ ਆਸ਼ਰਮ ਵਿਖੇ ਸਾਡੇ ਬੁਜ਼ੁਰਗ, ਸਦਾ ਮਾਨ ਪ੍ਰੋਗਰਾਮ ਤਹਿਤ ਇੱਕ ਮੈਡੀਕਲ ਚੈੱਕ-ਅੱਪ, ਸਨਮਾਨ ਕੈਂਪ ਲਗਾਏ। ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਵਰਿੰਦਰ ਸਿੰਘ ਟਿਵਾਣਾ ਨੇ ਦੱਸਿਆ ਕਿ ਕੈਂਪ ਵਿੱਚ 950 ਤੋਂ ਵੱਧ ਭਾਗੀਦਾਰਾਂ ਦੀ ਆਮਦ ਦੇਖਣ ਨੂੰ ਮਿਲੀ। ਕੁੱਲ 620 ਵਿਅਕਤੀਆਂ ਨੇ ਮੁਫ਼ਤ/ਸਬਸਿਡੀ ਵਾਲੇ ਓਪੀਡੀ



ਸਲਾਹ-ਮਸ਼ਵਰੇ ਦਾ ਲਾਭ ਉਠਾਇਆ, ਜਦੋਂ ਕਿ 120 ਲਾਭਪਾਤਰੀਆਂ ਨੇ ਆਯੂਸ਼ ਦਵਾਈਆਂ ਪ੍ਰਾਪਤ ਕੀਤੀਆਂ। ਬਜ਼ੁਰਗ ਨਾਗਰਿਕਾਂ 'ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ, 12 ਪੈਨਸ਼ਨ ਅਰਜ਼ੀ ਫਾਰਮਾਂ ਦੀ ਪ੍ਰਕਿਰਿਆ ਕੀਤੀ ਗਈ, 30 ਸੀਨੀਅਰ ਸਿਟੀਜ਼ਨ ਕਾਰਡ ਜਾਰੀ ਕੀਤੇ ਗਏ, ਅਤੇ ਪੈਨਸ਼ਨ ਅਤੇ ਸੀਨੀਅਰ ਸਿਟੀਜ਼ਨ ਸਕੀਮਾਂ ਨਾਲ ਸਬੰਧਤ 150 ਤੋਂ ਵੱਧ ਸਵਾਲਾਂ ਦੇ ਹੱਲ ਕੀਤੇ ਗਏ। ਕੈਂਪ ਨੇ DLSA ਰਾਹੀਂ 10 ਕਾਨੂੰਨੀ ਸਹਾਇਤਾ ਗੱਲਬਾਤ ਦੀ ਸਹੂਲਤ ਵੀ ਦਿੱਤੀ ਅਤੇ 70 ਮੈਂਬਰਾਂ ਨੂੰ ਸਵੈ-ਸਹਾਇਤਾ ਸਮੂਹਾਂ ਬਾਰੇ ਮਾਰਗਦਰਸ਼ਨ ਪ੍ਰਦਾਨ ਕੀਤਾ। ਇਸ ਤੋਂ ਇਲਾਵਾ, 75 ਭਾਗੀਦਾਰਾਂ ਨੇ ਇੱਕ ਸਮਰਪਿਤ ਡਿਜੀਟਲ ਸਾਖਰਤਾ ਸੈਸ਼ਨ ਵਿੱਚ ਹਿੱਸਾ ਲਿਆ, 30 ਵਿਦਿਆਰਥੀਆਂ ਨੇ ਸਕਾਲਰਸ਼ਿਪ ਸਕੀਮਾਂ ਬਾਰੇ ਜਾਗਰੂਕਤਾ ਸੈਸ਼ਨ ਤੋਂ ਲਾਭ ਉਠਾਇਆ, ਅਤੇ 75 ਬਜ਼ੁਰਗ ਵਿਅਕਤੀਆਂ ਨੇ ਯੋਗਾ ਅਤੇ ਧਿਆਨ ਸੈਸ਼ਨ ਵਿੱਚ ਸਰਗਰਮੀ ਨਾਲ ਹਿੱਸਾ ਲਿਆ ਜਿਸਦਾ ਉਦੇਸ਼ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਨੂੰ ਉਤਸ਼ਾਹਿਤ ਕਰਨਾ ਸੀ। ਉਨ੍ਹਾਂ ਅੱਗੇ ਕਿਹਾ ਕਿ ਕੈਂਪ ਨੇ ਸਫਲਤਾਪੂਰਵਕ ਜ਼ਰੂਰੀ ਸਰਕਾਰੀ, ਸਿਹਤ, ਕਾਨੂੰਨੀ, ਵਿੱਤੀ ਅਤੇ ਤੰਦਰੁਸਤੀ ਸੇਵਾਵਾਂ ਨੂੰ ਸਿੱਧੇ ਤੌਰ 'ਤੇ ਭਾਈਚਾਰੇ ਤੱਕ ਪਹੁੰਚਾਇਆ, ਜਿਸ ਨਾਲ ਖੇਤਰ ਦੇ ਸੀਨੀਅਰ ਨਾਗਰਿਕਾਂ ਅਤੇ ਹੋਰ ਯੋਗ ਸਮੂਹਾਂ ਲਈ ਪਹੁੰਚ ਨੂੰ ਕਾਫ਼ੀ ਆਸਾਨ ਬਣਾਇਆ ਗਿਆ। ਟਿਵਾਣਾ ਨੇ ਅੱਗੇ ਦੱਸਿਆ ਕਿ ਇਸੇ ਤਰ੍ਹਾਂ ਦੇ ਕੈਂਪ 11 ਫਰਵਰੀ ਨੂੰ ਗੁਰੂ ਅਮਰਦਾਸ ਓਲਡ ਏਜ ਹੋਮ, ਪਿੰਡ ਸਰਾਭਾ, 18 ਫਰਵਰੀ ਨੂੰ ਨਿਸ਼ਕਾਮ ਸੇਵਾ ਓਲਡ ਏਜ ਹੋਮ, ਪਿੰਡ ਬਹਿਲਾ ਅਤੇ 25 ਫਰਵਰੀ ਨੂੰ ਗੁਰੂ ਨਾਨਕ ਚੈਰੀਟੇਬਲ ਟਰੱਸਟ, ਗੁਰਮਤਿ ਭਵਨ, ਮੁੱਲਾਂਪੁਰ ਵਿੱਚ ਲਗਾਏ ਜਾਣਗੇ। ਉਨ੍ਹਾਂ ਸਾਰੇ ਯੋਗ ਲਾਭਪਾਤਰੀਆਂ ਨੂੰ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ।

# ਜੀਵਨਜੋਤ ਪ੍ਰੋਜੈਕਟ ਤਹਿਤ ਬਾਲ ਭਿੱਖਿਆ ਦੀ ਰੋਕਥਾਮ ਲਈ ਜਾਗਰੂਕਤਾ ਅਭਿਆਨ ਚਲਾਇਆ

**ਲੁਧਿਆਣਾ/ਵਾਸੂ ਜੇਤਲੀ**

ਡਿਪਟੀ ਕਮਿਸ਼ਨਰ ਲੁਧਿਆਣਾ ਸ੍ਰੀ ਹਿਮਾਂਸ਼ੂ ਜੈਨ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ, ਜੀਵਨਜੋਤ ਪ੍ਰੋਜੈਕਟ ਅਧੀਨ ਬਾਲ ਭਿੱਖਿਆ ਤੇ ਬਾਲ ਮਜ਼ਦੂਰੀ ਦੀ ਰੋਕਥਾਮ ਲਈ ਵਿਸ਼ੇਸ਼ ਜਾਗਰੂਕਤਾ ਅਭਿਆਨ ਚਲਾਇਆ ਗਿਆ। ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਲੁਧਿਆਣਾ ਸ਼?ਰੀਮਤੀ ਰਸ਼ਮੀ ਦੀ ਅਗਵਾਈ ਹੇਠ ਬਾਲ ਭਿੱਖਿਆ ਦੀ ਰੋਕਥਾਮ ਲਈ ਜ਼ਿਲ੍ਹਾ ਟਾਸਕ ਫੋਰਸ ਟੀਮ ਵੱਲੋ ਲੁਧਿਆਣਾ ਸ਼ਹਿਰ ਦੇ ਪ੍ਰਮੁੱਖ ਸਥਾਨਾਂ



'ਤੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਟੀਮ ਵੱਲੋਂ ਦੁਰਗਾ ਮਾਤਾ ਮੰਦਿਰ, ਦੰਡੀ ਸਵਾਮੀ ਮੰਦਿਰ, ਸ਼ੀਤਲਾ ਮਾਤਾ ਮੰਦਿਰ, ਰੇਲਵੇ ਸਟੇਸ਼ਨ, ਜੇ.ਐਮ.ਡੀ.ਮਾਲ ਅਤੇ ਬੱਸ ਸਟੈਂਡ ਵਿਖੇ ਆਮ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਬੱਚਿਆਂ ਨੂੰ ਭੀਖ ਦੇਣ ਤੋਂ ਗੁਰੇਜ ਕੀਤਾ ਜਾਵੇ। ਉਨ੍ਹਾਂ ਕਿਹਾ ਆਮ ਲੋਕਾਂ ਦੇ ਸਹਿਯੋਗ ਨਾਲ ਹੀ ਬਾਲ ਭਿੱਖਿਆ ਵਰਗੀ ਅਲਾਮਤ 'ਤੇ ਠੱਲ੍ਹ ਪਾਈ ਜਾ ਸਕਦੀ ਹੈ। ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਨੇ ਦੱਸਿਆ ਕਿ ਲਗਾਤਾਰ ਚੈਕਿੰਗ ਕਾਰਨ ਕੋਈ ਵੀ ਬੱਚਾ ਭੀਖ ਮੰਗਦਾ ਨਹੀ ਪਾਇਆ ਗਿਆ ਜੋਕਿ ਬਾਲ ਭਿੱਖਿਆ ਮੁਕਤ ਜ਼ਿਲ੍ਹੇ ਲਈ ਸ਼ੁੱਭ ਸੰਕੇਤ ਹੈ। ਇਸ ਤੋਂ ਇਲਾਵਾ, ਬਾਲ ਮਜ਼ਦੂਰੀ ਦੀ ਰੋਕਥਾਮ ਲਈ ਜਿਲ੍ਹਾ ਬਾਲ ਸੁਰੱਖਿਆ ਯੂਨਿਟ, ਲੁਧਿਆਣਾ ਵੱਲੋ ਸਥਾਲਕ ਨੂਰਵਾਲਾ ਰੋਡ, ਰਾਹੋਂ ਰੋਡ ਅਤੇ ਪਿੰਡ ਲੋਹਾਰਾ ਦੇ ਨੇੜਲੇ ਇਲਾਕਿਆਂ ਵਿੱਚ ਅਚਨਚੇਤ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਉਨ੍ਹਾਂ ਢਾਬਿਆਂ, ਰੈਸਟੋਰੈਂਟਾਂ, ਦੁਕਾਨਦਾਰਾਂ ਨੂੰ ਸਪੱਸ਼ਟ ਕੀਤਾ ਕਿ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਤੋਂ ਬਾਲ ਮਜ਼ਦੂਰੀ ਨਾ ਕਰਵਾਈ ਜਾਵੇ।

ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਲੁਧਿਆਣਾ ਸ਼੍ਰੀਮਤੀ ਰਸ਼ਮੀ ਨੇ ਦੱਸਿਆ ਕਿ ਭਵਿੱਖ ਵਿੱਚ ਵੀ ਇਹ ਜਾਗਰੂਕਤਾ ਅਭਿਆਨ ਅਤੇ ਅਚਨਚੇਤ ਚੈਕਿੰਗ ਜਾਰੀ ਰਹੇਗੀ ਤਾਂ ਜੋ ਲੁਧਿਆਣਾ ਜ਼ਿਲ੍ਹੇ ਨੂੰ ਬਾਲ ਭਿੱਖਿਆ ਤੇ ਬਾਲ ਮਜ਼ਦੂਰੀ ਤੋਂ ਮੁਕਤ ਕਰਵਾਕੇ ਬੱਚਿਆਂ ਦਾ ਭਵਿੱਖ ਉੱਜਵਲ ਬਣਾਇਆ ਜਾ ਸਕੇ।

# ਪੰਜਾਬ ਦੇ ਹਰੇਕ ਜ਼ਿਲ੍ਹੇ ਦੇ ਮੁੱਖ ਸੇਵਾ ਕੇਂਦਰ ਵਿੱਚ ਭਰਤੀ ਲਈ ਅੱਜ ਸੂਬਾ ਪੱਧਰੀ 'ਨੌਕਰੀ ਮੇਲਾ'

**ਲੁਧਿਆਣਾ/ਵਾਸੂ ਜੇਤਲੀ**

ਪੰਜਾਬ ਸਰਕਾਰ ਵੱਲੋਂ ਸੂਬੇ ਦੇ ਪੜ੍ਹੇ-ਲਿਖੇ ਨੌਜਵਾਨਾਂ ਨੂੰ ਰੋਜ਼ਗਾਰ ਦੇ ਬਿਹਤਰ ਅਵਸਰ ਪ੍ਰਦਾਨ ਕਰਨ ਅਤੇ ਸਰਕਾਰੀ ਸੇਵਾਵਾਂ ਨੂੰ ਲੋਕਾਂ ਤੱਕ ਪਹੁੰਚਾਉਣ ਵਾਲੇ 'ਸੇਵਾ ਕੇਂਦਰਾਂ' ਦੇ ਕੰਮਕਾਜ ਨੂੰ ਵਧੇਰੇ ਚੁਸਤ-ਦਰੁਸਤ ਬਣਾਉਣ ਲਈ ਇੱਕ ਅਹਿਮ ਪਹਿਲਕਦਮੀ



ਕੀਤੀ ਗਈ ਹੈ। ਸੇਵਾ ਕੇਂਦਰਾਂ ਦੇ ਪੰਜਾਬ ਪ੍ਰੋਜੈਕਟ ਹੈੱਡ ਸ੍ਰੀ ਪ੍ਰਭਜੋਤ ਸਿੰਘ ਨੇ ਦੱਸਿਆ ਹੈ ਕਿ ਪੰਜਾਬ ਭਰ ਦੇ ਸੇਵਾ ਕੇਂਦਰਾਂ ਵਿੱਚ 9 ਫਰਵਰੀ ਨੂੰ ਸੂਬਾ ਪੱਧਰੀ 'ਨੌਕਰੀ ਮੇਲਾ' ਲਗਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਅੱਜ 9 ਫਰਵਰੀ ਨੂੰ ਪੂਰੇ ਪੰਜਾਬ ਦੇ ਡੀ.ਸੀ. ਦਫਤਰਾਂ 'ਚ ਸਥਿਤ ਮੁੱਖ ਸੇਵਾ ਕੇਂਦਰਾਂ ਵਿਚ ਕੇ.ਵਾਈ.ਸੀ. ਓਪਰੇਟਰਾਂ ਦੀ ਭਰਤੀ ਕਰਨ ਲਈ ਨੌਕਰੀ ਮੇਲਾ ਸਵੇਰੇ 9:30 ਵਜੇ ਤੋਂ ਸ਼ਾਮ 3:30 ਵਜੇ ਤੱਕ ਲਗਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਦੇ ਵਧੀਆ ਵਸੀਲੇ ਪੈਦਾ ਕੀਤਾ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਕੰਪਿਊਟਰ ਦੀ ਵਧੀਆ ਜਾਣਕਾਰੀ ਰੱਖਣ ਵਾਲੇ ਬਾਰਵੀਂ ਪਾਸ ਨੌਜਵਾਨਾਂ ਲਈ ਇਹ ਇਕ ਵਧੀਆ ਵਿਕਲਪ ਹੈ। ਚਾਹਵਾਨ ਨੌਜਵਾਨ 9 ਫਰਵਰੀ ਨੂੰ ਆਪੋ ਆਪਣੇ ਪੜ੍ਹਾਈ ਤੇ ਰਿਹਾਇਸ਼ੀ ਪਹਿਚਾਣ ਪੱਤਰ ਸਮੇਤ ਇੰਟਰਵਿਊ ਲਈ ਹਰ ਜਿਲ੍ਹੇ ਦੇ ਡੀ.ਸੀ. ਕੰਪਲੈਕਸ 'ਚ ਸਥਿਤ ਸੇਵਾ ਕੇਂਦਰ 'ਚ ਆ ਸਕਦੇ ਹਨ। ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਮੋਬਾਇਲ ਨੰਬਰ 95305-40651 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

# ਲੁਧਿਆਣਾ 'ਚ ਖੇਤੀਬਾੜੀ ਵਿਭਾਗ ਦੀ ਵਿਸ਼ੇਸ਼ ਮੀਟਿੰਗ, ਕੁਤਾਹੀ ਬਰਦਾਸ਼ਤ ਨਹੀਂ : ਡਾ. ਗੁਰਨਾਮ ਸਿੰਘ ਵੱਲੋਂ ਅਧਿਕਾਰੀਆਂ ਨੂੰ ਸਖ਼ਤ ਤਾੜਨਾ

**ਲੁਧਿਆਣਾ/ਦਿਵਿਆਂਸ਼ੂ ਸ਼ਰਮਾ ਖੰਨਾ**

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਲੁਧਿਆਣਾ ਦੇ ਇੰਚਾਰਜ ਡਾ. ਗੁਰਨਾਮ ਸਿੰਘ, ਸੰਯੁਕਤ ਡਾਇਰੈਕਟਰ ਖੇਤੀਬਾੜੀ, (ਇਨਪੁੱਟਸ) ਨੇ ਦਫਤਰ ਮੁੱਖ ਖੇਤੀਬਾੜੀ ਅਫਸਰ, ਲੁਧਿਆਣਾ ਦੇ ਵਿੱਚ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਮੁੱਖ ਖੇਤੀਬਾੜੀ ਅਫਸਰ ਲੁਧਿਆਣਾ ਡਾ. ਗੁਰਦੀਪ ਸਿੰਘ, ਸਾਰੇ ਬਲਾਕ ਖੇਤੀਬਾੜੀ ਅਫਸਰ, ਖੇਤੀਬਾੜੀ ਵਿਕਾਸ ਅਫਸਰ ਅਤੇ ਖੇਤੀਬਾੜੀ ਵਿਸਥਾਰ ਅਫਸਰ ਮੌਜੂਦ ਸਨ। ਸੰਯੁਕਤ ਡਾਇਰੈਕਟਰ ਖੇਤੀਬਾੜੀ, (ਇਨਪੁੱਟਸ) ਡਾ. ਗੁਰਨਾਮ ਸਿੰਘ ਨੇ ਮੀਟਿੰਗ ਦੌਰਾਨ ਫੀਲਡ ਸਟਾਫ਼ ਨੂੰ ਸੋਇਲ ਹੈਲਥ ਕਾਰਡਾਂ ਦੀ ਪ੍ਰਗਤੀ, ਖੇਤੀਬਾੜੀ ਇੰਨਪੁਟਸ ਦੀ ਗੁਣਵੱਤਾ, ਸਬਸਿਡੀ ਵਾਲੀ ਮਸ਼ੀਨਰੀ ਦੀ ਬਕਾਇਆ ਈ.ਪੀ.ਵੀ, ਜਿਪਸਮ ਦੀ ਪੋਰਟਲ 'ਤੇ ਵੇਰੀਫਿਕੇਸ਼ਨ, ਕ੍ਰਿਸ਼ੀ ਮੈਪਰ



ਐਪ 'ਤੇ ਫ਼ਸਲ ਡਾਟਾ ਅਪਡੇਸ਼ਨ ਦੀ ਪ੍ਰਗਤੀ, ਮਾਈਨਰ ਇਰੀਗੇਸ਼ਨ ਸਰਵੇਖਣਾਂ ਆਦਿ ਸਬੰਧੀ ਜ਼ਰੂਰੀ ਹਦਾਇਤਾਂ ਦਿੱਤੀਆਂ ਗਈਆਂ ਅਤੇ ਸਮੂਹ ਸਟਾਫ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਕਿਸਾਨਾਂ ਤੱਕ ਇਹ ਸਾਰੀਆਂ ਸਕੀਮਾਂ ਦੇ ਲਾਭ ਪੁਹੰਚਾਉਣ ਲਈ ਸਖਤ ਹਦਾਇਤ ਕੀਤੀ ਗਈ । ਉਨ੍ਹਾਂ ਵਲੋਂ ਸਮੂਹ ਸਟਾਫ ਨੂੰ ਸਖਤ ਤਾੜਨਾ ਕਰਦੇ ਹੋਏ ਕਿਹਾ ਗਿਆ ਕਿ ਕਿਸੇ ਵੀ ਵਿਭਾਗ ਦੇ ਕੰਮ ਵਿੱਚ ਕਿਸੇ ਅਧਿਕਾਰੀ ਅਤੇ ਕਰਮਚਾਰੀ ਵਲੋਂ ਕੁਤਾਹੀ ਵਰਤੀ ਗਈ ਤਾਂ ਉਸ ਅਧਿਕਾਰੀ ਅਤੇ ਕਰਮਚਾਰੀ ਤੇ ਸਖਤ ਕਾਰਵਾਈ ਕੀਤੀ ਜਾਏਗੀ। ਅੰਤ ਵਿੱਚ ਮੁੱਖ ਖੇਤੀਬਾੜੀ ਅਫਸਰ ਲੁਧਿਆਣਾ ਡਾ. ਗੁਰਦੀਪ ਸਿੰਘ ਨੇ ਸੰਯੁਕਤ ਡਾਇਰੈਕਟਰ ਖੇਤੀਬਾੜੀ, (ਇਨਪੁੱਟਸ) ਡਾ. ਗੁਰਨਾਮ ਸਿੰਘ ਭਰੋਸਾ ਦਿਵਾਇਆ ਕਿ ਵਿਭਾਗ ਵੱਲੋਂ ਪ੍ਰਭਾਵਸ਼ਾਲੀ ਅਤੇ ਕੁਸ਼ਲ ਤਰੀਕੇ ਨਾਲ ਕੰਮ ਕੀਤਾ ਜਾਵੇਗਾ ਤਾਂ ਜੋ ਖੇਤੀਬਾੜੀ ਇਨਪੁੱਟਸ ਦੀ ਸੰਯਮਿਤ ਵਰਤੋਂ ਅਤੇ ਕਿਸਾਨਾਂ ਨੂੰ ਉਚਿਤ ਸੇਵਾਵਾਂ ਯਕੀਨੀ ਬਣਾਈਆਂ ਜਾ ਸਕਣ।

# ਵਿਧਾਇਕ ਕੁਲਵੰਤ ਸਿੰਘ ਸਿੱਧੂ ਨੇ ਸ਼ਰਧਾਲੂਆਂ ਦੀ ਭਰੀ ਬੱਸ ਨੂੰ ਹਰੀ ਝੰਡੀ ਦੇ ਕੀਤਾ ਰਵਾਨਾ

**• ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦੁਰਗਿਆਣਾ ਮੰਦਿਰ ਜਾ ਕੇ ਹੋਣਗੇ ਨਤਮਸਤਕ • ਸ਼ਰਧਾਲੂਆਂ ਨੇ ਪੰਜਾਬ ਸਰਕਾਰ ਤੇ ਵਿਧਾਇਕ ਸਿੱਧੂ ਦਾ ਕੀਤਾ ਵਿਸ਼ੇਸ਼ ਧੰਨਵਾਦ**

**ਲੁਧਿਆਣਾ/ਵਾਸੂ ਜੇਤਲੀ**





ਵਿਧਾਨ ਸਭਾ ਹਲਕਾ ਆਤਮ ਨਗਰ ਤੋਂ ਵਿਧਾਇਕ ਕੁਲਵੰਤ ਸਿੰਘ ਸਿੱਧੂ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਲਈ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦੁਰਗਿਆਣਾ ਮੰਦਿਰ, ਵਾਹਗਾ ਬਾਰਡਰ ਅਤੇ ਜਲਿਆਂਵਾਲਾ ਬਾਗ ਨੂੰ ਜਾਣ ਵਾਲੀ ਮੁਫ਼ਤ ਬੱਸ ਸੇਵਾ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਮੌਕੇ ਵਿਧਾਇਕ ਸਿੱਧੂ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਦੂਸਰੇ ਪੜਾਅ ਤਹਿਤ, ਪੰਜਾਬ ਸਰਕਾਰ ਨੇ ਵੱਖ-ਵੱਖ ਧਾਰਮਿਕ ਸਥਾਨਾਂ ਦੀ ਯਾਤਰਾ ਯੋਜਨਾ ਸ਼ੁਰੂ ਕੀਤੀ ਹੈ। ਇਸ ਯੋਜਨਾ ਤਹਿਤ ਸ਼ਰਧਾਲੂਆਂ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ, ਸ੍ਰੀ ਆਨੰਦਪੁਰ ਸਾਹਿਬ ਅਤੇ ਹੋਰ ਧਾਰਮਿਕ ਸਥਾਨਾਂ ਦੇ ਦਰਸ਼ਨ ਦਿਦਾਰੇ ਕਰਵਾਏ ਜਾਣਗੇ। ਵਿਧਾਇਕ ਸਿੱਧੂ ਨੇ ਕਿਹਾ ਕਿ ਪੰਜਾਬ ਗੁਰੂਆਂ, ਪੀਰਾਂ, ਪੈਗੰਬਰਾਂ ਦੀ ਧਰਤੀ ਹੋਣ ਕਰਕੇ ਸੈਂਕੜਿਆਂ ਸਾਲਾਂ ਤੋਂ ਇਸ ਸੂਬੇ ਨੂੰ ਧਾਰਮਿਕ ਆਸਥਾ ਵਾਲਾ ਸੂਬਾ ਹੋਣ ਦਾ ਮਾਣ ਪ੍ਰਾਪਤ ਹੈ। ਉਨ੍ਹਾਂ ਕਿਹਾ ਕਿ ਅਕਸਰ ਬਜ਼ੁਰਗਾਂ ਤੋਂ ਸੁਣਦੇ ਹਾਂ ਕਿ ਜੇਕਰ ਕਿਸੇ ਨੂੰ ਧਾਰਮਿਕ ਅਸਥਾਨ ਦੀ ਯਾਤਰਾ ਕਰਵਾ ਦਿੱਤੀ ਜਾਵੇ ਤਾਂ ਸਵਾ ਮਣ ਸੋਨੇ ਦੇ ਬਰਾਬਰ ਪੁੰਨ ਲੱਗਦਾ ਹੈ। ਪੰਜਾਬ ਸਰਕਾਰ ਵੱਲੋਂ ਬਜ਼ੁਰਗਾਂ ਲਈ ਇਹ ਸੇਵਾ ਸ਼ੁਰੂ ਕਰਕੇ ਆਪਣੀ ਉੱਚੀ-ਸੁੱਚੀ ਤੇ ਨੇਕ ਨੀਤੀ ਦਾ ਸਬੂਤ ਦਿੱਤਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਧਾਰਮਿਕ ਸਥਾਨਾਂ ਦੀ ਯਾਤਰਾ ਦੌਰਾਨ ਰਿਹਾਇਸ਼ ਤੇ ਭੋਜਨ ਦਾ ਸਾਰਾ ਖਰਚ, ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕੀਤਾ ਜਾ ਰਿਹਾ ਹੈ। ਉਨ੍ਹਾਂ ਸਪੱਸ਼ਟ ਕੀਤਾ ਇਸ ਯੋਜਨਾ ਤਹਿਤ ਪੰਜਾਬ ਸਰਕਾਰ ਨੇ ਸ਼ਰਧਾਲੂਆਂ ਦੀ ਸੁਖਾਵੀਂ ਯਾਤਰਾ ਲਈ ਵਿਆਪਕ ਪ੍ਰਬੰਧ ਕੀਤੇ ਹਨ ਜਿਸ ਵਿੱਚ 50 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਸ਼ਰਧਾਲੂਆਂ ਨੂੰ ਯਾਤਰਾ ਲਈ ਰਜਿਸਟਰ ਕੀਤਾ ਗਿਆ, ਰਜਿਸਟ੍ਰੇਸ਼ਨ ਲਈ ਵੋਟਰ ਆਈ.ਡੀ. ਕਾਰਡ ਵੀ ਲਾਜ਼ਮੀ ਕੀਤਾ ਗਿਆ ਹੈ। ਵਿਧਾਇਕ ਸਿੱਧੂ ਨੇ ਦੱਸਿਆ ਕਿ ਸ਼ਰਧਾਲੂਆਂ ਨੂੰ ਏ.ਸੀ ਬੱਸਾਂ, ਠਹਿਰਨ ਲਈ ਚੰਗੇ ਹੋਟਲ ਅਤੇ ਖਾਣਾ ਮੁਫ਼ਤ ਪ੍ਰਦਾਨ ਕੀਤਾ ਜਾਵੇਗਾ। ਇਸ ਤੋਂ ਇਲਾਵਾ ਹਰੇਕ ਬੱਸ ਵਿੱਚ ਯਾਤਰੀਆਂ ਦੇ ਸਹਿਯੋਗ ਲਈ ਇੱਕ ਸਹਾਇਕ ਹੋਵੇਗਾ ਅਤੇ ਕਿਸੇ ਵੀ ਤਰ੍ਹਾਂ ਦੀ ਸਿਹਤ ਸਮੱਸਿਆ ਦੀ ਸੂਰਤ ਵਿੱਚ ਤੁਰੰਤ ਸਹਾਇਤਾ ਪ੍ਰਦਾਨ ਕਰਨ ਲਈ ਇੱਕ ਮੈਡੀਕਲ ਟੀਮ ਦਾ ਵੀ ਪ੍ਰਬੰਧ ਕੀਤਾ ਗਿਆ ਹੈ। ਇਸ ਮੌਕੇ ਸ਼ਰਧਾਲੂਆਂ ਵੱਲੋਂ ਵਿਧਾਇਕ ਕੁਲਵੰਤ ਸਿੰਘ ਸਿੱਧੂ ਅਤੇ ਪੰਜਾਬ ਸਰਕਾਰ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਬੱਚਿਆਂ ਦੇ ਰੁਝੇਵਿਆਂ ਤੇ ਹੋਰ ਪਰਿਵਾਰਕ ਜ਼ਿੰਮੇਵਾਰੀਆਂ ਕਾਰਨ ਉਹ ਧਾਰਮਿਕ ਯਾਤਰਾ ਕਰਨ ਤੋਂ ਅਸਮਰੱਥ ਸਨ, ਪਰ ਸੂਬਾ ਸਰਕਾਰ ਨੇ ਉਨ੍ਹਾਂ ਦੀ ਇਹ ਰੀਝ ਵੀ ਪੂਰੀ ਕਰ ਦਿੱਤੀ ਹੈ।

# ਕਬੱਡੀ ਚੈਂਪੀਅਨਸ਼ਿਪ ਦੌਰਾਨ ਰਾਣਾ ਗੁਰਜੀਤ ਸਿੰਘ ਦਾ ਸ਼ਾਨਦਾਰ ਸਨਮਾਨ



**ਕਪੂਰਥਲਾ** : ਕਾਂਗਰਸ ਵਿਧਾਇਕ ਰਾਣਾ ਗੁਰਜੀਤ ਸਿੰਘ ਵੱਲੋਂ ਇਥੇ ਵਿਖੇ ਆਯੋਜਿਤ ਕਬੱਡੀ ਚੈਂਪੀਅਨਸ਼ਿਪ ਦੌਰਾਨ ਦੁਆਬਾ ਸਪੋਰਟਸ ਕਲੱਬ ਵੱਲੋਂ ਖੇਡਾਂ ਦੇ ਖੇਤਰ ਵਿੱਚ ਉਨ੍ਹਾਂ ਦੇ ਵਡਮੁੱਲੇ ਯੋਗਦਾਨ ਅਤੇ ਖਿਡਾਰੀਆਂ ਪ੍ਰਤੀ ਸਹਿਯੋਗੀ ਸੋਚ ਲਈ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਰਾਣਾ ਗੁਰਜੀਤ ਸਿੰਘ ਨੇ ਦੁਆਬਾ ਸਪੋਰਟਸ ਕਲੱਬ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਦੀ ਰੂਹ ਵਿੱਚ ਵਸੀ ਕਬੱਡੀ ਵਰਗੀ ਖੇਡ ਨੂੰ ਉੱਚਾਈਆਂ 'ਤੇ ਲਿਜਾਣਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦੇ ਨਾਲ-ਨਾਲ ਅਨੁਸ਼ਾਸਨ, ਸਿਹਤਮੰਦ ਜੀਵਨ ਅਤੇ ਰਾਸ਼ਟਰੀ ਪੱਧਰ 'ਤੇ ਪੰਜਾਬ ਦੀ ਪਹਿਚਾਣ ਮਜ਼ਬੂਤ ਕਰਦੀਆਂ ਹਨ। ਰਾਣਾ ਗੁਰਜੀਤ ਸਿੰਘ ਨੇ ਇਸ ਮੌਕੇ ਖੇਡ ਪ੍ਰੇਮੀਆਂ ਅਤੇ ਨੌਜਵਾਨਾਂ ਲਈ ਇੱਕ ਵੱਡਾ ਐਲਾਨ ਕਰਦਿਆਂ ਕਿਹਾ ਕਿ ਸਾਲ 2027 ਵਿੱਚ ਹੋਣ ਵਾਲੀ ਕਬੱਡੀ ਚੈਂਪੀਅਨਸ਼ਿਪ ਦੌਰਾਨ ਪ੍ਰਸਿੱਧ ਗਾਇਕਾਂ ਦਾ ਸ਼ਾਨਦਾਰ ਅਖਾੜਾ ਉਨ੍ਹਾਂ ਵੱਲੋਂ ਲਗਵਾਇਆ ਜਾਵੇਗਾ, ਤਾਂ ਜੋ ਖੇਡਾਂ ਦੇ ਨਾਲ-ਨਾਲ ਸੱਭਿਆਚਾਰਕ ਰੰਗ ਵੀ ਮਾਣਿਆ ਜਾ ਸਕੇ। ਉਨ੍ਹਾਂ ਨੇ ਕਿਹਾ ਕਿ ਕਪੂਰਥਲਾ ਦੀ ਧਰਤੀ ਸਦਾ ਹੀ ਖੇਡਾਂ ਅਤੇ ਕਲਾਕਾਰੀਆਂ ਦੀ ਜਨਮ ਭੂਮੀ ਰਹੀ ਹੈ ਅਤੇ ਭਵਿੱਖ ਵਿੱਚ ਵੀ ਖੇਡਾਂ ਦੇ ਉਤਸ਼ਾਹ ਲਈ ਹਰ ਸੰਭਵ ਯਤਨ ਕੀਤਾ ਜਾਂਦਾ ਰਹੇਗਾ।

# ਖੇਤੀਬਾੜੀ ਨੂੰ ਲਾਭਦਾਇਕ ਬਣਾਏ ਬਿਨਾ ਪੇਂਡੂ ਖੁਸ਼ਹਾਲੀ ਅਸੰਭਵ : ਸੈਣੀ

## ਹਰਿਆਣਾ ਵਿੱਚ ਤਰਜੀਹੀ ਖੇਤਰ ਕਰਜ਼ਾ ਦੇਣ ਦੀ ਸੰਭਾਵਨਾ 3.67 ਲੱਖ ਕਰੋੜ ਤੱਕ ਪਹੁੰਚ ਗਈ, ਨਾਬਾਰਡ ਨੇ ਸਟੇਟ ਫੋਕਸ ਪੇਪਰ ਜਾਰੀ ਕੀਤਾ

**ਚੰਡੀਗੜ੍ਹ/ਬਿਊਰੋ**

ਨਾਬਾਰਡ ਦੁਆਰਾ ਆਯੋਜਿਤ ਰਾਜ ਪੱਧਰੀ ਕ੍ਰੈਡਿਟ ਸੈਮੀਨਾਰ ਨੂੰ ਸੰਬੋਧਨ ਕਰਦੇ ਹੋਏ, ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਨੇ ਦੇਸ਼ ਦੀ ਖ਼ੁਰਾਕ ਸੁਰੱਖਿਆ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਬਦਲਦੇ ਸਮੇਂ ਦੇ ਨਾਲ, ਖੇਤੀਬਾੜੀ ਅਤੇ ਪੇਂਡੂ ਅਰਥਵਿਵਸਥਾ ਨੂੰ ਕਈ ਨਵੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਪਿਆ ਹੈ, ਜਿਨ੍ਹਾਂ ਵਿੱਚ ਭੂਮੀਗਤ ਪਾਣੀ ਦੇ ਪੱਧਰ ਵਿੱਚ ਗਿਰਾਵਟ, ਮਿੱਟੀ ਦੀ ਸਿਹਤ ਵਿੱਚ ਵਿਗੜਦੀ ਗਿਰਾਵਟ, ਜਲਵਾਯੂ ਪਰਿਵਰਤਨ ਅਤੇ ਵਧਦੀ ਉਤਪਾਦਨ ਲਾਗਤ ਸ਼ਾਮਲ ਹਨ। ਇਨ੍ਹਾਂ ਚੁਣੌਤੀਆਂ ਨੂੰ ਰਵਾਇਤੀ ਤਰੀਕਿਆਂ ਨਾਲ ਨਹੀਂ, ਸਗੋਂ ਨਵੀਨਤਾ, ਤਕਨਾਲੋਜੀ ਅਤੇ ਸੰਸਥਾਗਤ ਵਿੱਤੀ ਸਹਾਇਤਾ ਰਾਹੀਂ ਹੱਲ ਕੀਤਾ ਜਾ ਸਕਦਾ ਹੈ। ਇਸ ਮੌਕੇ 'ਤੇ ਮੁੱਖ ਮੰਤਰੀ ਨੇ ਨਾਬਾਰਡ ਦੁਆਰਾ ਤਿਆਰ ਕੀਤਾ ਗਿਆ ਸਾਲ 2026-27 ਲਈ ਸਟੇਟ ਫੋਕਸ ਪੇਪਰ ਵੀ ਜਾਰੀ ਕੀਤਾ। ਹਰਿਆਣਾ ਦੇ ਤਰਜੀਹੀ ਖੇਤਰ ਕਰਜ਼ਾ ਦੇਣ ਦੀ ਸੰਭਾਵਨਾ 367,000 ਕਰੋੜ ਰੁਪਏ ਤੋਂ ਵੱਧ ਹੋਣ ਦਾ ਅਨੁਮਾਨ ਹੈ, ਜੋ ਪਿਛਲੇ ਸਾਲ ਦੇ ਮੁਕਾਬਲੇ ਲਗਭਗ 17 ਪ੍ਰਤੀਸ਼ਤ ਦਾ ਵਾਧਾ ਦਰਸਾਉਂਦਾ



ਹੈ। ਇਸ ਮੌਕੇ 'ਤੇ, ਮੁੱਖ ਮੰਤਰੀ ਨੇ ਕਈ ਕਮੇਟੀਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਕੰਮ ਲਈ ਸਨਮਾਨਿਤ ਵੀ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਖੇਤੀਬਾੜੀ ਨੂੰ ਲਾਭਦਾਇਕ ਬਣਾਏ ਬਿਨਾਂ ਪੇਂਡੂ ਖੁਸ਼ਹਾਲੀ ਅਸੰਭਵ ਹੈ। ਇਸ ਲਈ, ਸਾਨੂੰ 'ਘੱਟ ਜ਼ਮੀਨ ਤੋਂ ਵਧੇਰੇ ਉਤਪਾਦਨ' ਅਤੇ 'ਪਰ ਡਰੌਪ ਮੋਰ ਕਰੋਪ' ਦੇ ਮੰਤਰ ਨੂੰ ਲਾਗੂ ਕਰਨਾ ਚਾਹੀਦਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਬੁਨਿਆਦੀ ਢਾਂਚਾ ਪੇਂਡੂ ਵਿਕਾਸ ਲਈ ਉਨਾ ਹੀ ਜ਼ਰੂਰੀ ਹੈ ਜਿੰਨਾ ਕਿ ਕਰਜ਼ੇ ਤੱਕ ਪਹੁੰਚ। ਮੁੱਖ ਮੰਤਰੀ ਨੇ ਬੈਂਕਾਂ ਨੂੰ ਅਪੀਲ ਕੀਤੀ ਕਿ ਉਹ ਹਰੇਕ ਯੋਗ ਕਿਸਾਨ ਨੂੰ ਸਮੇਂ ਸਿਰ, ਸਰਲ ਅਤੇ ਪਾਰਦਰਸ਼ੀ ਕਰਜ਼ਾ ਪ੍ਰਦਾਨ ਕਰਨ ਤਾਂ ਜੋ ਸਾਡੇ ਭੋਜਨ ਪ੍ਰਦਾਤਾ ਵਿਚੋਲਿਆਂ ਦੇ ਚੁੰਗਲ ਤੋਂ ਮੁਕਤ ਹੋ ਕੇ ਸਵੈ-ਨਿਰਭਰ ਬਣ ਸਕਣ। ਨਾਬਾਰਡ ਇਸ ਯਤਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਹੈ। ਨਾਬਾਰਡ ਖੇਤੀਬਾੜੀ ਅਤੇ ਪੇਂਡੂ ਬੁਨਿਆਦੀ ਢਾਂਚੇ ਦੇ ਵਿਕਾਸ ਦਾ ਲਗਾਤਾਰ ਸਮਰਥਨ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਸਰਕਾਰ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ 'ਸਹਕਾਰ ਸੇ ਸ੍ਰਿਮਿੱਧੀ' ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਲਈ ਲਗਾਤਾਰ ਕਈ ਕਦਮ ਚੁੱਕ ਰਹੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਰਾਜ ਵਿੱਚ 'ਮੇਰੀ ਫਸਲ ਮੇਰਾ ਬਿਓਰਾ' ਪੋਰਟਲ ਰਾਹੀਂ ਕਿਸਾਨਾਂ ਦੀ ਖੇਤੀਬਾੜੀ ਬਾਰੇ ਜਾਣਕਾਰੀ ਅਪਲੋਡ ਕੀਤੀ ਗਈ। ਮੰਗ ਅਨੁਸਾਰ ਕਿਸਾਨਾਂ ਨੂੰ ਖਾਦਾਂ ਦੀ ਉਪਲਬਧਤਾ ਯਕੀਨੀ ਬਣਾਈ ਗਈ। ਖਾਦਾਂ ਦੀ ਕਾਲਾਬਾਜ਼ਾਰੀ ਬੰਦ ਹੋ ਗਈ, ਅਤੇ ਸਬਸਿਡੀ ਵਿੱਚ ਲਗਭਗ 700 ਕਰੋੜ ਰੁਪਏ ਦੀ ਬਚਤ ਵੀ ਹੋਈ। ਇਸ ਮੌਕੇ, ਨਾਬਾਰਡ ਦੀ ਮੁੱਖ ਜਨਰਲ ਮੈਨੇਜਰ, ਨਿਵੇਦਿਤਾ ਤਿਵਾਰੀ ਨੇ ਮੁੱਖ ਮੰਤਰੀ ਅਤੇ ਹੋਰ ਮਹਿਮਾਨਾਂ ਦਾ ਸਵਾਗਤ ਕਰਦੇ ਹੋਏ, ਨਾਬਾਰਡ ਦੀ ਰਿਪੋਰਟ ਵਿਸਥਾਰ ਨਾਲ ਪੇਸ਼ ਕੀਤੀ। ਉਨ੍ਹਾਂ ਕਿਹਾ ਕਿ ਪੇਂਡੂ ਬੁਨਿਆਦੀ ਢਾਂਚਾ ਵਿਕਾਸ ਲਈ ਪੇਂਡੂ ਬੁਨਿਆਦੀ ਢਾਂਚਾ ਵਿਕਾਸ ਫੰਡ ਦੇ ਤਹਿਤ ਹੁਣ ਤੱਕ 18,393 ਕਰੋੜ ਰੁਪਏ ਮਨਜ਼ੂਰ ਕੀਤੇ ਗਏ ਹਨ, ਜਿਸ ਵਿੱਚੋਂ 14,066 ਕਰੋੜ ਰੁਪਏ ਜਾਰੀ ਕੀਤੇ ਗਏ ਹਨ। ਇਸ ਮੌਕੇ ਏਸੀਐੱਸ ਅਨੁਰਾਗ ਅਗਰਵਾਲ, ਕਮਿਸ਼ਨਰ ਅਤੇ ਸਕੱਤਰ ਸੀ ਜੀ ਰਜਨੀਕਾਂਥਨ, ਕ੍ਰਿਸ਼ਨਾ ਸ਼ਰਮਾ ਸਮੇਤ ਬੈਂਕ ਪ੍ਰਤੀਨਿਧੀ, ਅਧਿਕਾਰੀ ਆਦਿ ਮੌਜੂਦ ਸਨ।

# ਖਾਲਸਾ ਯੂਨੀਵਰਸਿਟੀ ਦੀ ਵਿਦਿਆਰਥਣ ਨੇ 'ਵਿਕਸਿਤ ਭਾਰਤ ਯੰਗ ਲੀਡਰਜ਼ ਡਾਇਲਾਗ-2026' 'ਚ ਕੀਤੀ ਨੁਮਾਇੰਦਗੀ

**ਅੰਮ੍ਰਿਤਸਰ** : ਖਾਲਸਾ ਯੂਨੀਵਰਸਿਟੀ ਅਧੀਨ ਬੀ. ਕਾਮ ਦੀ ਵਿਦਿਆਰਥਣ ਨੇ ਨਵੀਂ ਦਿੱਲੀ ਦੇ ਭਾਰਤ ਮੰਡਪਮ 'ਚ ਆਯੋਜਿਤ ਵੱਕਾਰੀ 'ਵਿਕਸਿਤ ਭਾਰਤ ਯੰਗ ਲੀਡਰਜ਼ ਡਾਇਲਾਗ-2026' 'ਚ ਨੁਮਾਇੰਦਗੀ ਕਰਕੇ ਸੰਸਥਾ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਇਸ ਸਬੰਧੀ ਖਾਲਸਾ ਯੂਨੀਵਰਸਿਟੀ ਦੇ ਉੱਪ ਕੁਲਪਤੀ ਡਾ. ਮਹਿਲ ਸਿੰਘ ਅਤੇ ਅਕਾਦਮਿਕ ਡੀਨ ਡਾ. ਸੁਰਿੰਦਰ ਕੌਰ ਨੇ ਉਕਤ ਵਿਦਿਆਰਥਣ ਸ਼੍ਰਨਿਆ ਅਰੋੜਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਉਪਲਬਧੀ ਯੂਨੀਵਰਸਿਟੀ ਦੀ ਵਿਦਿਆਰਥੀਆਂ ਦੇ ਸੰਪੂਰਨ ਵਿਕਾਸ ਅਤੇ ਉੱਤਮਤਾ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ 'ਵਿਕਸਿਤ ਭਾਰਤ ਯੰਗ ਲੀਡਰਜ਼ ਡਾਇਲਾਗ-2026' ਇਕ ਮਹੱਤਵਪੂਰਨ ਰਾਸ਼ਟਰੀ ਮੰਚ ਹੈ, ਜਿਸਦਾ ਉਦੇਸ਼ ਦੇਸ਼ ਦੇ ਨੌਜਵਾਨਾਂ ਨੂੰ ਅਗਵਾਈ, ਸ਼ਾਸਨ ਪ੍ਰਬੰਧ, ਨਵੀਨਤਾ ਅਤੇ ਸਮਾਵੇਸ਼ੀ ਵਿਕਾਸ ਵਰਗੇ ਵਿਸ਼ਿਆਂ 'ਤੇ ਅਰਥਪੂਰਨ ਚਰਚਾ 'ਚ ਸ਼ਾਮਿਲ ਕਰਨਾ ਹੈ ਤਾਂ ਜੋ ਇਕ ਪ੍ਰਗਤੀਸ਼ੀਲ ਅਤੇ ਆਤਮਨਿਰਭਰ ਭਾਰਤ ਦੀ ਰਚਨਾ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਸਮਾਗਮ 'ਚ ਦੇਸ਼ ਭਰ ਤੋਂ ਪ੍ਰਮੁੱਖ ਨੀਤੀ-ਨਿਰਧਾਰਕ, ਵਿਦਵਾਨ, ਉਦਯੋਗ ਜਗਤ ਦੇ ਨੇਤਾਵਾਂ ਅਤੇ ਨੌਜਵਾਨ ਪ੍ਰਤੀਨਿਧੀਆਂ ਨੇ ਹਿੱਸਾ ਲਿਆ। ਇਸ ਮੌਕੇ ਡਾ. ਸੁਰਿੰਦਰ ਕੌਰ ਨੇ ਵਿਦਿਆਰਥਣ ਦੀਆਂ ਉਪਲਬਧੀਆਂ



ਸਬੰਧੀ ਜ਼ਿਕਰ ਕਰਦਿਆਂ ਕਿਹਾ ਕਿ ਸ਼੍ਰਨਿਆ ਅਰੋੜਾ ਨੇ ਯੁਵਾ ਲੀਡਰਸ਼ਿਪ, ਰਾਸ਼ਟਰ ਨਿਰਮਾਣ, ਟਿਕਾਊ ਵਿਕਾਸ ਅਤੇ ਭਾਰਤ ਦੇ ਭਵਿੱਖ ਨੂੰ ਆਕਾਰ ਦੇਣ 'ਚ ਨੌਜਵਾਨਾਂ ਦੀ ਭੂਮਿਕਾ 'ਤੇ ਕੇਂਦ੍ਰਿਤ ਵੱਖ-ਵੱਖ ਸੈਸ਼ਨਾਂ ਅਤੇ ਵਿਚਾਰ-ਵਟਾਂਦਰੇ 'ਚ ਸਰਗਰਮੀ ਨਾਲ ਹਿੱਸਾ ਲਿਆ ਹੈ। ਉਨ੍ਹਾਂ ਕਿਹਾ ਕਿ ਵਿਦਿਆਰਣ ਦੀ ਭਾਗੀਦਾਰੀ ਖਾਲਸਾ ਯੂਨੀਵਰਸਿਟੀ ਵੱਲੋਂ ਪ੍ਰਦਾਨ ਕੀਤੇ ਜਾ ਰਹੇ ਅਕਾਦਮਿਕ ਉੱਤਮਤਾ ਅਤੇ ਨੇਤ੍ਰਿਤਵ-ਕੇਂਦ੍ਰਿਤ ਮਾਹੌਲ ਨੂੰ ਦਰਸਾਉਂਦੀ ਹੈ।

# ਮੇਅਰ ਪ੍ਰਿੰ. ਇੰਦਰਜੀਤ ਕੌਰ ਵੱਲੋਂ ਰਾਈਡ ਇੰਡੀਆ ਵਿਖੇ ਕੁਲਾਰ ਇੰਟਰਨੈਸ਼ਨਲ ਦੇ ਸਟਾਲ ਦਾ ਉਦਘਾਟਨ

ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲੀ**

ਕੁਲਰ ਇੰਟਰਨੈਸ਼ਨਲ ਦੇ ਸਟਾਲ ਦਾ ਉਦਘਾਟਨ ਲੁਧਿਆਣਾ ਦੇ ਮਾਣਯੋਗ ਮੇਅਰ, ਪ੍ਰਿੰਸੀਪਲ ਇੰਦਰਜੀਤ ਕੌਰ ਨੇ ਸ. ਪਰਮਪਾਲ ਸਿੰਘ ਬਾਵਾ, ਚੇਅਰਪਰਸਨ, ਜ਼ਿਲ੍ਹਾ ਵਪਾਰੀ ਕਮਿਸ਼ਨ, ਆਬਕਾਰੀ ਅਤੇ ਕਰ ਵਿਭਾਗ; ਸ਼੍ਰੀ ਕੇ.ਕੇ. ਸੇਠ, ਚੇਅਰਮੈਨ, ਫਿਕੋ; ਸ਼੍ਰੀ ਜਤਿੰਦਰ ਮਿੱਤਲ, ਚੇਅਰਮੈਨ, ਯੂਸੀਪੀਐਮਏ; ਸ. ਅਵਤਾਰ ਸਿੰਘ ਭੋਗਲ, ਕਨਵੀਨਰ, ਯੂਸੀਪੀਐਮਏ; ਸ. ਸਤਨਾਮ ਸਿੰਘ ਮੱਕੜ, ਪ੍ਰਧਾਨ, ਢੰਡਾਰੀ ਇੰਡਸਟਰੀਅਲ ਵੈਲਫੇਅਰ ਐਸੋਸੀਏਸ਼ਨ; ਅਤੇ ਸ਼੍ਰੀ ਰਾਜਿੰਦਰ ਜਿੰਦਲ, ਚੇਅਰਮੈਨ, ਜਿੰਦਲ ਫਾਈਨ ਇੰਡਸਟਰੀਜ਼ ਦੀ ਹਾਜ਼ਰੀ ਵਿੱਚ ਕੀਤਾ। ਇਸ ਮੌਕੇ 'ਤੇ, ਸ਼੍ਰੀ ਗੁਰਮੀਤ ਸਿੰਘ ਕੁਲਾਰ ਨੇ ਪ੍ਰਿੰਸੀਪਲ ਇੰਦਰਜੀਤ ਕੌਰ, ਮੇਅਰ, ਲੁਧਿਆਣਾ ਦਾ ਫੁੱਲਾਂ ਦਾ ਗੁਲਦਸਤਾ ਭੇਂਟ ਕਰਕੇ ਨਿੱਘਾ ਸਵਾਗਤ ਕੀਤਾ। ਕੁਲਾਰ ਇੰਟਰਨੈਸ਼ਨਲ ਸਾਈਕਲ ਰਿਮ ਅਤੇ ਸਾਈਕਲ ਮਡਗਾਰਡ ਦਾ ਇੱਕ ਮਸ਼ਹੂਰ ਨਿਰਮਾਤਾ, ਸਪਲਾਇਰ ਅਤੇ ਨਿਰਯਾਤਕ ਹੈ। ਸਾਈਕਲ ਕੰਪੋਨੈਂਟ ਇੰਡਸਟਰੀ ਵਿੱਚ ਇੱਕ ਮੋਹਰੀ, ਕੰਪਨੀ ਯੋਗ ਇੰਜੀਨੀਅਰਾਂ ਅਤੇ ਟੈਕਨੀਸ਼ੀਅਨਾਂ ਦੀ ਸਖ਼ਤ ਨਿਗਰਾਨੀ ਹੇਠ ਸਾਈਕਲ ਰਿਮ ਅਤੇ ਮਡਗਾਰਡ ਦੀ ਇੱਕ ਵਿਸ਼ਾਲ ਸ਼੍ਰੇਣੀ ਡਿਜ਼ਾਈਨ




ਅਤੇ ਨਿਰਮਾਣ ਕਰਦੀ ਹੈ। ਉੱਚ-ਗੁਣਵੱਤਾ ਵਾਲੇ ਕੱਚੇ ਮਾਲ ਦੀ ਵਰਤੋਂ ਇਹ ਯਕੀਨੀ ਬਣਾਉਣ ਲਈ ਕੀਤੀ ਜਾਂਦੀ ਹੈ ਕਿ ਉਤਪਾਦ ਅਯਾਮੀ ਤੌਰ 'ਤੇ ਸਹੀ, ਟਿਕਾਊ, ਖੋਰ-ਰੋਧਕ, ਅਤੇ ਸਥਾਪਤ ਕਰਨ ਵਿੱਚ ਆਸਾਨ ਹੋਣ। ਵਿਭਿੰਨ ਬਾਜ਼ਾਰ ਜ਼ਰੂਰਤਾਂ ਨੂੰ ਪੂਰਾ ਕਰਦੇ ਹੋਏ, ਕੰਪਨੀ ਵੱਖ-ਵੱਖ ਆਕਾਰਾਂ, ਆਕਾਰਾਂ ਅਤੇ ਵਿਸ਼ੇਸ਼ਤਾਵਾਂ ਵਿੱਚ ਉਤਪਾਦ ਪੇਸ਼ ਕਰਦੀ ਹੈ, ਜੋ ਵਧੀਆ ਫਿਨਿਸ਼ਿੰਗ, ਤਾਕਤ ਅਤੇ ਭਰੋਸੇਯੋਗਤਾ ਲਈ ਜਾਣੀ ਜਾਂਦੀ ਹੈ। ਰਾਈਡਇੰਡੀਆ ਇੱਕ ਪ੍ਰਮੁੱਖ ਬੀ2ਬੀ ਪ੍ਰਦਰਸ਼ਨੀ ਹੈ ਜਿਸਦਾ ਉਦੇਸ਼ ਡੀਲਰਾਂ, ਵਿਤਰਕਾਂ, ਆਯਾਤਕਾਂ ਅਤੇ ਉੱਦਮੀਆਂ ਨੂੰ ਆਕਰਸ਼ਿਤ ਕਰਨਾ ਹੈ ਜੋ ਸਾਈਕਲਾਂ, ਸਾਈਕਲ ਪੁਰਜ਼ਿਆਂ ਅਤੇ ਖਿਡੌਣਿਆਂ ਵਿੱਚ ਨਵੇਂ ਵਪਾਰਕ ਮੌਕੇ ਭਾਲ ਰਹੇ ਹਨ। ਇਹ ਪ੍ਰੋਗਰਾਮ ਸਾਈਕਲਿੰਗ, ਬਾਹਰੀ ਖੇਡਾਂ ਅਤੇ ਨਵੀਨਤਮ ਉਤਪਾਦਾਂ ਅਤੇ ਸੇਵਾਵਾਂ ਪ੍ਰਤੀ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਲਈ ਬੀ2ਬੀ ਹਿੱਸੇ ਲਈ ਵੀ ਖੁੱਲ੍ਹਾ ਹੈ। ਤੇਜ਼ੀ ਨਾਲ ਵਿਕਸਤ ਹੋ ਰਹੀਆਂ ਤਕਨਾਲੋਜੀਆਂ ਅਤੇ ਵਿਸ਼ਵਵਿਆਪੀ ਬਾਜ਼ਾਰ ਦੀਆਂ ਮੰਗਾਂ ਦੇ ਨਾਲ ਤਾਲਮੇਲ ਰੱਖਦੇ ਹੋਏ, ਰਾਈਡਇੰਡੀਆ ਪ੍ਰਦਰਸ਼ਕਾਂ ਨੂੰ ਨਵੀਨਤਾਵਾਂ ਦਾ ਪ੍ਰਦਰਸ਼ਨ ਕਰਨ ਅਤੇ ਕੀਮਤੀ ਖਪਤਕਾਰ ਫੀਡਬੈਕ ਇਕੱਠਾ ਕਰਨ ਦਾ ਮੌਕਾ ਪ੍ਰਦਾਨ ਕਰਦਾ ਹੈ। ਰਾਈਡਇੰਡੀਆ 6 ਤੋਂ 8 ਫਰਵਰੀ 2026 ਤੱਕ ਲੁਧਿਆਣਾ ਪ੍ਰਦਰਸ਼ਨੀ ਕੇਂਦਰ, ਜੀ.ਟੀ. ਰੋਡ, ਸਾਹਨੇਵਾਲ, ਲੁਧਿਆਣਾ, ਪੰਜਾਬ ਵਿਖੇ ਆਯੋਜਿਤ ਕੀਤਾ ਜਾ ਰਿਹਾ ਹੈ।

# ਜੀਜੀਐਨ ਖਾਲਸਾ ਕਾਲਜ ਵਿਖੇ ਕੇਂਦਰੀ ਬਜਟ 'ਤੇ ਐਕਸਟੈਨਸ਼ਨ ਲੈਕਚਰ ਕਰਵਾਇਆ

ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲੀ**



ਜੀਜੀਐਨ ਖਾਲਸਾ ਕਾਲਜ, ਲੁਧਿਆਣਾ ਦੇ ਪੀਜੀ ਕਾਮਰਸ ਵਿਭਾਗ ਨੇ ਕੇਂਦਰੀ ਬਜਟ 2026-27 'ਤੇ ਇੱਕ ਐਕਸਟੈਂਸ਼ਨ ਲੈਕਚਰ ਦਾ ਆਯੋਜਨ ਕੀਤਾ, ਜਿਸਦਾ ਉਦੇਸ਼ ਵਿਦਿਆਰਥੀਆਂ ਨੂੰ ਵੱਖ-ਵੱਖ ਟੈਕਸ ਸਲੈਬਾਂ, ਸਰਕਾਰੀ ਵਿੱਤੀ ਨੀਤੀਆਂ ਅਤੇ ਆਰਥਿਕ ਰੋਡਮੈਪ ਬਾਰੇ ਸਮਝ ਵਧਾਉਣਾ ਸੀ। ਇਸ ਲੈਕਚਰ ਲਈ ਸੀਏ ਸ਼ਿਖਾ ਮੱਕੜ ਨੂੰ ਸੱਦਾ ਦਿੱਤਾ ਗਿਆ ਸੀ ਜਿਨ੍ਹਾਂ ਨੇ ਬਜਟ ਦੇ ਵੱਖ-ਵੱਖ ਖੇਤਰਾਂ 'ਤੇ ਪ੍ਰਭਾਵ, ਬੁਨਿਆਦੀ ਢਾਂਚੇ, ਪੂੰਜੀ ਖਰਚ ਅਤੇ ਟਿਕਾਊ ਵਿਕਾਸ 'ਤੇ ਬਜਟ ਦੇ ਜ਼ੋਰ ਦਾ ਵਿਸ਼ਲੇਸ਼ਣ ਪ੍ਰਦਾਨ ਕੀਤਾ। ਡਾ. ਦੀਪਕ ਵਾਲੀਆ, ਮੁਖੀ ਪੀਜੀ ਕਾਮਰਸ ਵਿਭਾਗ ਨੇ ਅੱਜ ਦੇ ਸਰੋਤ ਵਿਅਕਤੀ ਦਾ ਨਿੱਘਾ ਸਵਾਗਤ ਕੀਤਾ। ਡਾ. ਐਸ.ਪੀ. ਸਿੰਘ, ਸਾਬਕਾ ਵਾਈਸ ਚਾਂਸਲਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਅਤੇ ਪ੍ਰਧਾਨ ਗੁਜਰਾਂਵਾਲਾ ਖਾਲਸਾ ਐਜੂਕੇਸ਼ਨਲ ਕੌਂਸਲ, ਪ੍ਰਿੰਸੀਪਲ ਪ੍ਰੋ. ਆਰ.ਕੇ. ਮਲਹੋਤਰਾ ਨੇ ਲੈਕਚਰ ਦੀ ਸ਼ਲਾਘਾ ਕੀਤੀ ਅਤੇ ਅਜਿਹੇ ਮੌਕੇ ਪੈਦਾ ਕਰਨ ਲਈ ਆਪਣੇ ਵਿਚਾਰ ਪ੍ਰਗਟ ਕੀਤੇ ਜਿੱਥੇ ਵਿਦਿਆਰਥੀ ਆਪਣੇ ਮੌਜੂਦਾ ਗਿਆਨ ਨੂੰ ਵਧਾ ਸਕਦੇ ਹਨ। ਲੈਕਚਰ ਇੱਕ ਇੰਟਰਐਕਟਿਵ ਸਵਾਲ-ਜਵਾਬ ਸੈਸ਼ਨ ਨਾਲ ਸਮਾਪਤ ਹੋਇਆ, ਜਿਸ ਨਾਲ ਵਿਦਿਆਰਥੀਆਂ ਨੂੰ ਬਜਟ ਅਪਡੇਟਸ ਅਤੇ ਇਸਦੇ ਪ੍ਰਭਾਵ ਦੀ ਡੂੰਘੀ ਸਮਝ ਪ੍ਰਦਾਨ ਹੋਈ। ਐਕਸਟੈਂਸ਼ਨ ਲੈਕਚਰ ਦੇ ਅੰਤ 'ਤੇ ਡਾ. ਮੁਨੀਸ਼ਾ, ਸਹਾਇਕ ਪ੍ਰੋਫੈਸਰ, ਕਾਮਰਸ ਵਿਭਾਗ ਦੁਆਰਾ ਰਸਮੀ ਧੰਨਵਾਦ ਕੀਤਾ ਗਿਆ।

# ਹੀਰਾ ਮਹਿਲ ਨਾਭਾ ਵਿਖੇ ਮਹਾਰਾਜਾ ਰਿਪੁਦਮਨ ਸਿੰਘ ਦੇ ਪੜ-ਪੜਪੋਤੇ ਕੁੰਵਰ ਅਭੀ ਉਦੇ ਪ੍ਰਤਾਪ ਸਿੰਘ ਦੀ ਦਸਤਾਰਬੰਦੀ ਦੀ ਬਾਵਾ ਤੇ ਲਾਪਰਾਂ ਨੇ ਦਿੱਤੀ ਵਧਾਈ

ਜ਼ਿਕਰ ਪੰਜਾਬ

**ਮੁੱਲਾਂਪੁਰ ਦਾਖਾ/ਬਿਊਰੋ**



ਹੀਰਾ ਮਹਿਲ ਨਾਭਾ ਵਿਖੇ ਮਹਾਰਾਜ ਰਿਪੁਦਮਨ ਸਿੰਘ ਦੇ ਪੜ-ਪੜ ਪੋਤਰੇ ਕੁੰਵਰ ਅਭੀ ਉਦੇ ਪ੍ਰਤਾਪ ਸਿੰਘ ਨੂੰ ਪਿਛਲੇ ਦਿਨੀ ਮਹਿਲ ਵਿੱਚ ਸ਼ਾਨੋ ਸ਼ੌਕਤ ਨਾਲ ਸ਼ਾਹੀ ਰਸਮ ਨਿਭਾਉਂਦੇ ਹੋਏ ਹਾਥੀ ਘੋੜਿਆਂ ਦੀ ਸਵਾਰੀ ਕਰਕੇ ਦਸਤਾਰਬੰਦੀ ਦੀ ਰਸਮ ਅਦਾ ਕੀਤੀ ਗਈ। ਇਸ ਸ਼ੁਭ ਸ਼ਗਨ 'ਤੇ ਅੱਜ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਦੇ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ, ਸਰਪ੍ਰਸਤ ਗੁਰਦੇਵ ਸਿੰਘ ਲਾਪਰਾਂ, ਅਮਰਜੀਤ ਸਿੰਘ ਟਿੱਕਾ ਅਤੇ ਬੈਰਾਗੀ ਮਹਾਮੰਡਲ ਪੰਜਾਬ ਦੇ ਅਹੁਦੇਦਾਰ ਜਗਦੀਸ਼ ਬਾਵਾ, ਮੋਹਣ ਬਾਵਾ, ਅਰਜੁਨ ਬਾਵਾ ਅਤੇ ਕੇਵਲ ਬਾਵਾ ਧਰੋਕੀ ਨੇ ਮਿਲ ਕੇ ਸ਼ਾਹੀ ਪਰਿਵਾਰ ਦੀ ਰਾਣੀ ਪ੍ਰੀਤੀ ਸਿੰਘ ਨੂੰ ਬਾਬਾ ਬੰਦਾ ਸਿੰਘ ਬਹਾਦਰ ਜੀ ਦਾ ਚਿੱਤਰ, ਸ਼ਾਲ, ਮੈਡਲ ਅਤੇ ਭਾਰਤ ਦੇ ਪ੍ਰਸਿੱਧ ਕਵੀ ਰਵਿੰਦਰ ਨਾਥ ਟੈਗੋਰ ਦੀ ਬਾਬਾ ਬੰਦਾ ਸਿੰਘ ਬਹਾਦਰ ਦੀ ਸੂਰਬੀਰਤਾ 'ਤੇ ਉਕਰੀ ਕਵਿਤਾ ਭੇਂਟ ਕੀਤੀ ਜਦਕਿ ਬਾਵਾ ਨੇ ਕੁੰਵਰ ਅਭੀ ਉਦੇ ਪ੍ਰਤਾਪ ਸਿੰਘ ਦਾ ਲੋਹੜੀ ਮੇਲੇ ਦੇ ਗੁੜ ਨਾਲ ਮੂੰਹ ਮਿੱਠਾ ਕਰਵਾਇਆ। ਇਸ ਸਮੇਂ ਉਹਨਾਂ ਨੂੰ 'ਇਲਾਹੀ ਗਿਆਨ ਦਾ ਸਾਗਰ ਆਦਿ ਗੁਰੂ ਗ੍ਰੰਥ ਸਾਹਿਬ' ਪੁਸਤਕ ਵੀ ਸਤਿਕਾਰ ਸਹਿਤ ਭੇਂਟ ਕੀਤੀ ਗਈ। ਇਸ ਸਮੇਂ ਬਾਵਾ ਨੇ ਕਿਹਾ ਕਿ ਅੱਜ ਪੰਜਾਬ ਦੇ ਗੌਰਵਮਈ ਇਤਿਹਾਸ ਦੇ ਮਾਲਕ ਮਹਾਰਾਜਾ ਰਿਪੁਦਮਨ ਸਿੰਘ ਦੇ ਪਰਿਵਾਰ ਦੇ ਮੈਂਬਰਾਂ ਨੂੰ ਮਿਲ ਕੇ ਅਤਿਅੰਤ ਖ਼ੁਸ਼ੀ ਅਤੇ ਸਕੂਨ ਮਿਲਿਆ ਹੈ। ਉਹਨਾਂ ਕਿਹਾ ਕਿ ਮਹਾਰਾਜਾ ਰਿਪੁਦਮਨ ਸਿੰਘ ਨੇ ਅੰਗਰੇਜ਼ ਹਕੂਮਤ ਨਾਲ ਟੱਕਰ ਲੈ ਕੇ ਵਾਹਿਗੁਰੂ ਦਾ ਓਟ ਆਸਰਾ ਲੈਂਦਿਆਂ ਵਿਲੱਖਣ ਇਤਿਹਾਸ ਰਚਿਆ ਜਿਸ ਦਾ ਸਿੱਖ ਜਗਤ ਵਿੱਚ ਅਥਾਹ ਸਤਿਕਾਰ ਹੈ। ਉਹਨਾਂ ਕਿਹਾ ਕਿ ਮਹਾਰਾਜਾ ਰਿਪੁਦਮਨ ਸਿੰਘ ਨੇ ਰਾਜ ਤਿਲਕ ਦੀ ਰਸਮ ਅੰਗਰੇਜ਼ ਹਕੂਮਤ ਦੇ ਜੋਰਜ ਪੰਚਮ ਤੋਂ ਕਰਵਾਉਣ ਦੀ ਬਜਾਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਨਿਭਾਈ ਅਤੇ ਅੰਗਰੇਜ਼ਾਂ ਅੱਗੇ ਸਿਰ ਨਾ ਝੁਕਾਉਂਦੇ ਹੋਏ ਸਿਰਫ ਫਤਿਹ ਬੁਲਾਈ ਜੋ ਹਕੂਮਤ ਨੂੰ ਚੰਗਾ ਨਾ ਲੱਗਿਆ। ਇਸ ਸਮੇਂ ਬਾਵਾ ਨੇ ਦੱਸਿਆ ਕਿ ਵਿੱਦਿਆ ਦੇ ਖੇਤਰ ਵਿਚ ਵੀ ਮਹਾਰਾਜਾ ਰਿਪੁਦਮਨ ਸਿੰਘ ਦਾ ਵਿਸ਼ੇਸ਼ ਯੋਗਦਾਨ ਰਿਹਾ।




# ਜੀਸਸ ਸੇਕਰਡ ਹਾਰਟ ਸਕੂਲ ਨੇ ਫੈਂਟਸੀ ਵਰਲਡ ਵਿੱਚ ਜਾਦੂਈ LKG ਮਾਨਤਾ ਦਿਵਸ ਮਨਾਇਆ

ਜ਼ਿਕਰ ਪੰਜਾਬ

**ਲੁਧਿਆਣਾ/ਬਿਊਰੋ**

ਜੀਸਸ ਸੈਕਰਡ ਹਾਰਟ ਸਕੂਲ, ਸਾਊਥ ਸਿਟੀ, ਲੁਧਿਆਣਾ ਨੇ ਫੈਂਟਸੀ ਵਰਲਡ ਦੇ ਮਨਮੋਹਕ ਥੀਮ ਦੇ ਤਹਿਤ ਆਪਣੇ ਮਨਮੋਹਕ ਐਲਕੇਜੀ ਮਾਨਤਾ ਦਿਵਸ ਦੀ ਮੇਜ਼ਬਾਨੀ ਕੀਤੀ, ਜਿੱਥੇ ਨੌਜਵਾਨ ਸਿਖਿਆਰਥੀਆਂ ਨੇ ਬੇਅੰਤ ਕਲਪਨਾ ਅਤੇ ਜੋਸ਼ੀਲੇ ਉਤਸ਼ਾਹ ਨਾਲ ਚਕਾਚੌਂਧ ਕੀਤਾ। ਇਹ ਪ੍ਰੋਗਰਾਮ ਰਾਧਾ-ਕ੍ਰਿਸ਼ਨ ਨੂੰ ਸਮਰਪਿਤ ਇੱਕ ਰੂਹਾਨੀ ਵੰਦਨਾ ਨਾਲ ਸ਼ੁਰੂ ਹੋਇਆ, ਜਿਸ ਨੇ ਆਡੀਟੋਰੀਅਮ ਨੂੰ ਇੱਕ ਸ਼ਾਂਤ, ਸ਼ੁਭ ਮਾਹੌਲ ਵਿੱਚ ਘੇਰ ਲਿਆ ਜਿਸਨੇ ਇੱਕ ਪ੍ਰੇਰਨਾਦਾਇਕ ਸੁਰ ਸਥਾਪਤ ਕੀਤੀ। ਇਹ ਮਨਮੋਹਕ ਫੈਂਟਸੀ ਵਰਲਡ ਪੇਸ਼ਕਾਰੀ ਵਿੱਚ ਸਹਿਜੇ ਹੀ ਵਹਿ ਗਿਆ, ਕਿਉਂਕਿ ਐਲਕੇਜੀ ਦੇ ਵਿਦਿਆਰਥੀਆਂ ਨੇ ਇੱਕ-ਇੱਕ ਕਰਕੇ ਸਟੇਜ 'ਤੇ ਆਪਣੀ ਸ਼ਾਨਦਾਰ ਰਚਨਾਵਾਂ ਸਾਂਝੀਆਂ ਕੀਤੀਆਂ: ਪੌਪਕੌਰਨ ਸਨੋਫਾਲ, ਪੀਜ਼ਾ ਪਲੈਨੇਟ, ਬਾਰਬੀ ਪੈਰਾਡਾਈਜ਼, ਡੌਲ ਹਾਊਸ, ਮੈਜੀਕਲ ਕਾਰਪੇਟ ਬੱਬਲ ਗਮ ਬੈਲੂਨ, ਅਤੇ ਫਲਾਇੰਗ ਮੈਜੀਕਲ ਜਰਨੀ ਟਰੇਨ। ਉਨ੍ਹਾਂ ਦੇ ਬੋਲਚਾਲ ਵਾਲੇ ਬਿਰਤਾਂਤਾਂ ਨੇ ਸਾਰਿਆਂ ਨੂੰ ਸ਼ੁੱਧ ਕਲਪਨਾ ਅਤੇ ਸਿਰਜਣਾਤਮਕਤਾ ਦੇ ਖੇਤਰ ਵਿੱਚ ਪਹੁੰਚਾ ਦਿੱਤਾ। ਜੀਵੰਤਤਾ ਦਾ ਇੱਕ ਵਿਸਫੋਟ ਜੋੜਦੇ ਹੋਏ, ਬੱਚਿਆਂ ਨੇ ਇੱਕ ਇਲੈਕਟਰੀਕਲ ਵੈਸਟਰਨ ਡਾਂਸ ਪ੍ਰਦਰਸ਼ਨ, ਉਨ੍ਹਾਂ ਦੀਆਂ ਸਮਕਾਲੀ ਚਾਲਾਂ ਅਤੇ ਖੁਸ਼ੀ ਭਰੇ ਪ੍ਰਗਟਾਵੇ ਪੇਸ਼ ਕੀਤੇ ਜੋ ਤਾੜੀਆਂ ਅਤੇ ਤਾੜੀਆਂ ਦੀ ਗੂੰਜ ਨੂੰ ਜਗਾਉਂਦੇ ਸਨ। ਜਸ਼ਨ ਦਾ ਸਿਖਰ ਸਰਟੀਫਿਕੇਟ ਵੰਡ ਸਮਾਰੋਹ ਸੀ, ਜਿੱਥੇ ਡਾਇਰੈਕਟਰ ਪਵਨਦੀਪ ਸਿੰਘ ਅਤੇ ਸਿਮਰਨ ਕੌਰ ਨੇ ਪ੍ਰਿੰਸੀਪਲ ਕੀਰਤੀ ਸ਼ਰਮਾ ਦੇ ਨਾਲ ਹਰੇਕ ਵਿਦਿਆਰਥੀ ਦਾ ਸਨਮਾਨ ਕੀਤਾ। ਨਿੱਘ ਅਤੇ ਮਾਣ ਨਾਲ, ਉਨ੍ਹਾਂ ਨੇ ਗਰਜਦੇ ਤਾੜੀਆਂ ਦੇ ਵਿਚਕਾਰ ਵਿਅਕਤੀਗਤ ਗੁਣਾਂ, ਵਿਲੱਖਣ ਵਿਸ਼ੇਸ਼ਣਾਂ, ਅਤੇ ਅਸਧਾਰਨ ਵਿਸ਼ੇਸ਼ਤਾਵਾਂ - ਜਿਵੇਂ ਕਿ ਰਚਨਾਤਮਕਤਾ, ਦਿਆਲਤਾ ਅਤੇ ਉਤਸੁਕਤਾ - ਨੂੰ ਮਾਨਤਾ ਦੇਣ ਵਾਲੇ ਸਰਟੀਫਿਕੇਟ ਪੇਸ਼ ਕੀਤੇ। ਇਸ ਦਿਲੋਂ ਕੀਤੇ ਗਏ ਇਸ਼ਾਰੇ ਨੇ ਸਕੂਲ ਦੀ ਹਰੇਕ ਬੱਚੇ ਦੀ ਵੱਖਰੀ ਸਮਰੱਥਾ ਨੂੰ ਪਾਲਣ-ਪੋਸ਼ਣ ਕਰਨ ਦੀ ਵਚਨਬੱਧਤਾ ਨੂੰ ਉਜਾਗਰ ਕੀਤਾ। ਡਾਇਰੈਕਟਰ ਪਵਨਦੀਪ ਸਿੰਘ ਨੇ ਬੱਚਿਆਂ ਦੀ ਚਤੁਰਾਈ ਦੀ ਪ੍ਰਸ਼ੰਸਾ ਕੀਤੀ, ਜਦੋਂ ਕਿ ਪ੍ਰਿੰਸੀਪਲ ਕੀਰਤੀ ਸ਼ਰਮਾ ਨੇ ਟਿੱਪਣੀ ਕੀਤੀ, ਅਸੀਂ ਆਪਣੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ 'ਤੇ ਮਾਣ ਨਾਲ ਚਮਕਦੇ ਹਾਂ ਅਤੇ ਆਤਮਵਿਸ਼ਵਾਸੀ, ਹਮਦਰਦ ਟ੍ਰੇਲਬਲੇਜ਼ਰ ਬਣਨ ਵੱਲ ਉਨ੍ਹਾਂ ਦੇ ਸਫ਼ਰ ਦੀ ਉਤਸੁਕਤਾ ਨਾਲ ਉਡੀਕ ਕਰਦੇ ਹਾਂ। ਉਤਸ਼ਾਹਿਤ ਮਾਪਿਆਂ ਅਤੇ ਉਤਸ਼ਾਹਿਤ ਫੈਕਲਟੀ ਦੇ ਇਕੱਠ ਨੇ ਖੁਸ਼ੀ ਭਰੇ ਮਾਹੌਲ ਨੂੰ ਵਧਾ ਦਿੱਤਾ। ਇਸ ਮੀਲ ਪੱਥਰ ਸਮਾਗਮ ਨੇ ਨਾ ਸਿਰਫ਼ ਐਲਕੇਜੀ ਸਿਤਾਰਿਆਂ ਦੀ ਪ੍ਰਤਿਭਾ ਅਤੇ ਸੁਪਨਿਆਂ ਨੂੰ ਉਜਾਗਰ ਕੀਤਾ, ਸਗੋਂ ਖੇਡ, ਪ੍ਰਗਟਾਵੇ ਅਤੇ ਮਾਨਤਾ ਰਾਹੀਂ ਸੰਪੂਰਨ ਵਿਕਾਸ ਨੂੰ ਉਤਸ਼ਾਹਿਤ ਕਰਨ ਦੇ ਸਕੂਲ ਦੇ ਸਿਧਾਂਤ ਨੂੰ ਵੀ ਮਜ਼ਬੂਤ ਕੀਤਾ।



# ਯੂ.ਪੀ. ਨਿਵਾਸੀ ਸਮੇਤ ਸੰਗਠਿਤ ਨਸ਼ਾ ਨੈੱਟਵਰਕ ਨਾਲ ਜੁੜੇ ਦੋ ਵਿਅਕਤੀ ਗੁਰਦਾਸਪੁਰ ਤੋਂ ਗ੍ਰਿਫ਼ਤਾਰ

## 11 ਕਿਲੋ ਹੈਰੋਇਨ, 5.7 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ

ਜ਼ਿਕਰ ਪੰਜਾਬ

**ਗੁਰਦਾਸਪੁਰ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਚਲਾਈ ਜਾ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਦਰਜ ਕਰਦਿਆਂ ਗੁਰਦਾਸਪੁਰ ਪੁਲਿਸ ਨੇ ਦੋ ਸੰਗਠਿਤ ਨਸ਼ਾ ਨੈੱਟਵਰਕਾਂ ਦੇ 2 ਕਾਰਕੁੰਨਾਂ ਨੂੰ 11 ਕਿਲੋ ਹੈਰੋਇਨ ਅਤੇ 5.75 ਲੱਖ ਰੁਪਏ ਦੀ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕਰਕੇ, ਇਨ੍ਹਾਂ ਗਿਰੋਹਾਂ ਦਾ ਪਰਦਾਫਾਸ਼ ਕੀਤਾ ਹੈ । ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਉੱਤਰ ਪ੍ਰਦੇਸ਼ ਵਿੱਚ ਮੁਜ਼ੱਫ਼ਰਨਗਰ ਦੇ ਕਾਸਿਮਪੁਰ ਦੇ ਰਹਿਣ ਵਾਲੇ ਮੁਹੰਮਦ ਵਸੀਮ ਅਤੇ ਅੰਮ੍ਰਿਤਸਰ ਦੇ ਵਸਨੀਕ ਹਰਸ਼ਦੀਪ ਸਿੰਘ ਉਰਫ਼ ਹਰਸ਼ ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਹੈਰੋਇਨ ਅਤੇ ਡਰੱਗ ਮਨੀ ਬਰਾਮਦ ਕਰਨ ਤੋਂ ਇਲਾਵਾ ਦੋਸ਼ੀਆਂ ਦੀ ਚਿੱਟੇ ਰੰਗ ਦੀ ਹੌਂਡਾ ਸਿਟੀ ਕਾਰ (ਆਰ.ਜੇ. 45 ਸੀਆਰ 2918) ਅਤੇ ਹੁੰਡਈ ਵਰਨਾ ਕਾਰ (ਸੀ ਐਚ 01ਏ. ਜ਼ੈਡ. 0888) ਵੀ ਜ਼ਬਤ ਕੀਤੀ ਹੈ, ਜਿਸਦੀ ਵਰਤੋਂ ਉਹ ਨਸ਼ੀਲੇ ਪਦਾਰਥਾਂ ਦੀ ਤਸਕਰੀ ਲਈ ਕਰਦੇ ਸਨ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਭਾਰਤ ਵਿੱਚ ਆਪਣੇ ਹੈਂਡਲਰਾਂ ਰਾਹੀਂ ਪਾਕਿਸਤਾਨ ਸਥਿਤ ਹੈਂਡਲਰਾਂ ਨਾਲ ਸੰਪਰਕ ਵਿੱਚ ਸਨ। ਉਨ੍ਹਾਂ ਕਿਹਾ ਕਿ ਨੈੱਟਵਰਕ ਦੇ ਅਗਲੇ- ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ। ਪਹਿਲੇ ਕੇਸ ਸਬੰਧੀ ਨਗਰ ਵਿੱਚ ਪਨਿਆਰ ਸ਼ੂਗਰ ਮਿੱਲ ਨੇੜੇ ਨਾਕੇ 'ਤੇ ਗ੍ਰਿਫ਼ਤਾਰ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਉਸਦੀ ਹੌਂਡਾ ਸਿਟੀ ਕਾਰ ਦੀ ਤਲਾਸ਼ੀ ਦੌਰਾਨ, ਛੇ ਪੈਕੇਟਾਂ ਵਿੱਚ ਪੈਕ ਕੀਤੀ ਹੈਰੋਇਨ, ਜਿਸ ਦਾ ਵਜ਼ਨ 3 ਕਿਲੋ ਸੀ ਅਤੇ 2.25 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ



ਵੇਰਵੇ ਸਾਂਝੇ ਕਰਦਿਆਂ ਸੀਨੀਅਰ ਪੁਲਿਸ ਸੁਪਰਡੈਂਟ (ਐਸਐਸਪੀ) ਗੁਰਦਾਸਪੁਰ ਆਦਿੱਤਿਆ ਨੇ ਕਿਹਾ ਕਿ ਖੁਫੀਆ ਜਾਣਕਾਰੀ 'ਤੇ ਕਾਰਵਾਈ ਕਰਦਿਆਂ ਦੋਸ਼ੀ ਹਰਸ਼ਦੀਪ ਹਰਸ਼ ਨੂੰ ਗੁਰਦਾਸਪੁਰ ਦੇ ਪਿੰਡ ਚਿੱਟੀ ਨੇੜਿਓਂ 8 ਕਿਲੋ ਹੈਰੋਇਨ ਅਤੇ 3.5 ਲੱਖ ਰੁਪਏ ਦੀ ਡਰੱਗ ਮਨੀ ਨਾਲ ਗ੍ਰਿਫ਼ਤਾਰ ਕੀਤਾ ਗਿਆ ਸੀ, ਜਦੋਂ ਉਹ ਆਪਣੀ ਵਰਨਾ ਕਾਰ ਵਿੱਚ ਹੈਰੋਇਨ ਦੀ ਖੇਪ ਡਿਲੀਵਰੀ ਕਰਨ ਜਾ ਰਿਹਾ ਸੀ। ਐਸ.ਐਸ.ਪੀ. ਨੇ ਦੱਸਿਆ ਕਿ ਇਸੇ ਤਰ੍ਹਾਂ ਦੀ ਇੱਕ ਹੋਰ ਕਾਰਵਾਈ ਵਿੱਚ, ਦੋਸ਼ੀ ਮੁਹੰਮਦ ਵਸੀਮ ਨੂੰ ਦੀਨਾ ਗਈ। ਉਨ੍ਹਾਂ ਕਿਹਾ ਕਿ ਹੋਰ ਜਾਂਚ ਜਾਰੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਹੋਣ ਦੀ ਸੰਭਾਵਨਾ ਹੈ। ਇਸ ਸਬੰਧ ਵਿੱਚ, ਦੋ ਵੱਖ-ਵੱਖ ਮਾਮਲੇ - ਐਫ.ਆਈ.ਆਰ. ਨੰਬਰ 32 ਮਿਤੀ 7 ਫਰਵਰੀ, 2026 ਨੂੰ ਐਨਡੀਪੀਐਸ ਐਕਟ ਦੀ ਧਾਰਾ 21ਸੀ ਅਤੇ 27ਏ ਅਧੀਨ ਥਾਣਾ ਦੀਨਾਨਗਰ ਵਿਖੇ ਅਤੇ ਐਫ.ਆਈ.ਆਰ. ਨੰਬਰ 11 ਮਿਤੀ 7 ਫਰਵਰੀ, 2026 ਨੂੰ ਐਨ.ਡੀ.ਪੀ.ਐਸ. ਐਕਟ ਦੀ ਧਾਰਾ 21ਸੀ ਅਤੇ 27ਏ ਅਧੀਨ ਥਾਣਾ ਦੋਰੰਗਲਾ ਵਿਖੇ ਦਰਜ ਕੀਤੇ ਗਏ ਹਨ।

## ਸੇਂਟ ਸੋਲਜਰ ਦੇ ਐਮ.ਡੀ. ਡਾ. ਕਿਸ਼ਨਪੁਰੀ ਤੇ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਸਨਮਾਨਿਤ



ਜ਼ਿਕਰ ਪੰਜਾਬ

**ਜੰਡਿਆਲਾ ਗੁਰੂ/ਸਤਿੰਦਰ ਸਿੰਘ ਅਠਵਾਲ**

ਭਾਰਤ ਓਲੰਪੀਆਡ ਫਾਊਂਡੇਸ਼ਨ ਅਤੇ ਸੀਈਡੀ ਵੱਲੋਂ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਨੂੰ ਲਗਾਤਾਰ ਦੂਜੀ ਵਾਰ 5++ ਸਟਾਰ ਨਾਲ ਸਨਮਾਨਿਤ ਕੀਤਾ ਗਿਆ । ਦਿੱਲੀ ਦੇ ਹੋਲੀਡੇ ਇਨ ਮਿਊਰ ਵਿਹਾਰ ਵਿੱਚ ਕੀਤੇ ਗਏ ਇੱਕ ਸ਼ਾਨਦਾਰ ਸਮਾਗਮ ਵਿੱਚ ਸੇਂਟ ਸੋਲਜਰ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਅਤੇ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਨੂੰ 5 ++ ਪਲਸ ਸਟਾਰ ਸਕੂਲ ਅਵਾਰਡ ਦੇ ਕੇ ਸਨਮਾਨਿਤ ਕੀਤਾ। ਜਦੋਂ ਇਹ ਐਵਾਰਡ ਸਕੂਲ ਵਿੱਚ ਪਹੁੰਚਿਆ ਤਾਂ ਸਕੂਲ ਦੇ ਬੱਚਿਆਂ ਅਤੇ ਸਟਾਫ ਨੇ ਤਾੜੀਆਂ ਦੀ ਗੂੰਜ ਨਾਲ ਖੁਸ਼ੀ ਦਾ ਇਜ਼ਹਾਰ ਕੀਤਾ।ਇਸ ਅਵਾਰਡ ਨੂੰ ਹਾਸਲ ਕਰਨ ਵਿੱਚ ਸਕੂਲ ਦੇ ਵਿਦਿਆਰਥੀਆਂ ਅਤੇ ਸਕੂਲ ਦੇ ਕੋਆਰਡੀਨੇਟਰ ਸ਼੍ਰੀਮਤੀ ਸ਼ਿਲਪਾ ਸ਼ਰਮਾ ਜੀ ਦਾ ਮਹੱਤਵਪੂਰਨ ਯੋਗਦਾਨ ਰਿਹਾ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ਼੍ਰੀਮਤੀ ਗੁਰਪ੍ਰੀਤ ਕੌਰ, ਨੀਲਾਕਸ਼ੀ ਗੁਪਤਾ ਕੋਆਰਡੀਨੇਟਰ ਸ਼ਿਲਪਾ ਸ਼ਰਮਾ ਕੋਆਰਡੀਨੇਟਰ ਸਮੂਹ ਸਟਾਫ ਅਤੇ ਬੱਚੇ ਹਾਜਰ ਸਨ।

# ਐਨਆਈਟੀਟੀਟੀਆਰ ਚੰਡੀਗੜ੍ਹ ਵਿਖੇ ਰਾਸ਼ਟਰੀ ਸੈਮੀਨਾਰ ਦਾ ਸ਼ਾਨਦਾਰ ਉਦਘਾਟਨ

## ਐਨਈਪੀ 2020 ਦੇ ਪ੍ਰਭਾਵਸ਼ਾਲੀ ਲਾਗੂਕਰਨ ਵੱਲ ਮਹੱਤਵਪੂਰਨ ਪਹਿਲਕਦਮੀਆਂ

ਜ਼ਿਕਰ ਪੰਜਾਬ

**ਚੰਡੀਗੜ੍ਹ/ਬਿਊਰੋ**

ਦੋ-ਰੋਜ਼ਾ ਰਾਸ਼ਟਰੀ ਸੈਮੀਨਾਰ, ਐਨਈਪੀ 2020 ਲਾਗੂਕਰਨ ਯਾਤਰਾ: ਭਵਿੱਖ ਲਈ ਟਿਕਾਊ ਮਾਰਗਾਂ ਦਾ ਨਿਰਮਾਣ ਦਾ ਉਦਘਾਟਨ 7 ਫਰਵਰੀ, 2026 ਨੂੰ ਐਨ ਆਈ ਟੀ ਟੀ ਆਰ, ਚੰਡੀਗੜ੍ਹ ਵਿਖੇ ਕੀਤਾ ਗਿਆ ਸੀ। ਇਹ ਸੈਮੀਨਾਰ ਆਲ ਇੰਡੀਆ ਨੈਸ਼ਨਲ ਐਜੂਕੇਸ਼ਨਲ ਫੈਡਰੇਸ਼ਨ (ਏਬੀਆਰਐਸਐਮ) ਦੀ ਇਕਾਈ, ਏਬੀਆਰਐਸਐਮ ਨੈਸ਼ਨਲ ਟੈਕਨਾਲੋਜੀ ਟੀਚਰਜ਼ ਫੋਰਮ (ਏ ਬੀ ਆਰ ਐਸ ਐਮ-ਐਨਆਈਟੀਟੀਐਫ) ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ ਸੀ। ਏਬੀਆਰਐਸਐਮ ਦੇ ਪ੍ਰਧਾਨ, ਪ੍ਰੋ. ਨਾਰਾਇਣ ਲਾਲ ਗੁਪਤਾ ਮੁੱਖ ਮਹਿਮਾਨ ਸਨ ਅਤੇ ਉਦਘਾਟਨੀ ਸੈਸ਼ਨ ਵਿੱਚ ਮੁੱਖ ਭਾਸ਼ਣ ਦਿੱਤਾ। ਪ੍ਰੋਗਰਾਮ ਵਿੱਚ ਸ਼੍ਰੀ ਮਹਿੰਦਰ ਕਪੂਰ (ਰਾਸ਼ਟਰੀ ਸੰਗਠਨ ਸਕੱਤਰ, ਏ ਬੀ ਆਰ ਐਸ ਐਮ), ਸ਼੍ਰੀ ਗੁੰਥਾ ਲਕਸ਼ਮਣ (ਰਾਸ਼ਟਰੀ ਸਹਿ-ਸੰਗਠਨ ਸਕੱਤਰ, ਏਬੀਆਰਐਸਐਮ), ਪ੍ਰੋ. ਐਮ.ਕੇ. ਸ਼੍ਰੀਮਾਲੀ (ਕਨਵੀਨਰ, ਏ ਬੀ ਆਰ ਐਸ ਐਮ-ਐਨ ਆਈ ਟੀ ਟੀ ਐਫ), ਪ੍ਰੋ. ਰਾਜੇਸ਼ਵਰ ਸਿੰਘ ਬੰਸਤੂ (ਸਹਿ-ਕਨਵੀਨਰ, ਏ ਬੀ ਆਰ ਐਸ ਐਮ-ਐਨ ਆਈ ਟੀ ਟੀ ਐਫ) ਅਤੇ ਪ੍ਰੋ. ਵਿਨੋਦ ਕਨੌਜੀਆ, ਡਾਇਰੈਕਟਰ, ਡਾ. ਬੀ.ਆਰ. ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ, ਜਲੰਧਰ ਸਮੇਤ ਕਈ ਪਤਵੰਤੇ ਮੌਜੂਦ ਸਨ। ਦੇਸ਼ ਭਰ ਦੇ ਵੱਖ-ਵੱਖ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ ਅਤੇ ਹੋਰ ਕੇਂਦਰੀ ਫੰਡ ਪ੍ਰਾਪਤ ਸੰਸਥਾਵਾਂ ਦੇ ਲਗਭਗ 40 ਫੈਕਲਟੀ ਮੈਂਬਰਾਂ ਨੇ ਸਿੰਪੋਜ਼ੀਅਮ ਵਿੱਚ ਹਿੱਸਾ ਲਿਆ। ਐਨ ਆਈ ਟੀ ਟੀ ਟੀ ਆਰ, ਚੰਡੀਗੜ੍ਹ ਦੇ ਡਾਇਰੈਕਟਰ, ਪ੍ਰੋ. ਬੀ.ਆਰ. ਗੁਰਜਰ ਨੇ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਰਾਸ਼ਟਰੀ



ਸਿੱਖਿਆ ਨੀਤੀ 2020 ਦੀ ਮਹੱਤਤਾ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਤਕਨੀਕੀ ਸਿੱਖਿਆ ਵਿੱਚ ਡਿਜੀਟਲ ਅਤੇ ਉੱਭਰ ਰਹੀਆਂ ਤਕਨਾਲੋਜੀਆਂ, ਨਵੀਨਤਾ-ਅਧਾਰਤ ਮੁਲਾਂਕਣ ਅਤੇ ਪ੍ਰੀਖਿਆ ਪ੍ਰਣਾਲੀਆਂ, ਅਤੇ ਸਿੱਖਿਆ-ਸਿਖਲਾਈ ਪ੍ਰਕਿਰਿਆਵਾਂ ਵਿੱਚ ਨਵੀਨਤਾ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਐਨਈਪੀ 2020 ਦੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਸਹਿਯੋਗੀ ਯਤਨਾਂ ਦੀ ਜ਼ਰੂਰਤ 'ਤੇ ਵੀ ਜ਼ੋਰ ਦਿੱਤਾ। ਆਪਣੇ ਸੰਬੋਧਨ ਵਿੱਚ, ਪ੍ਰੋ. ਨਾਰਾਇਣ ਲਾਲ ਜੀ. ਗੁਪਤਾ ਨੇ ਕਿਹਾ ਕਿ ਐਨਈਪੀ 2020 21ਵੀਂ ਸਦੀ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਇੱਕ ਦੂਰਦਰਸ਼ੀ ਨੀਤੀ ਹੈ। ਉਨ੍ਹਾਂ ਨੇ ਨੀਤੀ ਅਤੇ ਅਭਿਆਸ ਪੱਧਰਾਂ 'ਤੇ, ਇੰਜੀਨੀਅਰਿੰਗ ਅਤੇ ਤਕਨੀਕੀ ਸਿੱਖਿਆ ਨੂੰ ਮਨੁੱਖਤਾ ਅਤੇ ਸਮਾਜਿਕ ਵਿਗਿਆਨ ਨਾਲ ਜੋੜਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਅਕਾਦਮਿਕ ਸਥਿਰਤਾ, ਸੰਸਥਾਗਤ ਸਥਿਰਤਾ ਅਤੇ ਰਾਸ਼ਟਰੀ ਸਥਿਰਤਾ ਵਰਗੇ ਵਿਸ਼ਿਆਂ 'ਤੇ ਵਿਸਤ੍ਰਿਤ ਸੂਝ ਵੀ ਪੇਸ਼ ਕੀਤੀ। ਇਹ ਦੋ-ਰੋਜ਼ਾ ਸਿੰਪੋਜ਼ੀਅਮ ਇੱਕ ਸਰਗਰਮ ਅਕਾਦਮਿਕ ਪਲੇਟਫਾਰਮ ਵਜੋਂ ਕੰਮ ਕਰੇਗਾ ਜਿੱਥੇ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ ਅਤੇ ਹੋਰ ਕੇਂਦਰੀ ਤੌਰ 'ਤੇ ਫੰਡ ਪ੍ਰਾਪਤ ਸੰਸਥਾਵਾਂ ਦੇ ਨੇਤਾ ਅਤੇ ਫੈਕਲਟੀ ਐਨਈਪੀ 2020 ਦੇ ਲਾਗੂ ਕਰਨ ਨਾਲ ਸਬੰਧਤ ਅਨੁਭਵ, ਨਵੀਨਤਾਵਾਂ ਅਤੇ ਵਧੀਆ ਅਭਿਆਸਾਂ ਨੂੰ ਸਾਂਝਾ ਕਰਨਗੇ।

ਹਫਤਾਵਾਰੀ 'ਜ਼ਿਕਰ ਪੰਜਾਬ' ਅਖ਼ਬਾਰ ਵਿੱਚ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਛਪਣਯੋਗ ਸਮੱਗਰੀ ਛਪਵਾਉਣ ਲਈ

ਸੰਪਰਕ:-
9815024577
E-mail:
zikarpunjab44@gmail.com

## ਕਲਾਸੀਫਾਈਡ

- ਵਿਵੇਕ ਟਰੇਡਜ ਆਲਮਗੀਰ ਲੁਧਿਆਣਾ ਨੂੰ ਗਡਾਊਨ ਇੰਚਾਰਜ ਅਕਾਊਂਟ ਚਾਹੀਏ। ਰਹਿਣਾ ਖਾਣਾ ਫ਼ਰੀ 98724 15015
- ਵਿਵੇਕ ਟਰੇਡਜ ਆਲਮਗੀਰ ਲੁਧਿਆਣਾ ਨੂੰ ਹੈਵੀ ਲਾਈਸੰਸ ਡਰਾਈਵਰ ਖਾਣਾ ਬਣਾਉਣ ਲਈ ਕੁੱਕ ਚਾਹੀਏ। 85284 13 854
- ਜੱਟ ਸਿੱਖ Govt. Teacher ਲੜਕੀ 1999/5-6" ਲਈ Well Education ਲੜਕੇ ਦੀ ਲੋੜ : 6283033863




# ਭਾਰਤ ਨੇ 6ਵੀਂ ਵਾਰ ਜਿੱਤਿਆ ਅੰਡਰ-19 ਵਰਲਡ ਕੱਪ

ਜ਼ਿਕਰ ਪੰਜਾਬ

**ਨਵੀਂ ਦਿੱਲੀ** : ਭਾਰਤੀ ਅੰਡਰ-19 ਕ੍ਰਿਕਟ ਟੀਮ ਨੇ ਸ਼ੁੱਕਰਵਾਰ ਨੂੰ ਇੰਗਲੈਂਡ ਨੂੰ 100 ਦੌੜਾਂ ਨਾਲ ਹਰਾ ਕੇ ਛੇਵੀਂ ਵਾਰ ਵਿਸ਼ਵ ਕੱਪ ਦਾ ਖਿਤਾਬ ਆਪਣੇ ਨਾਮ ਕਰ ਲਿਆ ਹੈ। ਹਰਾਰੇ ਸਪੋਰਟਸ ਕਲੱਬ ਵਿੱਚ ਖੇਡੇ ਗਏ ਇਸ ਫਾਈਨਲ ਮੁਕਾਬਲੇ ਵਿੱਚ ਭਾਰਤ ਨੇ ਟਾਸ ਜਿੱਤ ਕੇ ਪਹਿਲਾਂ ਬੱਲੇਬਾਜ਼ੀ ਕਰਦਿਆਂ 50 ਓਵਰਾਂ ਵਿੱਚ 9 ਵਿਕਟਾਂ ਦੇ ਨੁਕਸਾਨ 'ਤੇ 411 ਦੌੜਾਂ ਦਾ ਵਿਸ਼ਾਲ ਸਕੋਰ ਖੜ੍ਹਾ ਕੀਤਾ। ਭਾਰਤ ਦੀ ਇਸ ਜਿੱਤ ਦਾ ਸਭ ਤੋਂ ਵੱਡਾ ਹੀਰੋ 14 ਸਾਲਾ ਵੈਭਵ ਸੂਰਿਆਵੰਸ਼ੀ ਰਿਹਾ, ਜਿਸ ਨੇ ਮਹਿਜ਼ 80 ਗੇਂਦਾਂ ਵਿੱਚ 175 ਦੌੜਾਂ ਦੀ ਧਮਾਕੇਦਾਰ ਪਾਰੀ ਖੇਡੀ। ਵੈਭਵ ਨੇ ਆਪਣੀ ਪਾਰੀ ਵਿੱਚ 15 ਚੌਕੇ ਅਤੇ 15 ਛੱਕੇ ਜੜੇ, ਜਿਸ ਨਾਲ ਇੰਗਲੈਂਡ ਦੇ ਗੇਂਦਬਾਜ਼ ਬੇਵੱਸ ਨਜ਼ਰ ਆਏ। 412 ਦੌੜਾਂ ਦੇ ਵੱਡੇ ਟੀਚੇ ਦਾ ਪਿੱਛਾ ਕਰਨ ਉਤਰੀ ਇੰਗਲੈਂਡ ਦੀ ਟੀਮ 40.2 ਓਵਰਾਂ ਵਿੱਚ 311 ਦੌੜਾਂ 'ਤੇ ਸਿਮਟ ਗਈ। ਹਾਲਾਂਕਿ ਇੰਗਲੈਂਡ ਦੇ ਕਾਲੇਬ ਫਾਕਨਰ ਨੇ 115 ਦੌੜਾਂ ਬਣਾ ਕੇ ਲੜਾਈ ਲੜਨ ਦੀ ਕੋਸ਼ਿਸ਼ ਕੀਤੀ, ਪਰ ਭਾਰਤੀ ਗੇਂਦਬਾਜ਼ਾਂ ਸਾਹਮਣੇ ਉਹ ਜ਼ਿਆਦਾ ਦੇਰ ਟਿਕ ਨਹੀਂ ਸਕੇ। ਭਾਰਤ ਵੱਲੋਂ ਆਰ.ਐਸ. ਅੰਬਰੀਸ਼ ਨੇ ਸਭ ਤੋਂ ਵੱਧ 3 ਵਿਕਟਾਂ




ਲਈਆਂ, ਜਦਕਿ ਦੀਪੇਸ਼ ਦੇਵੇਂਦਰਨ ਅਤੇ ਕਨਿਸ਼ਕ ਚੌਹਾਨ ਨੇ 2-2 ਵਿਕਟਾਂ ਝਟਕਾਈਆਂ। ਇਸ ਸ਼ਾਨਦਾਰ ਜਿੱਤ ਨਾਲ ਭਾਰਤ ਨੇ ਇੱਕ ਵਾਰ ਫਿਰ ਵਿਸ਼ਵ ਕ੍ਰਿਕਟ ਵਿੱਚ ਆਪਣੀ ਸਰਦਾਰੀ ਸਾਬਤ ਕਰ ਦਿੱਤੀ ਹੈ।

### ਬੀਸੀਸੀਆਈ ਨੇ ਖੋਲ੍ਹਿਆ ਕਰੋੜਾਂ ਦਾ ਖਜ਼ਾਨਾ

ਭਾਰਤੀ ਟੀਮ ਨੇ ਸ਼ੁੱਕਰਵਾਰ ਨੂੰ ਰਿਕਾਰਡ ਛੇਵੀਂ ਵਾਰ ਅੰਡਰ-19 ਵਰਲਡ ਕੱਪ ਦਾ ਖ਼ਿਤਾਬ ਜਿੱਤਿਆ। ਆਯੂਸ਼ ਮਹਾਤਰੇ ਦੀ ਅਗਵਾਈ ਵਾਲੀ ਭਾਰਤੀ ਟੀਮ ਨੇ ਹਰਾਰੇ ਵਿੱਚ ਖ਼ਿਤਾਬੀ ਮੁਕਾਬਲੇ ਵਿੱਚ ਇੰਗਲੈਂਡ ਨੂੰ 100 ਦੌੜਾਂ ਨਾਲ ਮਾਤ ਦੇ ਕੇ ਟਰਾਫੀ ਆਪਣੇ ਨਾਂ ਕੀਤੀ। ਭਾਰਤੀ ਕ੍ਰਿਕਟ ਕੰਟਰੋਲ ਬੋਰਡ ਨੇ ਅੰਡਰ-19 ਵਰਲਡ ਕੱਪ ਚੈਂਪੀਅਨ ਟੀਮ ਦੀਆਂ ਖ਼ੁਸ਼ੀਆਂ ਵਿੱਚ ਵਾਧਾ ਕਰਦਿਆਂ 7.5 ਕਰੋੜ ਰੁਪਏ ਦੀ ਇਨਾਮੀ ਰਾਸ਼ੀ ਦਾ ਐਲਾਨ ਕੀਤਾ। ਬੀਸੀਸੀਆਈ ਸਕੱਤਰ ਦੇਵਜੀਤ ਸਾਈਕੀਆ ਨੇ ਟੀਮ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਸ਼ਲਾਘਾ ਕਰਦਿਆਂ ਇਹ ਐਲਾਨ ਕੀਤਾ। ਭਾਰਤ ਦੇ ਖ਼ਿਤਾਬ ਜਿੱਤਣ ਤੋਂ ਬਾਅਦ ਸਾਈਕੀਆ ਨੇ ਕਿਹਾ ਕਿ ਬੋਰਡ ਨੂੰ ਮਾਣ ਹੈ ਕਿ ਕਿਸ ਤਰ੍ਹਾਂ ਨੌਜਵਾਨ ਟੀਮ ਨੇ ਵੱਡੇ ਮੰਚ 'ਤੇ ਦਬਾਅ ਵਿੱਚ ਰਹਿੰਦਿਆਂ ਸ਼ਾਨਦਾਰ ਪ੍ਰਦਰਸ਼ਨ ਕੀਤਾ। ਪੂਰੇ ਦੇਸ਼ ਅਤੇ ਬੀਸੀਸੀਆਈ ਨੂੰ ਆਪਣੀ ਅੰਡਰ-19 ਟੀਮ 'ਤੇ ਅੰਡਰ-19 ਵਰਲਡ ਕੱਪ 2026 ਜਿੱਤਣ ਲਈ ਮਾਣ ਹੈ। ਸਾਡੀ ਟੀਮ ਨੇ ਫਾਈਨਲ ਵਿੱਚ ਜਿਸ ਤਰ੍ਹਾਂ ਇੰਗਲੈਂਡ ਨੂੰ ਹਰਾਇਆ ਅਤੇ ਪੂਰੇ ਟੂਰਨਾਮੈਂਟ ਵਿੱਚ ਅਜੇਤੂ ਰਹੀ, ਸਾਨੂੰ ਸਭ ਨੂੰ ਮਾਣ ਹੈ। ਬੀਸੀਸੀਆਈ ਟੀਮ ਨੂੰ 7.5 ਕਰੋੜ ਰੁਪਏ ਦਾ ਨਕਦ ਪੁਰਸਕਾਰ ਦੇਵੇਗੀ।

